ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ



ਮਾਸਿਕ

# ਸੇਵਾ ਸਰਗਰਮੀਆਂ

ਲੜੀ ਨੰਬਰ 17, ਜੁਲਾਈ 2019 (ਹਾੜ-ਸਾਵਣ ਸੰਮਤ ਨਾਨਕਸ਼ਾਹੀ 551) | ਮੁੱਖ ਸੰਪਾਦਕ : ਬਲਵਿੰਦਰ ਸਿੰਘ ਜੌੜਾਸਿੰਘਾ | ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ | ਫੋਨ : 01832553956-60 | ਈਮੇਲ : sgpcsargarmiya@gmail.com

## ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਾਊਂਟ ਆਬੂ (ਰਾਜਿਸਥਾਨ) ਵਿਖੇ ਵਿਸ਼ਾਲ ਗੁਰਮਤਿ ਸਮਾਗਮ

### ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਕੀਤੀ ਸ਼ਮੂਲੀਅਤ



ਅੰਮ੍ਰਿਤਸਰ, 19 ਜੂਨ- ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਸ਼ਨ ਮਾਊਂਟ ਆਬੂ (ਰਾਜਿਸਥਾਨ) ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਥਾਨਕ ਗੁਰਦੁਆਰਾ ਕਮੇਟੀ ਅਤੇ ਸੰਗਤਾਂ ਦੇ ਸਾਂਝੇ ਉੱਦਮ ਨਾਲ ਹੋਏ ਇਸ ਸਮਾਗਮ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।

ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪਹਿਲੇ ਪਾਤਸ਼ਾਹ ਜੀ ਦਾ 550ਵਾਂ ਪ੍ਰਕਾਸ਼ ਪੁਰਬ ਕੌਮੀ ਇਕਜੁਟਤਾ ਨਾਲ ਮਨਾਉਣ ਦਾ ਸੱਦਾ ਦਿੱਤਾ। ਉਨ੍ਹਾਂ ਆਖਿਆ ਕਿ ਇਸ ਇਤਿਹਾਸਕ ਮੌਕੇ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਪ੍ਰਚਾਰਨ ਅਤੇ ਸਿੱਖੀ ਦੀ ਚੜ੍ਹਦੀ ਕਲਾ ਦੇ ਪ੍ਰਗਟਾਅ ਨੂੰ ਦੁਨੀਆਂ ਅੰਦਰ ਹੋਰ ਫੈਲਾਉਣ ਲਈ ਸਾਰਿਆਂ ਨੂੰ ਸਾਂਝੇ ਯਤਨ ਕਰਨੇ ਚਾਹੀਦੇ ਹਨ। ਭਾਈ ਲੌਂਗੋਵਾਲ ਨੇ ਮਾਊਂਟ ਆਬੂ ਦੀਆਂ ਸੰਗਤਾਂ ਵੱਲੋਂ ਗੁਰਮਤਿ ਸਮਾਗਮ ਵਿਚ ਵੱਡੀ ਗਿਣਤੀ ਵਿਚ ਹਾਜ਼ਰੀ ਭਰਨ ਦੀ ਪ੍ਰਸ਼ੰਸਾ ਕੀਤੀ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਅਜਿਹੇ ਗੁਰਮਤਿ ਸਮਾਗਮ ਸਮੇਂ ਸਮੇਂ ਕਰਵਾਉਣ ਦੀ ਵਚਨਬਧਤਾ ਪ੍ਰਗਟਾਈ। ਇਸ ਮੌਕੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਮਾਊਂਟ ਆਬੂ ਵਿਖੇ ਸਥਿਤ ਗੁਰਦੁਆਰਾ ਸਾਹਿਬ ਲਈ 2 ਲੱਖ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਵੀ ਕੀਤਾ। ਭਾਈ ਲੌਂਗੋਵਾਲ ਨੇ ਨਵੰਬਰ ਮਹੀਨੇ ਮਨਾਏ ਜਾ ਰਹੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਹੋ ਰਹੇ ਸਮਾਗਮਾਂ ਸਮੇਂ ਸੰਗਤਾਂ ਨੂੰ ਵੱਡੀ ਗਿਣਤੀ ਵਿਚ ਸ਼ਾਮਲ ਹੋਣ ਦੀ ਪ੍ਰੇਰਨਾ ਵੀ ਕੀਤੀ।

ਇਸ ਮੌਕੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਸ਼ਨ ਮਾਊਂਟ ਆਬੂ ਦੇ ਪ੍ਰਧਾਨ ਸ. ਨੱਥਾ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਸਮੇਤ ਹੋਰਨਾਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਬਿਕਰਮਜੀਤ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਤੇ ਧਰਮ ਪ੍ਰਚਾਰ ਕਮੇਟੀ ਦੇ ਹੈੱਡ ਪ੍ਰਚਾਰਕ ਸ. ਜਗਦੇਵ ਸਿੰਘ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸਿੱਖ ਮਿਸ਼ਨ ਗੁਜਰਾਤ ਦੇ ਇੰਚਾਰਜ ਸ. ਪਰਮਜੀਤ ਸਿੰਘ, ਪ੍ਰਚਾਰਕ ਭਾਈ ਸ਼ਿਵਤਾਰ ਸਿੰਘ, ਭਾਈ ਬਲਵੰਤ ਸਿੰਘ ਤੇ ਘੱਟ ਗਿਣਤੀ ਕਮਿਸ਼ਨ ਗੁਜਰਾਤ ਦੀ ਚੇਅਰਪਰਸਨ ਬੀਬੀ ਪਰਮਜੀਤ ਕੌਰ ਛਾਬੜਾ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ. ਹਰਭਜਨ ਸਿੰਘ ਅਹਿਮਦਾਬਾਦ ਤੇ ਸ. ਦਰਸ਼ਨ ਸਿੰਘ ਪੀ.ਏ. ਅਤੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀਆਂ ਭਰੀ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

## ਗੁਰਦੁਆਰਾ ਗੁਰੂ ਡਾਂਗਮਾਰ ਦੇ ਮਾਮਲੇ ਨੂੰ ਲੈ ਕੇ ਵਫਦ ਸਿੱਕਮ ਦੇ ਮੁੱਖ ਮੰਤਰੀ ਨੂੰ ਮਿਲਿਆ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਕਮ ਸਥਿਤ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਤਿਹਾਸਕ ਅਸਥਾਨ ਗੁਰਦੁਆਰਾ ਗੁਰੂ ਡਾਂਗਮਾਰ ਸਾਹਿਬ ਦੀ ਸੇਵਾ ਸੰਭਾਲ ਅਤੇ ਲੋੜੀਂਦੇ ਕਾਰਜ ਕਰਨ ਦੀ ਜ਼ਿੰਮੇਵਾਰੀ ਉਸ ਨੂੰ ਦੇਣ ਦੀ ਸਿੱਕਮ ਸਰਕਾਰ ਪਾਸੋਂ ਮੰਗ ਕੀਤੀ ਗਈ ਹੈ। ਦਿੱਲੀ ਵਿਖੇ ਸਿੱਕਮ ਦੇ ਮੁੱਖ ਮੰਤਰੀ ਸ੍ਰੀ ਪ੍ਰੇਮ ਸਿੰਘ ਤਮੰਗ ਨੂੰ ਮਿਲੇ ਸਿੱਖ ਆਗੂਆਂ ਦੇ ਵਫਦ ਜਿਸ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ, ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਤੇ ਦਿੱਲੀ ਸਿੱਖ ਗੁਰਦੁਅਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਮਨਜਿੰਦਰ ਸਿੰਘ ਸਿਰਸਾ ਸ਼ਾਮਲ ਸਨ ਨੇ ਸ੍ਰੀ ਤਮੰਗ ਨੂੰ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ ਸਿੱਕਮ ਵਿਚਲੇ ਗੁਰੂ ਸਾਹਿਬ ਦੇ ਅਸਥਾਨਾਂ ਦਾ ਮਾਮਲਾ ਹੱਲ ਕੀਤਾ ਜਾਵੇ ਤੇ ਉਥੇ ਦੇ ਹੋਣ ਵਾਲੇ ਕਾਰਜ ਕਰਵਾਉਣ ਲਈ ਸ਼੍ਰੋਮਣੀ ਕਮੇਟੀ ਨੂੰ ਇਜਾਜ਼ਤ ਦਿੱਤੀ ਜਾਵੇ।

ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਨੂੰ ਕਿਹਾ ਗਿਆ ਹੈ ਕਿ ਪਹਿਲੇ ਪਾਤਸ਼ਾਹ ਜੀ ਦੇ ਇਤਿਹਾਸਕ ਅਸਥਾਨ ਸਬੰਧੀ ਸਥਿਤੀ ਸਪਸ਼ਟ ਹੋਣੀ ਚਾਹੀਦੀ ਹੈ ਤਾਂ ਜੋ ਸਿੱਖ ਕੌਮ ਆਪਣੇ ਪਾਵਨ ਗੁਰਧਾਮਾਂ ਦੇ ਵਿਕਾਸ ਕਾਰਜ ਕਰਵਾ ਸਕੇ। ਉਨ੍ਹਾਂ ਕਿਹਾ ਕਿ ਗੁਰਦੁਆਰਾ ਗੁਰੂ ਡਾਂਗਮਾਰ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪ੍ਰਚਾਰ ਯਾਤਰਾ ਦੌਰਾਨ ਸਿਕਮ ਵਿਚ ਚਰਨ ਪਾਏ ਜਾਣ ਦੀ ਯਾਦ ਵਿਚ ਸੁਸ਼ੋਭਿਤ ਹੈ, ਜਦਕਿ ਬੀਤੇ ਸਮੇਂ ਵਿਚ ਬਿਨ੍ਹਾਂ ਕਾਰਨ ਹੀ ਗੁਰਦੁਆਰਾ ਸਾਹਿਬ ਦੀ ਇਤਿਹਾਸਕਤਾ ਨੂੰ ਚੁਣੌਤੀ ਦਿੱਤੀ ਜਾਂਦੀ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਗੁਰੂ ਘਰ ਨਾਲ ਸਿੱਖ ਜਗਤ ਦੀਆਂ ਭਾਵਨਾਵਾਂ ਜੁੜੀਆਂ ਹੋਈਆਂ ਹਨ, ਇਸ ਲਈ ਗੁਰੂ ਸਾਹਿਬ ਜੀ ਦੇ ਪੰਜ ਸੌ ਪੰਜਾਹ ਸਾਲਾ ਪ੍ਰਕਾਸ਼ ਪੁਰਬ ਤੱਕ ਇਸ ਦਾ ਪ੍ਰਬੰਧ ਸਿੱਖ ਕੌਮ ਨੂੰ ਮਿਲਣਾ ਚਾਹੀਦਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਅਨੁਸਾਰ ਸਿੱਕਮ ਦੇ ਮੁੱਖ ਮੰਤਰੀ ਨੇ ਹਾਂਪੱਖੀ ਹੁੰਗਾਰਾ ਭਰਦਿਆਂ ਭਰੋਸਾ ਦਿੱਤਾ ਹੈ ਕਿ ਉਹ ਇਸ ਮਾਮਲੇ ਨੂੰ ਸੰਜੀਦਗੀ ਨਾਲ ਨਿਪਟਾਉਣ ਲਈ ਯਤਨ ਕਰਨਗੇ।

## ਸਿੱਖ ਸਿਧਾਂਤਾਂ ਵਿਰੁੱਧ ਗੁਰੂ ਸਾਹਿਬਾਨ ਦੀਆਂ ਮੂਰਤੀਆਂ ਵੇਚਣ ਦੇ ਮਾਮਲੇ 'ਚ ਐਮਾਜੋਨ ਤੇ ਫਲਿੱਪਕਾਰਟ ਨੂੰ ਸ਼੍ਰੋਮਣੀ ਕਮੇਟੀ ਨੇ ਭੇਜਿਆ ਕਾਨੂੰਨੀ ਨੋਟਿਸ

ਅੰਮ੍ਰਿਤਸਰ- ਆਨਲਾਈਨ ਵਿਕਰੀ ਵਾਲੀਆਂ ਵੈੱਬਸਾਈਟਾਂ ਐਮਾਜੋਨ ਤੇ ਫਲਿੱਪਕਾਰਟ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਮੂਰਤੀਆਂ ਬਣਾ ਕੇ ਵੇਚਣ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਖ਼ਤ ਨੋਟਿਸ ਲਿਆ ਹੈ। ਸ਼੍ਰੋਮਣੀ ਕਮੇਟੀ ਨੇ ਐਮਾਜੋਨ ਤੇ ਫਲਿੱਪਕਾਰਟ ਵੱਲੋਂ ਸਿੱਖ ਸਿਧਾਂਤਾਂ ਅਤੇ ਰਵਾਇਤਾਂ ਦੇ ਵਿਰੁੱਧ ਗੁਰੂ ਸਾਹਿਬ ਦੀਆਂ ਮੂਰਤੀਆਂ ਦੀ ਵਿਕਰੀ 'ਤੇ ਕਾਰਵਾਈ ਕਰਦਿਆਂ ਉਕਤ ਦੋਹਾਂ ਕੰਪਨੀਆਂ ਨੂੰ ਕਾਨੂੰਨੀ ਨੋਟਿਸ ਭੇਜ ਦਿੱਤੇ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਇਸ ਨੂੰ ਕੰਪਨੀਆਂ ਵੱਲੋਂ ਜਾਣਬੁਝ ਕੀਤੀ ਗਈ ਹਰਕਤ ਕਰਾਰ ਦਿੱਤਾ ਹੈ। ਉਨ੍ਹਾਂ ਆਖਿਆ ਕਿ ਸਿੱਖੀ ਦੀਆਂ ਸ਼ਾਨਾਮੱਤੀਆਂ ਰਵਾਇਤਾਂ ਅਤੇ ਵਿਲੱਖਣ ਸਿਧਾਂਤਾਂ ਨੂੰ ਰਲਗਡ ਕਰਨ ਵਾਲੀਆਂ ਇਨ੍ਹਾਂ ਕੰਪਨੀਆਂ ਖ਼ਿਲਾਫ਼ ਸ਼੍ਰੋਮਣੀ ਕਮੇਟੀ ਵੱਲੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਐਮਾਜ਼ੋਨ ਕੰਪਨੀ ਨੇ ਪਾਵਨ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਦੀ ਤੌਹੀਨ ਕੀਤੀ ਸੀ। ਸ਼੍ਰੋਮਣੀ ਕਮੇਟੀ ਵੱਲੋਂ ਉਸ ਸਮੇਂ ਕੰਪਨੀ ਖ਼ਿਲਾਫ਼ ਕਾਰਵਾਈ ਕਰਨ 'ਤੇ ਕੰਪਨੀ ਨੇ ਮੁਆਫ਼ੀ ਮੰਗ ਲਈ ਸੀ। ਹੁਣ ਫਿਰ ਇਸ ਕੰਪਨੀ ਵੱਲੋਂ ਸਿੱਖ ਸਿਧਾਂਤਾਂ ਅਤੇ ਪਰੰਪਰਾਵਾਂ ਦੇ ਖ਼ਿਲਾਫ਼ ਮੂਰਤੀ ਪੂਜਾ ਦੇ ਰੁਝਾਨ ਨੂੰ ਗੁਰੂ ਸਾਹਿਬ ਦੀਆਂ ਮੂਰਤੀਆਂ ਨਾਲ ਜੋੜਿਆ ਗਿਆ ਹੈ। ਉਨ੍ਹਾਂ ਆਖਿਆ ਕਿ ਸਿੱਖ ਕੇਵਲ ਇਕ ਅਕਾਲ ਪੁਰਖ ਅਤੇ ਗੁਰੂ ਸਾਹਿਬਾਨ ਜੀ ਦੇ ਪਾਵਨ ਉਪਦੇਸ਼ਾਂ (ਗੁਰਬਾਣੀ) ਨੂੰ ਹੀ ਮੰਨਦੇ ਹਨ ਅਤੇ ਸਿੱਖੀ ਅੰਦਰ ਮੂਰਤੀ ਪੂਜਾ ਨੂੰ ਕੋਈ ਥਾਂ ਨਹੀਂ ਹੈ। ਇਸ ਲਈ ਗੁਰੂ ਸਾਹਿਬਾਨ ਦੀਆਂ ਮੂਰਤੀਆਂ ਨੂੰ ਵਿਕਰੀ 'ਤੇ ਲਗਾ ਕੇ ਸਿੱਖ ਸਿਧਾਂਤਾਂ ਦੀ ਵਿਲੱਖਣਤਾ ਨੂੰ ਸੱਟ ਮਾਰਨ ਵਾਲਿਆਂ ਨੂੰ ਬਖ਼ਸ਼ਿਆਂ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਫਿਲਹਾਲ ਇਨ੍ਹਾਂ ਕੰਪਨੀਆਂ ਨੂੰ ਕਾਨੂੰਨੀ ਨੋਟਿਸ ਭੇਜੇ ਗਏ ਹਨ ਅਤੇ ਜੇਕਰ ਇਨ੍ਹਾਂ ਨੇ ਤੁਰੰਤ ਵੈੱਬਸਾਈਟ ਤੋਂ ਗੁਰੂ ਸਾਹਿਬ ਦੀਆਂ ਮੂਰਤੀਆਂ ਨਾ ਹਟਾਈਆਂ ਤਾਂ ਸ਼੍ਰੋਮਣੀ ਕਮੇਟੀ ਵੱਲੋਂ ਇਨ੍ਹਾਂ ਖਿਲਾਫ਼ ਸਿਵਲ ਤੇ ਫੌਜਦਾਰੀ ਕਾਰਵਾਈ ਵੀ ਕੀਤੀ ਜਾਵੇਗੀ। ਭਾਈ ਲੌਂਗੋਵਾਲ ਨੇ ਸਿੱਖ ਸੰਗਤ ਨੂੰ ਵੀ ਸੁਚੇਤ ਕਰਦਿਆਂ ਅਪੀਲ ਕੀਤੀ ਕਿ ਅਜਿਹੀਆਂ ਸਿੱਖ ਵਿਰੋਧੀ ਚਾਲਾਂ ਦਾ ਡੱਟ ਕੇ ਵਿਰੋਧ ਕੀਤਾ ਜਾਵੇ ਅਤੇ ਆਨਲਾਈਨ ਵਿਕਰੀ 'ਤੇ ਲਗਾਈਆਂ ਗਈਆਂ ਮੂਰਤੀਆਂ ਨਾ ਖ਼ਰੀਦੀਆਂ ਜਾਣ।

## ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਸਬੰਧੀ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਸੱਦਾ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ 12 ਨਵੰਬਰ 2019 ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਮੁੱਖ ਸਮਾਗਮ ਵਿਚ ਸ਼ਾਮਲ ਹੋਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਸੱਦਾ ਦਿੱਤਾ ਗਿਆ ਹੈ। ਦਿੱਲੀ ਵਿਖੇ ਪ੍ਰਧਾਨ ਮੰਤਰੀ ਨਾਲ ਇਕ ਨਿੱਜੀ ਮਿਲਣੀ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਉਨ੍ਹਾਂ ਨੂੰ ਇਹ ਸੱਦਾ-ਪੱਤਰ ਦਿੱਤਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ, ਸੀਨੀਅਰ ਅਕਾਲੀ ਆਗੂ ਸ. ਬਲਵਿੰਦਰ ਸਿੰਘ ਭੂੰਦੜ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਮਨਜਿੰਦਰ ਸਿੰਘ ਸਿਰਸਾ ਅਤੇ ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਅਵਤਾਰ ਸਿੰਘ ਹਿੱਤ ਵੀ ਮੌਜੂਦ ਸਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਸਿੱਖਾਂ ਦੀ ਪ੍ਰਤੀਨਿਧ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਤੇ ਜਾ ਰਹੇ ਸਮਾਗਮਾਂ ਦੀ ਸ਼ਲਾਘਾ ਕੀਤੀ ਅਤੇ ਮੁੱਖ ਸਮਾਗਮ ਵਿਚ ਸ਼ਾਮਲ ਹੋਣਾ ਪ੍ਰਵਾਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸ੍ਰੀ ਨਰਿੰਦਰ ਮੋਦੀ ਨੇ ਗੁਰੂ ਸਾਹਿਬ ਜੀ ਦੇ ਇਤਿਹਾਸਕ ਪੁਰਬ ਨੂੰ ਸਮੁੱਚੇ ਵਿਸ਼ਵ ਲਈ ਇਕ ਵਿਲੱਖਣ ਮੌਕਾ ਕਰਾਰ ਦਿੱਤਾ ਹੈ। ਭਾਈ ਲੌਂਗੋਵਾਲ ਅਨੁਸਾਰ ਦੇਸ਼ ਦੇ ਪ੍ਰਧਾਨ ਮੰਤਰੀ ਨੇ ਆਖਿਆ ਹੈ ਕਿ ਜਗਤ ਗੁਰੂ ਸ੍ਰੀ ਗੁਰੂ ਨਾਨਕ ਸਾਹਿਬ ਦੇ ਮੁਬਾਰਕ ਦਿਹਾੜੇ ਸਮੇਂ ਸ਼ਾਮਲ ਹੋਣਾ ਉਨ੍ਹਾਂ ਦੀ ਖ਼ੁਸ਼-ਨਸੀਬੀ ਹੋਵੇਗੀ, ਕਿਉਂਕਿ ਗੁਰੂ ਸਾਹਿਬ ਸਮੁੱਚੀ ਲੋਕਾਈ ਲਈ ਮਾਰਗ ਦਰਸ਼ਕ ਹਨ।

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਗਿਆਨ ਭਵਨ ਦਿੱਲੀ ਵਿਖੇ ਹੋਵੇਗਾ ਇਕ ਅੰਤਰ-ਰਾਸ਼ਟਰੀ ਪੱਧਰ ਦਾ ਸੈਮੀਨਾਰ

ਅੰਮ੍ਰਿਤਸਰ- ਸ਼੍ਰੋਮਣੀ ਕਮੇਟੀ ਵੱਲੋਂ ਵਿਗਿਆਨ ਭਵਨ ਦਿੱਲੀ ਵਿਖੇ ਇਕ ਅੰਤਰ-ਰਾਸ਼ਟਰੀ ਪੱਧਰ ਦਾ ਸੈਮੀਨਾਰ ਕਰਵਾਉਣ ਦੀ ਵਿਉਂਤਬੰਦੀ ਕੀਤੀ ਗਈ ਹੈ। ਇਸ ਸੈਮੀਨਾਰ ਵਿਚ ਭਾਰਤ ਦੇ ਰਾਸ਼ਟਰਪਤੀ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਤੋਂ ਇਲਾਵਾ ਦੇਸ਼ ਵਿਦੇਸ਼ ਦੀਆਂ ਹਸਤੀਆਂ ਸ਼ਿਰਕਤ ਕਰਨਗੀਆਂ। ਉਨ੍ਹਾਂ ਦੱਸਿਆ ਕਿ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਸਬੰਧੀ ਇਸ ਸੈਮੀਨਾਰ ਤੋਂ ਇਲਾਵਾ ਦਿੱਲੀ ਦੇ ਇੰਡੀਆ ਗੇਟ ਵਿਖੇ ਇਕ ਵਿਸ਼ਾਲ ਗੁਰਮਤਿ ਸਮਾਗਮ ਵੀ ਸ਼੍ਰੋਮਣੀ ਕਮੇਟੀ ਕਰਵਾਏਗੀ। ਇਸੇ ਤਰ੍ਹਾਂ ਦੇਸ਼ ਦੇ ਪੰਜ ਵੱਡੇ ਸ਼ਹਿਰਾਂ ਵਿਚ ਵੀ ਗੁਰਮਤਿ ਸਮਾਗਮ ਹੋਣਗੇ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਨੇ ਦੇਸ਼ ਦੁਨੀਆਂ ਅੰਦਰ ਆਪਣੀਆਂ ਪ੍ਰਚਾਰ ਯਾਤਰਾਵਾਂ ਦੌਰਾਨ ਪਹੁੰਚ ਕੀਤੀ ਸੀ ਅਤੇ ਸ਼੍ਰੋਮਣੀ ਕਮੇਟੀ ਗੁਰੂ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਵੱਖ-ਵੱਖ ਦੇਸ਼ਾਂ ਅੰਦਰ ਵੀ ਗੁਰਮਤਿ ਸਮਾਗਮ ਕਰਵਾਏਗੀ।

## ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਪਾਣੀ ਨੂੰ ਮੁੜ ਧਰਤੀ ਹੇਠ ਭੇਜਣ ਲਈ ਪਲਾਂਟ ਸਥਾਪਿਤ



ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਪਰਕਰਮਾਂ ਦੀ ਧੋਆਈ ਲਈ ਵਰਤੇ ਜਾਂਦੇ ਅਤੇ ਬਾਰਿਸ਼ ਦੌਰਾਨ ਜਮ੍ਹਾਂ ਹੁੰਦੇ ਪਾਣੀ ਨੂੰ ਮੁੜ ਧਰਤੀ ਹੇਠ ਭੇਜਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਸਹਿਯੋਗ ਨਾਲ ਪਲਾਂਟ ਸਥਾਪਤ ਕੀਤਾ ਗਿਆ ਹੈ। ਇਸ ਸਬੰਧ ਵਿਚ ਪੰਜਾਬ ਸਰਕਾਰ ਦੇ ਆਈ.ਏ.ਐਸ. ਅਧਿਕਾਰੀ ਸ. ਕਾਹਨ ਸਿੰਘ ਪੰਨੂ ਡਾਇਰੈਕਟਰ ਵਾਤਾਵਰਣ ਵੱਲੋਂ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਤੇ ਬਿਜਲੀ ਬੋਰਡ ਦੇ ਆਹਲਾ ਅਧਿਕਾਰੀਆਂ ਨਾਲ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਲਗਾਏ ਗਏ ਪਲਾਂਟ ਦਾ ਨਰੀਖਣ ਕੀਤਾ ਗਿਆ। ਸ਼੍ਰੋਮਣੀ ਕਮੇਟੀ ਤੇ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਸਾਂਝੇ ਯਤਨਾਂ ਨਾਲ ਇਹ ਪਲਾਂਟ ਵਾਤਾਵਰਣ ਦੀ ਸਾਂਭ-ਸੰਭਾਲ ਦੇ ਮੰਤਵ ਨਾਲ ਲਗਾਇਆ ਗਿਆ ਹੈ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਅਤੇ ਸ. ਪੰਨੂ ਨੇ ਕਿਹਾ ਕਿ ਵਾਤਾਵਰਣ ਦੀ ਸਾਂਭ-ਸੰਭਾਲ ਕਰਨਾ ਸਭ ਦਾ ਮੁੱਢਲਾ ਫ਼ਰਜ਼ ਹੈ, ਜਿਸ ਲਈ ਸੁਚੇਤ ਉਪਰਾਲੇ ਜ਼ਰੂਰੀ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਸ. ਕਾਹਨ ਸਿੰਘ ਪੰਨੂ ਅਤੇ ਹੋਰਨਾਂ ਨੂੰ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਅਤੇ ਅਧਿਕਾਰੀਆਂ ਵੱਲੋਂ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਰਜੀਤ ਸਿੰਘ ਭਿੱਟੇਵਡ ਤੇ ਬੀਬੀ ਗੁਰਪ੍ਰੀਤ ਕੌਰ ਰੂਹੀ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਵਧੀਕ ਮੈਨੇਜਰ ਸ. ਨਿਸ਼ਾਨ ਸਿੰਘ, ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੀਫ਼ ਇੰਜੀਨੀਅਰ ਸ. ਜੀ.ਐਸ. ਮਜੀਠੀਆ, ਬਿਜਲੀ ਬੋਰਡ ਦੇ ਐਕਸੀਐਨ ਸ. ਗੁਰਮੁੱਖ ਸਿੰਘ, ਸ. ਨਵਜੋਤ ਸਿੰਘ ਐਸ.ਡੀ.ਓ., ਸ. ਭੁਪਿੰਦਰ ਸਿੰਘ ਜੇ.ਈ., ਸ. ਸੁਖਜਿੰਦਰ ਸਿੰਘ ਐਸ.ਡੀ.ਓ. ਆਦਿ ਮੌਜੂਦ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਗੱਤਕਾ ਦੇ ਡਿਪਲੋਮਾ ਅਤੇ ਆਈ.ਏ.ਐੱਸ, ਆਈ.ਪੀ.ਐੱਸ, ਪੀ.ਸੀ.ਐੱਸ ਦੀ ਤਿਆਰੀ ਲਈ ਟ੍ਰੇਨਿੰਗ ਸੈਂਟਰ ਦੀ ਸ਼ੁਰੂਆਤ

ਫ਼ਤਹਿਗੜ੍ਹ ਸਾਹਿਬ- ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਹਿਗੜ੍ਹ ਸਾਹਿਬ ਵਿਖੇ ਅਕਾਦਮਿਕ ਸੈਸ਼ਨ 2019-20 ਤੋਂ ਆਈ.ਏ.ਐੱਸ, ਆਈ.ਪੀ.ਐੱਸ, ਪੀ.ਸੀ.ਐੱਸ ਅਤੇ ਹੋਰ ਅਲਾਈਡ ਸਰਵਿਸਿਜ਼ ਦੀ ਤਿਆਰੀ ਲਈ ਟ੍ਰੇਨਿੰਗ ਸੈਂਟਰ ਖੋਲ੍ਹਿਆ ਜਾਵੇਗਾ। ਡਾ. ਪਰਿਤ ਪਾਲ ਸਿੰਘ ਵਾਈਸ-ਚਾਂਸਲਰ ਨੇ ਕਿਹਾ ਕਿ ਇਸ ਸੈਂਟਰ ਵਿੱਚ ਵਿਦਿਆਰਥੀਆਂ ਨੂੰ ਇਨ੍ਹਾਂ ਮੁਕਾਬਲੇ ਦੀ ਪ੍ਰੀਖਿਆਵਾਂ ਲਈ ਤਿਆਰ ਕੀਤਾ ਜਾਵੇਗਾ। ਇਸ ਟ੍ਰੇਨਿੰਗ ਸੈਂਟਰ ਦੀ ਵਿਸ਼ੇਸ਼ਤਾ ਬਾਰੇ ਦੱਸਦੇ ਹੋਏ ਡਾ. ਸਿੰਘ ਨੇ ਕਿਹਾ ਕਿ ਉੱਤਰੀ ਭਾਰਤ ਦੇ ਇਸ ਖੇਤਰ ਵਿੱਚ ਇਹ ਨਿਵੇਕਲਾ ਟ੍ਰੇਨਿੰਗ ਸੈਂਟਰ ਹੋਵੇਗਾ, ਜਿਸ ਵਿੱਚ ਲੋੜਵੰਦ ਵਿਦਿਆਰਥੀਆਂ ਨੂੰ ਟ੍ਰੇਨਿੰਗ ਪ੍ਰਦਾਨ ਕਰਦੇ ਹੋਏ ਇਨ੍ਹਾਂ ਮੁਕਾਬਲੇ ਦੀ ਪ੍ਰੀਖਿਆਵਾਂ ਦੀ ਤਿਆਰੀ ਲਈ ਦੇਸ਼ ਭਰ ਵਿਚੋਂ ਆਪਣੇ-ਆਪਣੇ ਖੇਤਰ ਵਿੱਚ ਮਾਹਿਰ ਵਿਦਵਾਨਾਂ ਅਤੇ ਅਫ਼ਸਰਾਂ ਦੀਆਂ ਸੇਵਾਵਾਂ ਲਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸਿੱਖ ਵਿਦਿਆਰਥੀਆਂ ਨੂੰ ਸਿੱਖ ਮਾਰਸ਼ਲ ਆਰਟ ਨਾਲ ਜੋੜਨ ਲਈ ਗੱਤਕਾ ਦੇ ਡਿਪਲੋਮਾ ਦੀ, ਇਸ ਅਕਾਦਮਿਕ ਵਰ੍ਹੇ, ਯੂਨੀਵਰਸਿਟੀ ਦੇ ਫਿਜ਼ੀਕਲ ਐਜੂਕੇਸ਼ਨ ਵਿਭਾਗ ਵਿਖੇ ਸ਼ੁਰੂਆਤ ਕੀਤੀ ਜਾ ਰਹੀ ਹੈ। ਜਿਸ ਵਿੱਚ 10+2 ਪਾਸ ਵਿਦਿਆਰਥੀ ਦਾਖਲੇ ਲਈ ਯੋਗ ਹੋਣਗੇ।

ਉਪਰੋਕਤ ਦੋਵੇਂ ਕਾਰਜਾਂ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤਰਿੰਗ ਕਮੇਟੀ ਦੀ ਪਿਛਲੇ ਦਿਨੀਂ ਹੋਈ ਬੈਠਕ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਯੂਨੀਵਰਸਿਟੀ ਚਾਂਸਲਰ ਵੱਲੋਂ ਐਲਾਨ ਕੀਤਾ ਜਾ ਚੁੱਕਾ ਹੈ। ਇੱਥੇ ਵਰਨਣਯੋਗ ਹੈ ਕਿ ਇਨ੍ਹਾਂ ਕਾਰਜਾਂ ਲਈ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਵੀ ਵਿਸ਼ੇਸ਼ ਸਹਿਯੋਗ ਕੀਤਾ ਜਾਵੇਗਾ। ਇਸ ਸਬੰਧੀ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾ. ਐੱਸ.ਪੀ.ਐੱਸ. ਓਬਰਾਏ ਵੱਲੋਂ ਕੋਚਿੰਗ ਸੈਂਟਰ ਅਤੇ ਗੱਤਕਾ ਦੇ ਡਿਪਲੋਮਾ ਦੀ ਯੂਨੀਵਰਸਿਟੀ ਵਿਖੇ ਸੁਰੂਆਤ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਯੂਨੀਵਰਸਿਟੀ ਦਾ ਅੱਜ ਦੌਰਾ ਕੀਤਾ ਗਿਆ। ਡਾ. ਓਬਰਾਏ ਨੇ ਇਸ ਮੌਕੇ ਇਨ੍ਹਾਂ ਕਾਰਜਾਂ ਵਿੱਚ ਪੂਰਨ ਸਹਿਯੋਗ ਲਈ ਵਚਨਬੱਧਤਾ ਪ੍ਰਗਟ ਕਰਦਿਆਂ ਆਸ ਪ੍ਰਗਟ ਕੀਤੀ ਕਿ ਜਲਦ ਹੀ ਇਹ ਕਾਰਜ ਉੱਤਮ ਨਤੀਜਿਆਂ ਨਾਲ ਅੱਗੇ ਵਧਣਗੇ। ਯੂਨੀਵਰਸਿਟੀ ਦੇ ਵੀ.ਸੀ. ਦਫ਼ਤਰ ਵਿਖੇ ਹੋਈ ਇਸ ਮੀਟਿੰਗ ਦੌਰਾਨ ਡਾ. ਆਰ. ਕੇ. ਸ਼ਰਮਾ, ਡੀਨ ਰਿਸਰਚ ਅਤੇ ਡਾ. ਐੱਸ.ਐੱਸ. ਬਿਲਿੰਗ, ਮੁਖੀ, ਗਣਿਤ ਵਿਭਾਗ ਵੀ ਹਾਜ਼ਰ ਸਨ।

# ਗਰਮੀਆਂ ਦੀਆਂ ਛੁੱਟੀਆਂ ਦੌਰਾਨ ਲਗਾਏ ਗਏ ਸਮਰ ਕੈਂਪਾਂ ਨੂੰ ਸੰਗਤਾਂ ਦਾ ਮਿਲਿਆ ਭਰਵਾਂ ਹੁੰਗਾਰਾ

ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ ਰੂਹਾਨੀ ਨੂਰ ਦਾ ਸੰਸਾਰ ਭਰ ਵਿੱਚ ਵੱਸਦੇ ਅਨੁਯਾਈਆਂ ਤੇ ਗਹਿਰਾ ਪ੍ਰਭਾਵ ਹੈ। ਅੱਜ ਸੰਸਾਰ ਸਾਹਮਣੇ ਵਿਕਰਾਲ ਰੂਪ ਧਾਰ ਖੜ੍ਹੀਆਂ ਸਮਾਜਕ ਕੁਰੀਤੀਆਂ ਤੇ ਸਮੱਸਿਆਵਾਂ ਦੇ ਹੱਲ ਗੁਰੂ ਸਾਹਿਬ ਜੀ ਦੀ ਪਾਵਨ ਬਾਣੀ ਦੀ ਰੌਸ਼ਨੀ ਵਿੱਚ ਤਲਾਸ਼ੇ ਜਾ ਸਕਦੇ ਹਨ। ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਮੌਕੇ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਸਿਧਾਂਤਾਂ, ਸਿੱਖਿਆਵਾਂ ਤੇ ਵਿਚਾਰਧਾਰਾ ਨੂੰ ਹਰ ਪ੍ਰਾਣੀ ਮਾਤਰ ਤਕ ਲੈ ਕੇ ਜਾਣਾ ਸਾਡਾ ਸਾਰਿਆਂ ਦਾ ਫਰਜ਼ ਹੈ। ਸਿੱਖ ਕੌਮ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਕਾਰਜ ਲਈ ਸਦਾ ਤੱਤਪਰ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜਿੱਥੇ ਦੇਸ਼ ਭਰ ਵਿੱਚ ਗੁਰਮਤਿ ਸਮਾਗਮ ਤੇ ਸੈਮੀਨਾਰ ਕਰਵਾਏ ਜਾ ਰਹੇ ਹਨ ਉਥੇ ਗਰਮੀਆਂ ਦੀਆਂ ਛੁੱਟੀਆਂ ਵਿੱਚ ਬੱਚਿਆਂ ਨੂੰ ਸਿੱਖ ਇਤਿਹਾਸ ਅਤੇ ਰਹਿਤ ਮਰਿਆਦਾ ਤੋਂ ਜਾਣੂੰ ਕਰਵਾਉਣ ਲਈ ਦੇਸ਼ ਦੇ ਵੱਖ-ਵੱਖ ਥਾਵਾਂ 'ਤੇ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਵਿੱਚ ਬੱਚਿਆਂ ਨੂੰ ਗੁਰਬਾਣੀ ਦੇ ਸ਼ੁੱਧ ਉਚਾਰਨ, ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ ਜੀਵਨ ਇਤਿਹਾਸ, ਸਿੱਖ ਰਹਿਤ ਮਰਿਯਾਦਾ ਅਤੇ ਗੁਰਮਤਿ ਸਿਧਾਂਤਾਂ ਦੀ ਜਾਣਕਾਰੀ ਦਿੱਤੀ ਗਈ। ਇਨ੍ਹਾਂ ਗੁਰਮਤਿ ਕੈਂਪਾਂ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸਾਹਿਬਾਨ, ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਦੇ ਨਾਲ-ਨਾਲ ਧਰਮ ਪ੍ਰਚਾਰ ਕਮੇਟੀ ਅਧੀਨ ਡਿਊਟੀ ਨਿਭਾਅ ਰਹੇ ਧਾਰਮਿਕ ਅਧਿਆਪਕਾਂ ਨੇ ਵੀ ਵਿਸ਼ੇਸ਼ ਯੋਗਦਾਨ ਪਾਇਆ। ਇਸ ਦੇ ਨਾਲ ਹੀ ਗੁਰਮਤਿ ਕੈਂਪਾਂ ਦੀ ਸਫਲਤਾ ਵਿਚ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੀਆਂ ਕਮੇਟੀਆਂ, ਧਾਰਮਿਕ ਜਥੇਬੰਦੀਆਂ, ਸਭਾ ਸੁਸਾਇਟੀਆਂ ਤੇ ਗ੍ਰੰਥੀ ਸਿੰਘਾਂ ਦਾ ਵੀ ਅਹਿਮ ਯੋਗਦਾਨ ਸੀ, ਜਿਸ ਲਈ ਸਾਰਿਆਂ ਦਾ ਧੰਨਵਾਦ ਕਰਦੇ ਹੋਏ ਅੱਗੋਂ ਸਹਿਯੋਗ ਦੀ ਆਸ ਕਰਦੇ ਹਾਂ। ਗਰਮੀਆਂ ਦੀਆਂ ਛੁੱਟੀਆਂ ਦਾ ਲਾਹਾ ਲੈਣ ਲਈ ਧਰਮ ਪ੍ਰਚਾਰ ਕਮੇਟੀ ਵੱਲੋਂ ਦੇਸ਼ ਦੇ ਹਰ ਸੂਬੇ ਵਿੱਚ ਸਮਰ ਕੈਂਪ ਲਗਾਏ ਜਾਂਦੇ ਹਨ। ਖੁਸ਼ੀ ਦੀ ਗੱਲ ਹੈ ਕਿ ਇਨ੍ਹਾਂ ਗੁਰਮਤਿ ਸਿਖਲਾਈ ਕੈਂਪਾਂ ਵਿਚ ਇੱਕ ਲੱਖ ਦੇ ਕਰੀਬ ਬੱਚਿਆਂ ਨੇ ਸ਼ਮੂਲੀਅਤ ਕੀਤੀ। ਗੁਰਮਤਿ ਸਿਖਲਾਈ ਕੈਂਪਾਂ ਦੇ ਸਮਾਪਤੀ ਸਮਾਗਮਾਂ ਸਮੇਂ ਬੱਚਿਆਂ ਦੇ ਕਰਵਾਏ ਗਏ ਧਾਰਮਿਕ ਮੁਕਾਬਲੇ ਅਤੇ ਬੱਚਿਆਂ ਵੱਲੋਂ ਧਰਮ ਨਾਲ ਸਬੰਧਿਤ ਦਿੱਤੇ ਗਏ ਸਵਾਲਾਂ ਦੇ ਜਵਾਬ ਇਨ੍ਹਾਂ ਗੁਰਮਤਿ ਕੈਂਪਾਂ ਦੀ ਸਫਲਤਾ ਨੂੰ ਬਾਖੂਬੀ ਬਿਆਨ ਕਰਦੇ ਹਨ। ਕਿਹਾ ਜਾ ਸਕਦਾ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਉਪਰਾਲਾ ਬੱਚਿਆਂ ਅਤੇ ਨੌਜਵਾਨ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ ਸਹਾਈ ਹੋਵੇਗਾ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ ਜਨਮ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) ਤੋਂ 'ਕਲਿ ਤਾਰਣ ਗੁਰੁ ਨਾਨਕ ਆਇਆ' ਦੇ ਸਲੋਗਨ ਹੇਠ ਵਿਸ਼ਾਲ ਨਗਰ ਕੀਰਤਨ 25 ਜੁਲਾਈ ਨੂੰ ਆਰੰਭ ਕੀਤਾ ਜਾ ਰਿਹਾ ਹੈ। ਇਸ ਨਗਰ ਕੀਰਤਨ ਦਾ ਵਾਹਗਾ ਬਾਰਡਰ ਰਾਹੀਂ ਭਾਰਤ ਅੰਦਰ ਪ੍ਰਵੇਸ਼ ਹੋਣ ਸਮੇਂ ਖ਼ਾਲਸਈ ਜਾਹੋ-ਜਲਾਲ ਨਾਲ ਸਵਾਗਤ ਕੀਤਾ ਜਾਵੇਗਾ। ਏਥੋਂ ਅੱਗੇ ਦੇਸ਼ ਭਰ ਦੇ ਵੱਖ-ਵੱਖ ਰਾਜਾਂ, ਸ਼ਹਿਰਾਂ ਤੋਂ ਹੁੰਦਾ ਹੋਇਆ ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸੰਪੂਰਨ ਹੋਵੇਗਾ। 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਉਲੀਕੇ ਗਏ ਵੱਖ-ਵੱਖ ਪ੍ਰੋਗਰਾਮਾਂ ਨੂੰ ਜਿਥੇ ਸੰਗਤਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਉਥੇ ਇਸ ਅੰਤਰਰਾਸ਼ਟਰੀ ਨਗਰ ਕੀਰਤਨ ਲਈ ਵੀ ਸੰਗਤਾਂ ਦੇ ਭਰਵੇਂ ਸਹਿਯੋਗ ਦੀ ਆਸ ਕਰਦੇ ਹਾਂ। ਆਓ! ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ ਜਨਮ ਅਸਥਾਨ ਤੋਂ ਆ ਰਹੇ ਇਸ ਨਗਰ ਕੀਰਤਨ ਵਿੱਚ ਪਰਿਵਾਰਾਂ ਸਮੇਤ ਹਾਜ਼ਰੀਆਂ ਭਰ ਕੇ ਗੁਰੂ-ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ।

-ਬਲਵਿੰਦਰ ਸਿੰਘ ਜੌੜਾਸਿੰਘਾ

# ਜੂਨ '84 ਦੇ ਸ਼ਹੀਦਾਂ ਦੀ ਯਾਦ ਵਿਚ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਕਰਵਾਇਆ ਸ਼ਹੀਦੀ ਸਮਾਗਮ

## ਸਿੰਘ ਸਾਹਿਬਾਨ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਸ਼ਹੀਦਾਂ ਦੇ ਪਰਿਵਾਰਕ ਮੈਂਬਰ ਕੀਤੇ ਸਨਮਾਨਿਤ



ਅੰਮ੍ਰਿਤਸਰ- ਜੂਨ 1984 ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਕੇਂਦਰ ਦੀ ਕਾਂਗਰਸ ਸਰਕਾਰ ਦੇ ਹੁਕਮ 'ਤੇ ਭਾਰਤੀ ਫੌਜ ਵੱਲੋਂ ਕੀਤੇ ਗਏ ਫੌਜੀ ਹਮਲੇ ਦੌਰਾਨ ਸ਼ਹੀਦ ਹੋਏ ਸਿੰਘ, ਸਿੰਘਣੀਆਂ ਤੇ ਭੁਝੰਗੀਆਂ ਦੀ ਸਲਾਨਾ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਸਿੱਖ ਜਥੇਬੰਦੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸ਼ਹੀਦੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਬਲਵਿੰਦਰ ਸਿੰਘ ਲੋਪੋਕੇ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਸ੍ਰੀ ਅਕਾਲ ਤਖਤ ਸਾਹਿਬ ਦੇ ਹੈਡ ਗ੍ਰੰਥੀ ਭਾਈ ਮਲਕੀਤ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਲਿਆ। ਸ਼ਹੀਦੀ ਸਮਾਗਮ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸਿੰਘ ਸਾਹਿਬ ਗਿਆਨੀ ਸੁਖਜਿੰਦਰ ਸਿੰਘ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ, ਸਿੰਘ ਸਾਹਿਬ ਗਿਆਨੀ ਸੁਖਮਿੰਦਰ ਸਿੰਘ, ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਗਿਆਨੀ ਜੋਗਿੰਦਰ ਸਿੰਘ ਵੇਦਾਂਤੀ, ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲਿਆਂ ਸਮੇਤ ਵੱਡੀ ਗਿਣਤੀ ਵਿਚ ਪੰਥਕ ਸ਼ਖ਼ਸੀਅਤਾਂ, ਸ਼ਹੀਦ ਹੋਏ ਸਿੰਘਾਂ ਦੇ ਪਰਿਵਾਰਕ ਮੈਂਬਰ ਅਤੇ ਸੰਗਤਾਂ ਹਾਜ਼ਰ ਹੋਈਆਂ।
ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੂਨ 1984 ਵਿਚ ਜ਼ਾਲਮ ਕੇਂਦਰ ਸਰਕਾਰ ਵੱਲੋਂ ਕਰਵਾਏ ਗਏ ਘੱਲੂਘਾਰੇ ਨੂੰ ਸਿੱਖ ਕੌਮ ਕਦੇ ਵੀ ਭੁਲਾ ਨਹੀਂ ਸਕਦੀ। ਉਨ੍ਹਾਂ ਕੌਮ ਨੂੰ ਇਕਜੁਟ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਇਹ ਦਿਹਾੜਾ ਕੌਮ ਲਈ ਸਵੈ-ਮੰਥਨ ਦਾ ਸਮਾਂ ਹੈ ਅਤੇ ਸਾਨੂੰ ਕੌਮ ਦੀ ਚੜ੍ਹਦੀ ਕਲਾ ਲਈ ਪੁਰਾਤਨ ਪੰਥਕ ਰਵਾਇਤਾਂ ਦੀ ਮਜ਼ਬੂਤੀ ਲਈ ਪਹਿਰਾ ਦੇਣਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ ਕੌਮ ਦੇ ਸਾਰੇ ਮਸਲੇ ਰਲਮਿਲ ਕੇ ਹੀ ਹੱਲ ਕੀਤੇ ਜਾ ਸਕਦੇ ਹਨ। ਉਨ੍ਹਾਂ ਪੰਜਾਬ ਦੀ ਨੌਜੁਆਨੀ ਦੇ ਵਿਦੇਸ਼ ਜਾਣ ਦੇ ਰੁਝਾਨ 'ਤੇ ਚਿੰਤਾ ਪ੍ਰਗਟ ਕਰਦਿਆਂ ਇਸ ਸੰਜੀਦਾ ਮਾਮਲੇ 'ਤੇ ਕੌਮ ਨੂੰ ਸੁਚੇਤ ਹੋਣ ਦੀ ਅਪੀਲ ਕੀਤੀ। ਉਨ੍ਹਾਂ ਆਖਿਆ ਕਿ ਜੇਕਰ ਇਹ ਰੁਝਾਨ ਇਸੇ ਤਰ੍ਹਾਂ ਹੀ ਜਾਰੀ ਰਿਹਾ ਤਾਂ ਭਵਿੱਖ ਵਿਚ ਪੰਜਾਬ ਦੇ ਉੱਚ ਅਹੁਦਿਆਂ 'ਤੇ ਸਿੱਖ ਅਧਿਕਾਰੀ ਨਹੀਂ ਲੱਭਣਗੇ। ਉਨ੍ਹਾਂ ਸਿੱਖ ਕੌਮ ਨੂੰ ਆਪਣੇ ਬੱਚਿਆਂ ਅਤੇ ਨੌਜੁਆਨਾਂ ਨੂੰ ਚੰਗੀ ਵਿਦਿਆ ਨਾਲ ਜੋੜਨ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਆਖਿਆ ਕਿ ਜੇਕਰ ਸਾਡੀ ਨੌਜੁਆਨੀ ਚੰਗੀ ਵਿੱਦਿਆ ਦੀ ਧਾਰਨੀ ਬਣੇਗੀ ਤਾਂ ਕੌਮ ਹਰ ਖੇਤਰ ਵਿਚ ਤਰੱਕੀ ਦੀਆਂ ਬੁਲੰਦੀਆਂ ਛੂਹੇਗੀ।

ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸ਼ਹੀਦੀ ਸਮਾਗਮ ਦੌਰਾਨ ਪੁੱਜੀਆਂ ਸਮੂਹ ਜਥੇਬੰਦੀਆਂ, ਸਭਾ ਸੁਸਾਇਟੀਆਂ, ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ।ਸਮਾਗਮ ਦੌਰਾਨ ਸੰਤ ਬਾਬਾ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਈਸ਼ਰ ਸਿੰਘ, ਸ਼ਹੀਦ ਭਾਈ ਅਮਰੀਕ ਸਿੰਘ ਦੀ ਪਤਨੀ ਬੀਬੀ ਹਰਮੀਤ ਕੌਰ, ਉਨ੍ਹਾਂ ਦੀ ਸਪੁਤਰੀ ਬੀਬੀ ਸਤਵੰਤ ਕੌਰ ਤੇ ਭਰਾਤਾ ਭਾਈ ਮਨਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਸਾਬਕਾ ਮੈਂਬਰ ਸ਼ਹੀਦ ਭਾਈ ਨਛੱਤਰ ਸਿੰਘ ਭਲਵਾਨ ਦੇ ਸਪੁੱਤਰ ਭਾਈ ਭੁਪਿੰਦਰ ਸਿੰਘ ਭਲਵਾਨ, ਸ਼ਹੀਦ ਭਾਈ ਸਤਵੰਤ ਸਿੰਘ ਅਗਵਾਨ ਦੇ ਭਤੀਜੇ ਭਾਈ ਸੁਖਵਿੰਦਰ ਸਿੰਘ ਅਗਵਾਨ, ਭਾਈ ਤਰਲੋਚਨ ਸਿੰਘ, ਭਾਈ ਜਸਬੀਰ ਸਿੰਘ ਘੁੰਮਣ ਅਤੇ ਹੋਰ ਸ਼ਹੀਦਾਂ ਦੇ ਪਰਿਵਾਰਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸਿੰਘ ਸਾਹਿਬ ਗਿਆਨੀ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨ ਦਿੱਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਸ. ਭੁਪਿੰਦਰ ਸਿੰਘ ਭਲਵਾਨ ਤੇ ਸ. ਅਮਰੀਕ ਸਿੰਘ ਵਿਛੋਆ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਰਾਜਿੰਦਰ ਸਿੰਘ ਮਹਿਤਾ, ਸ. ਬਲਦੇਵ ਸਿੰਘ ਚੂੰਘਾ, ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਗੁਰਿੰਦਰਪਾਲ ਸਿੰਘ ਗੋਰਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਹਰਜਾਪ ਸਿੰਘ ਸੁਲਤਾਨਵਿੰਡ, ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਗਿਆਨੀ ਗੁਰਮੁਖ ਸਿੰਘ ਹੈੱਡ ਗ੍ਰੰਥੀ, ਸ. ਮਨਜੀਤ ਸਿੰਘ ਭੋਮਾ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਜਗਜੀਤ ਸਿੰਘ, ਸ. ਹਰਪਾਲ ਸਿੰਘ ਜੱਲ੍ਹਾ, ਸ. ਵੀਰ ਸਿੰਘ ਲੋਪੋਕੇ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਮਹਿੰਦਰ ਸਿੰਘ ਆਹਲੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਐਡੀਸ਼ਨਲ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਡਾ. ਪਰਮਜੀਤ ਸਿੰਘ ਸਰੋਆ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਬਾਬਾ ਬਲਬੀਰ ਸਿੰਘ ਬੁੱਢਾ ਦਲ ਵੱਲੋਂ ਬਾਬਾ ਸਰਵਨ ਸਿੰਘ ਮਝੈਲ ਤੇ ਬਾਬਾ ਦਿਲਜੀਤ ਸਿੰਘ ਬੇਦੀ, ਸ. ਸਿਮਰਜੀਤ ਸਿੰਘ ਮਾਨ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਤਪਿੰਦਰ ਸਿੰਘ ਪੋਹੀੜ, ਫੈਡਰੇਸ਼ਨ ਆਗੂ ਸ. ਪਰਮਜੀਤ ਸਿੰਘ ਧਰਮ ਸਿੰਘ ਵਾਲਾ, ਸ. ਹਰਦੀਪ ਸਿੰਘ ਬਾਜਵਾ, ਸ. ਅਜਮੇਰ ਸਿੰਘ, ਸ. ਪ੍ਰਭਜੀਤ ਸਿੰਘ, ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

### 6 ਜੂਨ ਦਾ ਦਿਹਾੜਾ ਸੰਸਾਰ ਦੇ ਇਤਿਹਾਸ ਅੰਦਰ ਕਾਲਾ ਦਿਨ-ਗਿਆਨੀ ਹਰਪ੍ਰੀਤ ਸਿੰਘ

ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਦਫ਼ਤਰ ਸਕੱਤਰੇਤ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਆਖਿਆ ਕਿ 6 ਜੂਨ ਦਾ ਦਿਨ ਸੰਸਾਰ ਦੇ ਇਤਿਹਾਸ ਅੰਦਰ ਸਭ ਤੋਂ ਕਾਲਾ ਦਿਨ ਹੈ। ਉਨ੍ਹਾਂ ਕਿਹਾ ਕਿ ਇਸ ਦਿਨ ਭਾਰਤ ਸਰਕਾਰ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ 37 ਦੇ ਲਗਭਗ ਗੁਰਦੁਆਰਾ ਸਾਹਿਬਾਨ 'ਤੇ ਹਮਲੇ ਕੀਤੇ। ਸ੍ਰੀ ਦਰਬਾਰ ਸਾਹਿਬ 'ਤੇ ਕੀਤੇ ਹਮਲੇ ਦੌਰਾਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਨਤਮਸਤਕ ਹੋਣ ਆਈਆਂ ਸੰਗਤਾਂ ਨੂੰ ਭਾਰਤੀ ਫ਼ੌਜ ਨੇ ਗੋਲੀਆਂ ਨਾਲ ਭੁੰਨ ਦਿੱਤਾ। ਇਥੋਂ ਤੱਕ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਵੀ ਗੋਲੀਆਂ ਮਾਰੀਆਂ ਗਈਆਂ। ਸਿੱਖ ਕੌਮ ''ਤੇ ਇਹ ਹਮਲਾ ਇਕ ਨਾਸੂਰ ਦੀ ਤਰ੍ਹਾਂ ਹੈ, ਜਿਸ ਦੀ ਪੀੜਾ ਸਿੱਖ ਕੌਮ ਰਹਿੰਦੀ ਦੁਨੀਆਂ ਤੱਕ ਮਹਿਸੂਸ ਕਰਦੀ ਰਹੇਗੀ। ਭਾਰਤੀ ਫ਼ੌਜ ਵੱਲੋਂ ਇਸ ਹਮਲੇ ਦੌਰਾਨ ਸਿੱਖ ਕੌਮ ਦਾ ਬੇਸ਼ਕੀਮਤੀ ਖ਼ਜ਼ਾਨਾ ਵੀ ਅਜੇ ਤੱਕ ਵਾਪਸ ਨਹੀਂ ਕੀਤਾ ਗਿਆ। ਉਨ੍ਹਾਂ ਆਖਿਆ ਕਿ ਭਾਰਤ ਸਰਕਾਰ ਨੂੰ ਇਸ ਹਮਲੇ ਦਾ ਸੱਚ ਜਨਤਕ ਕਰਨਾ ਚਾਹੀਦਾ ਹੈ ਤਾਂ ਜੋ ਸਮੁੱਚੀ ਦੁਨੀਆਂ ਨੂੰ ਪਤਾ ਲੱਗ ਸਕੇ। ਉਨ੍ਹਾਂ ਸ਼ਹੀਦੀ ਦਿਹਾੜੇ ਮੌਕੇ ਸਮੂਹ ਸੰਗਤ ਨੂੰ ਆਪਣੇ ਸਿਧਾਂਤਾਂ, ਸੰਸਥਾਵਾਂ ਅਤੇ ਕੌਮੀ ਮੁੱਦਿਆਂ ਨਾਲ ਸਬੰਧਤ ਮਸਲਿਆਂ ਨੂੰ ਮਿਲ ਬੈਠ ਕੇ ਇਕਜੁਟਤਾ ਨਾਲ ਨਜਿੱਠਣ ਦੀ ਅਪੀਲ ਕੀਤੀ। ਉਨ੍ਹਾਂ ਕੌਮ ਨੂੰ ਅੰਦਰੂਨੀ ਤੇ ਬਾਹਰੀ ਤੌਰ 'ਤੇ ਢਾਹ ਲਾਉਣ ਵਾਲੀਆਂ ਤਾਕਤਾਂ ਨੂੰ ਤਾੜਨਾ ਕਰਦਿਆਂ ਆਖਿਆ ਕਿ ਉਹ ਆਪਣੀ ਹੱਦਾਂ ਦੀ ਉਲੰਘਣਾ ਨਾ ਕਰਨ। ਉਨ੍ਹਾਂ ਕੇਂਦਰ ਤੇ ਸੂਬਾ ਪੱਧਰ ਦੀਆਂ ਕੁਝ ਅਜਿਹੀਆਂ ਹੀ ਵਿਰੋਧੀ ਤਾਕਤਾਂ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ। ਸਿੰਘ ਸਾਹਿਬ ਨੇ ਆਖਿਆ ਕਿ ਸਿੱਖਾਂ ਕੋਲ ਆਪਣੀ ਰਖਵਾਲੀ ਦੇ ਨਾਲ-ਨਾਲ ਹੋਰਨਾਂ ਨੂੰ ਵੀ ਸੁਰੱਖਿਆ ਦੇਣ ਵਾਲੀਆਂ ਮਹਾਨ ਪ੍ਰੰਪਰਾਵਾਂ ਮੌਜੂਦ ਹਨ ਅਤੇ ਹਰ ਸਿੱਖ ਨੂੰ ਇਨ੍ਹਾਂ ਉਪਰ ਚੇਤੰਨ ਰੂਪ ਵਿਚ ਪਹਿਰਾ ਦੇਣ ਦੀ ਜ਼ੁੰਮੇਵਾਰੀ ਨਿਭਾਉਣੀ ਚਾਹੀਦੀ ਹੈ।

### ਅਣਮਨੁੱਖੀ ਤਸ਼ੱਦਦ ਦੀ ਸਿਖ਼ਰ ਸੀ ਸ੍ਰੀ ਦਰਬਾਰ ਸਾਹਿਬ 'ਤੇ ਕੀਤਾ ਹਮਲਾ -ਭਾਈ ਲੌਂਗੋਵਾਲ

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਜੂਨ 1984 ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਕੀਤਾ ਗਿਆ ਹਮਲਾ ਅਣਮਨੁੱਖੀ ਤਸ਼ੱਦਦ ਦੀ ਸਿਖਰ ਸੀ, ਜਿਸ ਨੂੰ ਭੁੱਲਣਾ ਮੁਸ਼ਕਲ ਹੀ ਨਹੀਂ ਸਗੋਂ ਅਸੰਭਵ ਹੈ। ਉਨ੍ਹਾਂ ਕਿਹਾ ਕਿ ਇਸ ਦਿਹਾੜੇ ਮੌਕੇ ਸਿੱਖ ਕੌਮ ਦੇ ਅੱਲ੍ਹੇ ਜ਼ਖ਼ਮ ਰਿਸਣ ਲੱਗਦੇ ਹਨ। ਇਹ ਅਤਿਭਾਵੁਕ ਅਤੇ ਸੰਵੇਦਨਸ਼ੀਲ ਦਿਹਾੜਾ ਹੈ, ਜਿਸ ਨੂੰ ਮਨਾਉਣ ਲਈ ਸਮੁੱਚੀ ਕੌਮ ਨੂੰ ਇਕਜੁਟਤਾ ਦਿਖਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸ ਦਿਹਾੜੇ ਮੌਕੇ ਉਤੇਜਨਾ ਠੀਕ ਨਹੀਂ ਹੈ ਅਤੇ ਅਜਿਹਾ ਕਰਨ ਨਾਲ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਦੇ ਮਨਾਂ ਨੂੰ ਭਾਰੀ ਠੇਸ ਪੁੱਜਦੀ ਹੈ। ਭਾਈ ਲੌਂਗੋਵਾਲ ਨੇ ਸ਼ਹੀਦੀ ਸਮਾਗਮ ਦੌਰਾਨ ਹਾਜ਼ਰੀ ਭਰਨ ਅਤੇ ਸਹਿਯੋਗ ਦੇਣ ਵਾਲੀਆਂ ਸਮੂਹ ਧਾਰਮਿਕ ਜਥੇਬੰਦੀਆਂ ਅਤੇ ਸੰਗਤਾਂ ਦਾ ਧੰਨਵਾਦ ਵੀ ਕੀਤਾ।

### ਜੂਨ '84 ਦੇ ਹਮਲੇ ਦੌਰਾਨ ਲੁੱਟਿਆ ਸਾਹਿਤਕ ਖ਼ਜ਼ਾਨਾ ਵਾਪਸ ਹੋਵੇ-ਡਾ. ਰੂਪ ਸਿੰਘ

ਸ਼ਹੀਦੀ ਦਿਹਾੜੇ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਉਸ ਸਮੇਂ ਦੀ ਕਾਂਗਰਸ ਸਰਕਾਰ ਦੇ ਕਰੂਰਕਾਰੇ ਵਿਰੁੱਧ ਸੰਸਦ ਵਿਚ ਨਿੰਦਾ ਮਤਾ ਪਾਸ ਕਰੇ। ਉਨ੍ਹਾਂ ਆਖਿਆ ਕਿ ਭਾਰਤ ਦੀ ਵਰਤਮਾਨ ਸਰਕਾਰ ਆਪਣੇ ਆਪ ਵਿਚ ਸਮਰੱਥ ਸਰਕਾਰ ਹੈ ਅਤੇ ਉਸ ਨੂੰ ਸਿੱਖਾਂ 'ਤੇ ਕੀਤੇ ਗਏ ਇਸ ਹਮਲੇ ਦੌਰਾਨ ਸਿੱਖ ਰੈਂਫਰੈਂਸ ਲਾਇਬ੍ਰੇਰੀ ਦੇ ਕੀਮਤੀ ਸਾਹਿਤਕ ਖ਼ਜ਼ਾਨੇ ਸਬੰਧੀ ਵੀ ਪੜਤਾਲ ਕਰਵਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੂਨ 1984 ਦੇ ਹਮਲੇ ਦੌਰਾਨ ਲਾਇਬ੍ਰੇਰੀ ਦਾ ਬੇਸ਼ਕੀਮਤੀ ਸਮਾਨ ਉਠਾ ਲਿਆ ਗਿਆ ਸੀ, ਜੋ ਅਜੇ ਤੱਕ ਬਾਰ-ਬਾਰ ਅਪੀਲਾਂ ਦੇ ਬਾਵਜੂਦ ਸ਼੍ਰੋਮਣੀ ਕਮੇਟੀ ਨੂੰ ਵਾਪਸ ਨਹੀਂ ਕੀਤਾ ਗਿਆ। ਸਿੱਖਾਂ ਦੇ ਇਸ ਅਨਮੋਲ ਖ਼ਜ਼ਾਨੇ ਨੂੰ ਵਾਪਸ ਕਰਨ ਲਈ ਭਾਰਤ ਸਰਕਾਰ ਨੂੰ ਠੋਸ ਕਦਮ ਉਠਾਉਣੇ ਚਾਹੀਦੇ ਹਨ।

# ਉੱਤਰ ਪ੍ਰਦੇਸ਼ ਅਤੇ ਉੱਤਰਾਖੰਡ ਸਟੇਟਾਂ ਦੇ 500 ਬੱਚਿਆਂ ਗੁਰਮਤਿ ਕੈਂਪ ਵਿਚ ਭਾਗ ਲਿਆ

ਨਵਾਬ ਗੰਜ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦੇਸ਼ ਭਰ ਵਿਚ ਆਰੰਭ ਕੀਤੇ ਗਏ ਗੁਰਮਤਿ ਕੈਂਪਾਂ ਦੀ ਲੜੀ ਤਹਿਤ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉੱਤਰ ਪ੍ਰਦੇਸ਼ ਅਤੇ ਉੱਤਰਾਖੰਡ ਸਟੇਟਾਂ ਦੇ 500 ਤੋਂ ਵੱਧ ਬੱਚਿਆਂ ਦਾ ਗੁਰਮਤਿ ਸਿਖਲਾਈ ਕੈਂਪ 19 ਮਈ ਤੋਂ 8 ਜੂਨ ਤੱਕ ਨਵਾਬ ਗੰਜ ਵਿਖੇ ਲਗਾਇਆ ਗਿਆ। ਕੈਂਪ ਦੀ ਸਮਾਪਤੀ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਅਜਾਇਬ ਸਿੰਘ ਅਭਿਆਸੀ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਗੁਰਮਤਿ ਕੈਂਪ ਵਿਚ ਵੱਖ-ਵੱਖ ਵਿਦਵਾਨਾਂ ਨੇ ਬੱਚਿਆਂ ਨੂੰ ਗੁਰਬਾਣੀ, ਗੁਰਇਤਿਹਾਸ ਤੇ ਸਿੱਖ ਰਹਿਤ ਮਰਿਯਾਦਾ ਬਾਰੇ ਭਾਵਪੂਰਤ ਜਾਣਕਾਰੀ ਦਿੱਤੀ। ਕੈਂਪ ਦੀ ਸਮਾਪਤੀ ਸਮੇਂ ਭਾਗ ਲੈਣ ਵਾਲੇ ਬੱਚਿਆਂ ਦੇ ਵੱਖ-ਵੱਖ ਗਰੁੱਪਾਂ ਵਿੱਚ ਧਾਰਮਿਕ ਮੁਕਾਬਲੇ ਕਰਵਾਏ ਗਏ ਜਿਸ ਵਿਚ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਅਜਾਇਬ ਸਿੰਘ ਅਭਿਆਸੀ ਨੇ ਬੱਚਿਆਂ ਨੂੰ ਸਿੱਖੀ ਵਿਰਸੇ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਦਿੱਤੀ। ਮੀਰੀ ਪੀਰੀ ਅਕੈਡਮੀ ਨਵਾਬ ਗੰਜ ਦੇ ਮੁੱਖ ਪ੍ਰਬੰਧਕ ਸ. ਅਨੂਪ ਸਿੰਘ ਵੱਲੋਂ ਇਸ ਉਪਰਾਲੇ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸਕੱਤਰ ਧਰਮ ਪ੍ਰਚਾਰ ਕਮੇਟੀ ਦਾ ਧੰਨਵਾਦ ਕੀਤਾ ਗਿਆ। ਇਸ ਸਮਾਗਮ ਵਿਚ ਸਿੱਖ ਮਿਸ਼ਨ ਹਾਪੁੜ ਯੂ. ਪੀ. ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ ਤੇ ਸਿੱਖ ਮਿਸ਼ਨ ਕਸ਼ੀਪੁਰ ਦੇ ਇੰਚਾਰਜ ਸ. ਹਰਜਿੰਦਰ ਸਿੰਘ, ਪ੍ਰਚਾਰਕ ਭਾਈ ਸੁਖਵਿੰਦਰ ਸਿੰਘ ਐਮ ਏ, ਭਾਈ ਕਰਮ ਸਿੰਘ, ਭਾਈ ਜਗਜੀਤ ਸਿੰਘ, ਮਨਜਿੰਦਰ ਸਿੰਘ, ਭਾਈ ਸਤਨਾਮ ਸਿੰਘ, ਭਾਈ ਦਵਿੰਦਰ ਸਿੰਘ ਕਵੀਸ਼ਰ ਜਥਾ, ਭਾਈ ਬ੍ਰਹਮ ਸਿੰਘ ਸੰਗੀਤ ਅਧਿਆਪਕ, ਭਾਈ ਰਾਜਪਾਲ ਸਿੰਘ ਤਬਲਾ ਅਧਿਆਪਕ ਨੇ ਵੀ ਹਾਜ਼ਰੀ ਭਰੀ।



ਮੁੱਖ ਸੰਪਾਦਕ:
ਬਲਵਿੰਦਰ ਸਿੰਘ ਜੌੜਾਸਿੰਘਾ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਗਾਵਹੁ ਸਚੀ ਬਾਣੀ ਭਾਗ-3 ਦੀ ਸ੍ਰੀ ਗੁਰੂ ਰਾਮਦਾਸ 'ਵਰਸਿਟੀ ਤੋਂ ਹੋਈ ਸ਼ੁਰੂਆਤ

## ਅੱਵਲ ਆਉਣ ਵਾਲੇ ਕੀਰਤਨਕਾਰਾਂ ਨੂੰ ਦਿੱਤੀ ਜਾਵੇਗੀ ਵਿਸ਼ੇਸ਼ ਇਨਾਮੀ ਰਾਸ਼ੀ- ਭਾਈ ਲੌਂਗੋਵਾਲ



ਅੰਮ੍ਰਿਤਸਰ, 10 ਜੂਨ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 16 ਤੋਂ 25 ਸਾਲ ਦੇ ਗੁਰਸਿੱਖ ਪ੍ਰਤੀਯੋਗੀਆਂ ਦੇ ਕੀਰਤਨ ਮੁਕਾਬਲਿਆਂ ਦੀ ਆਰੰਭਤਾ ਅੱਜ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ ਵੱਲ੍ਹਾ ਵਿਖੇ ਅਰਦਾਸ ਉਪਰੰਤ ਹੋਈ। ਸ਼੍ਰੋਮਣੀ ਕਮੇਟੀ ਵੱਲੋਂ 'ਗਾਵਹੁ ਸਚੀ ਬਾਣੀ' ਦੇ ਟਾਈਟਲ ਹੇਠ ਕਰਵਾਏ ਜਾ ਰਹੇ ਇਹ ਤੀਸਰੇ ਕੀਰਤਨ ਮੁਕਾਬਲੇ ਹਨ। ਇਸ ਤੋਂ ਪਹਿਲਾਂ ਦੋ ਭਾਗ ਸਫ਼ਲਤਾਪੂਰਵਕ ਕਰਵਾਏ ਜਾ ਚੁੱਕੇ ਹਨ। ਕੀਰਤਨ ਮੁਕਾਬਲਿਆਂ ਦੇ ਪਹਿਲੇ ਔਡੀਸ਼ਨ ਦੌਰਾਨ ਅੱਜ 400 ਤੋਂ ਵੱਧ ਪ੍ਰਤੀਯੋਗੀਆਂ ਨੇ ਰਾਗ ਅਧਾਰਿਤ ਸ਼ਬਦ ਗਾਇਨ ਕਰਕੇ ਆਪਣੀ ਪ੍ਰਤਿਭਾ ਦਾ ਪ੍ਰਗਟਾਵਾ ਕੀਤਾ। ਇਸ ਦੌਰਾਨ ਪ੍ਰਤੀਯੋਗੀਆਂ ਦੀ ਕਾਰਜ-ਕੁਸ਼ਲਤਾ ਪਰਖਣ ਲਈ ਪ੍ਰਸਿੱਧ ਰਾਗੀ ਭਾਈ ਹਰਜੋਤ ਸਿੰਘ ਜ਼ਖ਼ਮੀ, ਪ੍ਰੋ. ਰਵੇਲ ਸਿੰਘ ਅਤੇ ਹਜ਼ੂਰੀ ਰਾਗੀ ਭਾਈ ਮਨਿੰਦਰ ਸਿੰਘ ਨੇ ਨਿਰਣਾਇਕ ਵਜੋਂ ਭੂਮਿਕਾ ਨਿਭਾਈ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਬੀਤੇ ਸਮੇਂ ਦੌਰਾਨ ਕਰਵਾਏ ਗਏ 'ਗਾਵਹੁ ਸਚੀ ਬਾਣੀ' ਦੇ ਸਿਰਲੇਖ ਹੇਠ ਕਰਵਾਏ ਪਹਿਲੇ ਦੋ ਕੀਰਤਨ ਮੁਕਾਬਲਿਆਂ ਨੂੰ ਦੇਸ਼ ਵਿਦੇਸ਼ ਦੀ ਸੰਗਤ ਵੱਲੋਂ ਭਰਪੂਰ ਹੁੰਗਾਰਾ ਦਿੱਤਾ ਗਿਆ ਸੀ ਅਤੇ ਹੁਣ ਸੰਗਤਾਂ ਦੀ ਮੰਗ ਅਨੁਸਾਰ ਇਸ ਪ੍ਰੋਗਰਾਮ ਦੇ ਤੀਸਰੇ ਭਾਗ ਦੀ ਆਰੰਭਤਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਤਹਿਤ ਜਿਥੇ ਨੌਜੁਆਨ ਪੀੜ੍ਹੀ ਜਿਥੇ ਆਪਣੀ ਗੁਰਮਤਿ ਸੰਗੀਤ ਦੀ ਪ੍ਰਤਿਭਾ ਨੂੰ ਪੇਸ਼ ਕਰੇਗੀ, ਉਥੇ ਹੀ ਇਸ ਨਾਲ ਸਿੱਖ ਵਿਰਸੇ ਅਤੇ ਗੁਰਮਤਿ ਸੱਭਿਆਚਾਰ ਦਾ ਪ੍ਰਚਾਰ ਪ੍ਰਸਾਰ ਵੀ ਹੋਵੇਗਾ। ਭਾਈ ਲੌਂਗੋਵਾਲ ਨੇ ਦੱਸਿਆ ਕਿ ਮੁੱਢਲੇ ਔਡੀਸ਼ਨ ਤਹਿਤ ਚਾਰ ਵੱਖ-ਵੱਖ ਥਾਵਾਂ 'ਤੇ ਨੌਜੁਆਨ ਸਿੱਖ ਕੀਰਤਨ-ਕਾਰਾਂ ਨੂੰ ਵਿੱਚੋਂ ਵਿਸ਼ੇਸ਼ ਬੱਚਿਆਂ ਦੀ ਚੋਣ ਕਰਕੇ ਅੱਗੇ ਲਿਜਾਇਆ ਜਾਵੇਗਾ ਅਤੇ ਅਖੀਰ ਵਿਚ ਤਿੰਨ ਅੱਵਲ ਆਏ ਬੱਚਿਆਂ ਨੂੰ ਵੱਡੇ ਇਨਾਮ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਪਹਿਲੇ ਸਥਾਨ 'ਤੇ ਆਉਣ ਵਾਲੇ ਪ੍ਰਤੀਯੋਗੀ ਨੂੰ ਪੰਜ ਲੱਖ ਰੁਪਏ, ਦੂਸਰੇ ਨੂੰ ਤਿੰਨ ਲੱਖ ਰੁਪਏ ਅਤੇ ਤੀਸਰੇ ਸਥਾਨ 'ਤੇ ਆਉਣ ਵਾਲੇ ਨੌਜੁਆਨ ਕੀਰਤਨਕਾਰ ਨੂੰ ਇੱਕ ਲੱਖ ਰੁਪਏ ਦੀ ਇਨਾਮੀ ਰਾਸ਼ੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਦੋ ਵਿਸ਼ੇਸ਼ ਪ੍ਰਤੀਯੋਗੀਆਂ ਨੂੰ ਪੰਜਾਹ-ਪੰਜਾਹ ਰੁਪਏ ਦੇ ਇਨਾਮ ਨਾਲ ਨਿਵਾਜਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਕੀਰਤਨ ਮੁਕਾਬਲੇ ਦੀ ਅੱਜ ਪਹਿਲੇ ਔਡੀਸ਼ਨ ਨਾਲ ਸ਼ੁਰੂਆਤ ਕਰ ਦਿੱਤੀ ਗਈ ਹੈ ਅਤੇ ਅਗਲੇ ਦਿਨਾਂ ਵਿਚ ਇਸ ਦੇ ਵੱਖ-ਵੱਖ ਥਾਵਾਂ 'ਤੇ ਔਡੀਸ਼ਨ ਹੋਣਗੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵਡ ਤੇ ਸ. ਹਰਜਾਪ ਸਿੰਘ ਸੁਲਤਾਨਵਿੰਡ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਮਹਿੰਦਰ ਸਿੰਘ ਆਹਲੀ, ਸ. ਅਵਤਾਰ ਸਿੰਘ ਸੈਂਪਲਾ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਡਾ. ਏ.ਪੀ. ਸਿੰਘ, ਮੈਡਮ ਚੰਚਲ ਕੌਸ਼ਕ, ਸ. ਦਰਸ਼ਨ ਸਿੰਘ ਪੀ.ਏ. ਆਦਿ ਹਾਜ਼ਰ ਸਨ।

# ਸਿੱਖ ਮਿਸ਼ਨ ਦਿੱਲੀ ਵਲੋਂ ਮਯੂਰ ਵਿਹਾਰ ਫੇਸ-1 ਵਿਖੇ ਗੁਰਮਤਿ ਪ੍ਰਚਾਰ ਕੈਂਪ ਆਯੋਜਤ



ਦਿੱਲੀ- ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਹੇਠ ਚਲ ਰਹੇ ਸਿੱਖ ਮਿਸ਼ਨ ਦਿੱਲੀ, ਵਲੋਂ ਸਿੱਖੀ ਦੇ ਪ੍ਰਚਾਰ ਅਤੇ ਪ੍ਰਸਾਰ ਨੂੰ ਮੁੱਖ ਰੱਖਦਿਆਂ ਗਰਮੀਆ ਦੀਆਂ ਛੁੱਟੀਆਂ ਦੇ ਸਮੇਂ ਬੀਤੇ ਦਿਨੀਂ ਛੋਟੇ ਬੱਚਿਆਂ ਨੂੰ ਗੁਰਮੁਖੀ ਭਾਸ਼ਾ ਅਤੇ ਸਿੱਖ ਇਤਿਹਾਸ ਅਤੇ ਗੁਰਮਤਿ ਸਿਧਾਤਾਂ ਤੋਂ ਜਾਣੂ ਕਰਵਾਉਣ ਹਿੱਤ ਸੱਤ ਰੋਜਾ ਗੁਰਮਤਿ ਪ੍ਰਚਾਰ ਕੈਂਪ ਗੁਰਦੁਵਾਰਾ ਸ੍ਰੀ ਗੁਰੂ ਸਿੰਘ ਸਭਾ ਮਯੂਰ ਵਿਹਾਰ ਫੇਸ-1 ਦਿੱਲੀ ਵਿਖੇ ਲਗਾਇਆ ਗਇਆ। ਇਸ ਗੁਰਮਤਿ ਕੈਂਪ ਸਬੰਧੀ ਜਾਣਕਾਰੀ ਦਿੰਦਿਆ ਸਿੱਖ ਮਿਸ਼ਨ ਦਿੱਲੀ ਦੇ ਇੰਚਾਰਜ ਭਾਈ ਸੁਰਿੰਦਰ ਪਾਲ ਸਿੰਘ ਸਮਾਣਾ ਨੇ ਦੱਸਿਆ ਕਿ ਇਹ ਗੁਰਮਤਿ ਕੈਂਪ ਗੁਰਦਵਾਰਾ ਸ੍ਰੀ ਗੁਰੂ ਸਿੰਘ ਸਭਾ ਮਯੂਰ ਵਿਹਾਰ ਫੇਸ-1 ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਆਰੰਭ ਕੀਤਾ ਗਿਆ ਸੀ। ਸੱਤ ਦਿਨ ਚਲੇ ਇਸ ਗੁਰਮਤਿ ਕੈਂਪ ਵਿਚ ਬੱਚਿਆ ਨੇ ਵੱਧ ਚੜ੍ਹ ਕੇ ਸ਼ਮੂਲੀਅਤ ਕੀਤੀ ਅਤੇ ਨਾਲ ਹੀ ਬੱਚਿਆ ਦੇ ਮਾਪਿਆ ਵੱਲੋਂ ਵੀ ਇਸ ਦੌਰਾਨ ਹਾਜਰੀ ਭਰੀ ਗਈ। ਇਸ ਦੌਰਾਨ ਬੱਚਿਆਂ ਨੂੰ ਜਿਥੇ ਸਿੱਖ ਇਤਿਹਾਸ ਦੀ ਜਾਣਕਾਰੀ ਦਿੱਤੀ ਗਈ ਉਥੇ ਨਾਲ ਪੰਥ ਪ੍ਰਵਾਨਿਤ ਸਿੱਖ ਰਹਿਤ ਮਰਯਾਦਾ ਬਾਰੇ ਵੀ ਲੈਕਚਰ ਕੀਤੇ ਗਏ ਅਤੇ ਬੱਚਿਆ ਨੂੰ ਗੁਰਮਖੀ ਭਾਸ਼ਾ ਦੇ ਕਾਇਦੇ ਅਤੇ ਹੋਰ ਭੇਟਾ ਰਹਿਤ ਲਿਟਰੇਚਰ ਵੀ ਵੰਡਿਆ ਗਿਆ, ਕੈਪ ਦੇ ਆਖਰੀ ਦਿਨ ਬੱਚਿਆਂ ਦੀ ਪ੍ਰੀਖਿਆ ਲਈ ਗਈ ਜਿਸ ਵਿੱਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ। ਇਸ ਕੈਂਪ ਵਿਚ ਸ਼ਾਮਿਲ ਸਾਰੇ ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਮੈਡਲ ਅਤੇ ਸਰਟੀਫਿਕੇਟ ਵੀ ਦਿੱਤੇ ਗਏ। ਸੰਗਤਾਂ ਨੇ ਸਿੱਖ ਮਿਸਨ ਦਿੱਲੀ ਵੱਲੋਂ ਕੀਤੇ ਜਾ ਰਹੇ ਇਨ੍ਹਾਂ ਗੁਰਮਤਿ ਪ੍ਰਚਾਰ ਦੇ ਕਾਰਜਾਂ ਦੀ ਸਰਾਹਨਾ ਕੀਤੀ। ਇਸ ਮੌਕੇ ਪ੍ਰਚਾਰਕ ਭਾਈ ਕੁਲਵੰਤ ਸਿੰਘ, ਸ. ਪ੍ਰੇਮ ਸਿੰਘ, ਸ. ਰਾਮ ਸਿੰਘ ਅਤੇ ਸਥਾਨਕ ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੇ ਮੈਂਬਰ ਭੁਪਿੰਦਰ ਸਿੰਘ ਮੌਜੂਦ ਸਨ।

# ਪਿੰਡ ਕੋਟਲਾ ਮੂਸਾ ਵਿਖੇ 10 ਦਿਨਾਂ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ



ਬਟਾਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ ਦੇ ਅਦੇਸ਼ਾਂ ਤੇ ਅਰੰਭੀ ਧਰਮ ਪ੍ਰਚਾਰ ਲਹਿਰ ਨੂੰ ਨਿਰੰਤਰ ਜਾਰੀ ਰੱਖਦਿਆਂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ ਨੇ ਬੱਚਿਆਂ ਨੂੰ ਗੁਰ ਸਿਧਾਂਤ ਤੋਂ ਜਾਣੂ ਕਰਾਉਣ, ਨਸ਼ਿਆਂ ਤੇ ਪਤਿਤ-ਪੁਣੇ ਤੋਂ ਦੂਰ ਰਹਿਣ, ਸਿੱਖੀ ਸਰੂਪ ਵਿੱਚ ਕਾਇਮ ਰਹਿਣ, ਸਿੱਖ ਵਿਰਸੇ ਨੂੰ ਸੰਭਾਲਣ, ਸਿੱਖ ਇਤਿਹਾਸ ਤੋਂ ਜਾਣੂ ਕਰਵਾਉਣ ਅਤੇ ਬਾਣੀ ਬਾਣੇ ਤੇ ਨਿਤਨੇਮ ਨਾਲ ਜੁੜੇ ਰਹਿਣ ਵਾਸਤੇ ਗਰਮੀਆਂ ਦੀਆਂ ਛੁੱਟੀਆਂ ਵਿੱਚ ਹਲਕਾ ਬਟਾਲਾ ਦੇ ਪਿੰਡ ਕੋਟਲਾ ਮੂਸਾ ਵਿਖੇ 10 ਦਿਨਾਂ ਬੱਚਿਆਂ ਦਾ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਭਾਈ ਮਨਜੀਤ ਸਿੰਘ ਕਾਦੀਆਂ ਪ੍ਰਚਾਰਕ ਨੇ ਬੱਚਿਆਂ ਨੂੰ ਗੁਰਮਤਿ ਰਹਿਣੀ-ਬਹਿਣੀ ਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਜੋੜ ਕੇ ਗੁਰਬਾਣੀ ਅਤੇ ਗਰਮਤਿ ਸਿਧਾਂਤਾਂ ਦੀ ਮੁੱਢਲੀ ਸਿੱਖਿਆ ਦਿੱਤੀ। ਇਸ ਕੈਂਪ ਵਿੱਚ 35 ਦੇ ਕਰੀਬ ਬੱਚਿਆਂ ਨੇ ਭਾਗ ਲਿਆ। ਕੈਂਪ ਦੀ ਸਮਾਪਤੀ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਹਾਜ਼ਰੀ ਭਰਦਿਆਂ ਬੱਚਿਆਂ ਕੋਲੋਂ ਉਹਨਾਂ ਦੇ ਮਾਤਾ ਪਿਤਾ ਅਤੇ ਮੋਹਤਬਰਾਂ ਦੀ ਹਾਜ਼ਰੀ ਵਿੱਚ ਦਸ ਗੁਰੂ ਸਾਹਿਬਾਨ, ਸਿੱਖ ਇਤਿਹਾਸ ਤੇ ਰਹਿਤ ਮਰਿਯਾਦਾ ਨਾਲ ਸਬੰਧਿਤ ਸਵਾਲ ਸੁਣੇ। ਜਿਸ ਦੇ ਬੱਚਿਆਂ ਨੇ ਬਾਖ਼ੂਬੀ ਜਵਾਬ ਦਿੱਤੇ। ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ, ਸ. ਗੁਰਤਿੰਦਰ ਪਾਲ ਸਿੰਘ ਭਾਟੀਆ ਮੈਨੇਜਰ, ਸ. ਸੁਖਬੀਰ ਸਿੰਘ ਮੈਨੇਜਰ ਅਤੇ ਭਾਈ ਮਨਜੀਤ ਸਿੰਘ ਕਾਦੀਆਂ ਪ੍ਰਚਾਰਕ ਨੇ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਧਾਰਿਮਕ ਪੁਸਤਕਾਂ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਪ੍ਰਚਾਰਕ ਭਾਈ ਬਲਬੀਰ ਸਿੰਘ ਸੇਖਵਾਂ, ਭਾਈ ਗੁਰਮੁੱਖ ਸਿੰਘ ਖਾਲਸਾ, ਭਾਈ ਸਿਮਰਨਜੀਤ ਸਿੰਘ ਕੋਟ ਟੋਡਰ ਮੱਲ, ਭਾਈ ਮਹਿਤਾਬ ਸਿੰਘ ਖ਼ਾਲਸਾ ਕਵੀਸ਼ਰ, ਬਲਰਾਜ ਸਿੰਘ ਸਰਪੰਚ ਕੋਟਲਾ ਮੂਸਾ, ਮੈਬਰ ਪੰਚਾਇਤ ਸ. ਸਲਵਿੰਦਰ ਸਿੰਘ, ਸ. ਬੂਆ ਸਿੰਘ ਸਮੇਤ ਪਿੰਡ ਦੀਆਂ ਸੰਗਤਾਂ ਹਾਜ਼ਰ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨੈਸ਼ਨਲ ਲਾਇਬ੍ਰੇਰੀ ਕਲਕੱਤਾ ਵਿਖੇ ਸੈਮੀਨਾਰ ਆਯੋਜਿਤ



ਅੰਮ੍ਰਿਤਸਰ, 18 ਜੂਨ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਜੇ.ਆਈ.ਐਸ. ਯੂਨੀਵਰਸਿਟੀ ਕਲਕੱਤਾ ਵੱਲੋਂ ਕਲਕੱਤਾ ਦੀ ਨੈਸ਼ਨਲ ਲਾਇਬ੍ਰੇਰੀ ਵਿਖੇ ਸਾਂਝੇ ਤੌਰ 'ਤੇ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੌਰਾਨ ਵਿਸ਼ੇਸ਼ ਬੁਲਾਰਿਆਂ ਵਜੋਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਬਕਾ ਵੀ.ਸੀ. ਡਾ. ਜਸਪਾਲ ਸਿੰਘ ਅਤੇ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਸ. ਤਰਲੋਚਨ ਸਿੰਘ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਡਾ. ਰੂਪ ਸਿੰਘ ਨੇ ਆਖਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸਰਬਸਾਂਝੀ ਵਿਚਾਰਧਾਰਾ ਮਨੁੱਖੀ ਜੀਵਨ ਦੇ ਵਿਕਾਸ ਲਈ ਬੇਹਤਰ ਅਗਵਾਈ ਕਰਦੀ ਹੈ, ਕਿਉਂਕਿ ਮਨੁੱਖ ਦੀਆਂ ਹਰ ਤਰ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਗੁਰੂ ਸਾਹਿਬ ਨੇ ਆਪਣੀ ਬਾਣੀ ਅੰਦਰ ਦਰਸਾਇਆ ਹੈ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਰ ਸਿੱਖ ਅਤੇ ਗੁਰੂ ਨਾਨਕ ਨਾਮ ਲੇਵਾ ਦਾ ਫ਼ਰਜ਼ ਹੈ ਕਿ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਪ੍ਰਚਾਰਨ ਲਈ ਆਪਣਾ ਯੋਗਦਾਨ ਪਾਉਣ। ਇਸ ਦੌਰਾਨ ਉਨ੍ਹਾਂ ਨੈਸ਼ਨਲ ਲਾਇਬ੍ਰੇਰੀ ਕਲਕੱਤਾ ਦੇ ਪੰਜਾਬੀ ਵਿਭਾਗ ਵਿਖੇ ਲਾਇਬ੍ਰੇਰੀਅਨ ਨਾ ਹੋਣ 'ਤੇ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕੇਂਦਰ ਤੇ ਵੈਸਟ ਬੰਗਾਲ ਦੀ ਸਰਕਾਰ ਪਾਸੋਂ ਇਸ ਦਾ ਤੁਰੰਤ ਪ੍ਰਬੰਧ ਕਰਨ ਦੀ ਮੰਗ ਕੀਤੀ। ਸੈਮੀਨਾਰ ਦੌਰਾਨ ਡਾ. ਜਸਪਾਲ ਸਿੰਘ ਅਤੇ ਸ. ਤਰਲੋਚਨ ਸਿੰਘ ਨੇ ਵੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਿਧਾਂਤਾਂ ਅਤੇ ਉਪਦੇਸ਼ਾਂ ਨੂੰ ਮਾਨਵ ਹਿਤੈਸ਼ੀ ਦੱਸਿਆ। ਇਸ ਮੌਕੇ ਜੇ.ਆਈ.ਐਸ. ਯੂਨੀਵਰਸਿਟੀ ਦੇ ਚਾਂਸਲਰ ਸ. ਤਰਨਜੀਤ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਪ੍ਰੋ. ਬਿਮਲ ਚੰਦਰਾ ਮੱਲ ਵੀ.ਸੀ., ਡਾ. ਹਿਮਾਦਰੀ ਬੇਨਰਜੀ, ਪ੍ਰੋ. ਛਿੰਦਾ ਚੈਟਰਜੀ, ਡਾ. ਆਸ਼ਾ ਮੁਖਰਜੀ, ਸ. ਜਗਮੋਹਨ ਸਿੰਘ ਗਿੱਲ, ਪ੍ਰੋ. ਅੰਜਲੀ ਗੇਰਾ ਰਾਏ, ਖ਼ਾਲਸਾ ਕਾਲਜ ਪਟਿਆਲਾ ਦੇ ਪ੍ਰਿੰਸਪਲ ਡਾ. ਧਰਮਿੰਦਰ ਸਿੰਘ ਓਭਾ ਤੇ ਪ੍ਰੋ. ਤਪਨ ਕੇ.ਆਰ. ਚੈਟਰਜੀ ਨੇ ਵੀ ਸੰਬੋਧਨ ਕੀਤਾ।

# ਪਿੰਡ ਢੱਡੇ ਵਿਖੇ ਗੁਰਮਤਿ ਸਿਖਲਾਈ ਕੈਂਪ ਦੌਰਾਨ ਸੰਗਤਾਂ ਨੂੰ ਰੁੱਖ ਲਗਾਉਣ ਲਈ ਕੀਤਾ ਗਿਆ ਪ੍ਰੇਰਿਤ



ਢੱਡੇ- ਧਰਮ ਪ੍ਰਚਾਰ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਤਹਿਤ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਥਾਵਾਂ ਤੇ ਲਗਾਏ ਜਾ ਰਹੇ ਗੁਰਮਤਿ ਕੈਂਪ ਦੀ ਲੜੀ ਤਹਿਤ ਪਿੰਡ ਢੱਡੇ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਗੁਰਮਤਿ ਸਿੱਖਲਾਈ ਕੈਂਪ ਲਗਾਇਆ ਗਿਆ। ਗੁਰਮਤਿ ਕੈਂਪ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਪ੍ਰੇਮਜੀਤ ਸਿੰਘ ਢੱਡੇ ਤੇ ਹੋਰ ਪ੍ਰਚਾਰਕਾਂ ਨੇ ਬੱਚਿਆਂ ਨੂੰ ਗੁਰਬਾਣੀ, ਗੁਰ-ਇਤਿਹਾਸ, ਸਿੱਖ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ। ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਸਮੇਂ ਜੱਜ ਦੀ ਭੂਮਿਕਾ ਪ੍ਰਚਾਰਕ ਭਾਈ ਖਜਾਨ ਸਿੰਘ ਢੱਡੇ ਅਤੇ ਭਾਈ ਦਿਲਬਾਗ ਸਿੰਘ ਭੰਗਾਲੀ ਨੇ ਨਿਭਾਈ। ਇਸ ਮੌਕੇ ਸੀਨੀਅਰ ਅਤੇ ਜੂਨੀਅਰ ਗਰੁੱਪ ਦੇ ਸੁੰਦਰ ਦਸਤਾਰ ਮੁਕਾਬਲੇ ਵੀ ਕਰਵਾਏ ਗਏ, ਜਿਸ ਵਿੱਚ ਜੱਜ ਦੀ ਭੂਮਿਕਾ ਭਾਈ ਜਸਪਾਲ ਸਿੰਘ ਦਸਤਾਰ ਕੋਚ ਨੇ ਨਿਭਾਈ। ਇਨ੍ਹਾਂ ਮੁਕਾਬਲਿਆਂ ਵਿੱਚ ਪਹਿਲੇ, ਦੂਜੇ ਤੇ ਤੀਜੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਢੱਡੇ ਦੇ ਸਹਿਯੋਗ ਨਾਲ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਕੈਂਪ ਵਿੱਚ ਹਿੱਸਾ ਲੈਣ ਵਾਲੇ ਸਾਰੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ (ਸ਼੍ਰੋ: ਗੁ: ਪ੍ਰ: ਕਮੇਟੀ) ਵੱਲੋਂ ਮੈਡਲ, ਸਨਮਾਨ ਪੱਤਰ ਅਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ। ਬੱਚਿਆਂ ਨੂੰ ਵਾਤਾਵਰਣ ਬਾਰੇ ਜਾਗਰੂਪ ਕਰਦਿਆਂ ਪੈਡਾਗੋਜ਼ੀ ਪਬਲਿਕ ਸਕੂਲ, ਢੱਡੇ ਵਿਖੇ ਵਾਤਾਵਰਣ ਦੀ ਸ਼ੁੱਧਤਾ ਲਈ ਇਸ ਕੈਂਪ ਨੂੰ ਸਮਰਪਿਤ ਪੰਜ ਰੁੱਖ ਲਗਾਏ ਗਏ। ਇਸ ਮੌਕੇ ਸਟੇਜ ਦੀ ਸੇਵਾ ਪ੍ਰਚਾਰਕ ਭਾਈ ਜੱਜ ਸਿੰਘ ਤੇ ਭਾਈ ਮਨਦੀਪ ਸਿੰਘ ਅਬਦਾਲ ਨੇ ਨਿਭਾਈ।

# ਗੁਰਦੁਆਰਾ ਮੰਜੀ ਸਾਹਿਬ ਅੰਬਾਲਾ ਵਿਖੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ



ਅੰਬਾਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਤਹਿਤ ਦੇਸ਼ ਦੇ ਵੱਖ-ਵੱਖ ਸੂਬਿਆਂ ਵਿਚ ਬੱਚਿਆਂ ਦੇ ਸਮਰ ਕੈਂਪ ਲਗਾਏ ਜਾ ਰਹੇ ਹਨ। ਇਸੇ ਲੜੀ ਤਹਿਤ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਜੀ ਲੌਂਗੋਵਾਲ ਅਤੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਰਘੂਜੀਤ ਸਿੰਘ ਜੀ ਵੱਲੋਂ ਦਿੱਤੇ ਦਿਸ਼ਾ ਨਿਰਦੇਸ਼ਾ ਦੇ ਤਹਿਤ ਸਿੱਖ ਮਿਸ਼ਨ ਹਰਿਆਣਾ (ਕੁਰੂਕਸ਼ੇਤਰ) ਵੱਲੋਂ ਬਾਲਾ ਪ੍ਰੀਤਮ ਪ੍ਰਚਾਰ ਲਹਿਰ ਅੰਬਾਲਾ ਅਤੇ ਯੰਗਸਟਾਰ ਪਗੜੀ ਸੈਂਟਰ ਦੇ ਸਹਿਯੋਗ ਨਾਲ ਗੁਰਦੁਆਰਾ ਮੰਜੀ ਸਾਹਿਬ ਅੰਬਾਲਾ ਸ਼ਹਿਰ ਵਿਖੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਿਲਆਂ ਵਿਚ ਵੱਡੀ ਗਿਣਤੀ ਵਿੱਚ ਬੱਚਿਆਂ ਨੇ ਹਿੱਸਾ ਲਿਆ। ਮੁਕਾਬਿਆਂ ਵਿਚ ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਵਿਸ਼ੇਸ ਤੌਰ ਤੇ ਸਨਮਾਨਿਤ ਕੀਤਾ ਗਿਆ। ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਵੀ ਸਨਮਾਨਿਤ ਕੀਤਾ ਗਿਆ।

### ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਲਏ ਗਏ ਅਹਿਮ ਫੈਸਲੇ

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਖੁੱਲ੍ਹੇਗਾ ਆਈ.ਏ.ਐਸ., ਆਈ.ਪੀ.ਐਸ. ਦੀ ਤਿਆਰੀ ਲਈ ਕੋਚਿੰਗ ਸੈਂਟਰ- ਭਾਈ ਲੌਂਗੋਵਾਲ



ਸੁਲਤਾਨਪੁਰ ਲੋਧੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਸਿੱਖ ਵਿਦਿਆਰਥੀਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਲਈ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਕੋਚਿੰਗ ਸੈਂਟਰ ਖੋਲ੍ਹਣ ਦਾ ਫੈਸਲਾ ਕੀਤਾ ਗਿਆ। ਇਸ ਤੋਂ ਇਲਾਵਾ ਕਈ ਹੋਰ ਅਹਿਮ ਫੈਸਲੇ ਵੀ ਲਏ ਗਏ।

ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਆਈ.ਏ.ਐਸ., ਆਈ.ਪੀ.ਐਸ. ਅਤੇ ਪੀ.ਸੀ.ਐਸ. ਦੀ ਤਿਆਰੀ ਲਈ ਇਕ ਕੇਂਦਰ ਖੋਲ੍ਹਿਆ ਜਾਵੇਗਾ, ਜਿਸ ਵਿਚ ਸਿੱਖ ਵਿਦਿਆਰਥੀਆਂ ਦੀ ਇਨ੍ਹਾਂ ਮੁਕਾਬਲਾ ਪ੍ਰੀਖਿਆਵਾਂ ਲਈ ਫਰੀ ਤਿਆਰੀ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਨੌਜੁਆਨੀ ਨੂੰ ਸਿੱਖ ਮਾਰਸ਼ਲ ਆਰਟ ਨਾਲ ਜੋੜਨ ਲਈ ਇਥੇ ਹੀ ਗਤਕਾ ਅਕੈਡਮੀ ਵੀ ਖੋਲ੍ਹੀ ਜਾਵੇਗੀ। ਕੋਚਿੰਗ ਸੈਂਟਰ ਅਤੇ ਗਤਕਾ ਅਕੈਡਮੀ ਲਈ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਪਟਿਆਲਾ ਦਾ ਵਿਸ਼ੇਸ਼ ਸਹਿਯੋਗ ਹੋਵੇਗਾ। ਉਨ੍ਹਾਂ ਦੱਸਿਆ ਕਿ ਇਕੱਤਰਤਾ ਦੌਰਾਨ 1984 ਵਿਚ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਇਲਾਵਾ 37 ਦੇ ਕਰੀਬ ਹੋਰ ਗੁਰਦੁਆਰਿਆਂ 'ਤੇ ਕੀਤੇ ਗਏ ਹਮਲੇ ਸਮੇਂ ਸ਼ਹੀਦ ਹੋਏ ਸਿੰਘ/ਸਿੰਘਣੀਆਂ ਦੇ ਵੇਰਵੇ ਇਕੱਤਰ ਕਰਕੇ ਸਦੀਵੀ ਯਾਦ ਸਥਾਪਤ ਕਰਨ ਦਾ ਫੈਸਲਾ ਵੀ ਹੋਇਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਜੂਨ 1984 ਦੇ ਫ਼ੌਜੀ ਹਮਲੇ ਦੌਰਾਨ ਸਿੱਖ ਰੈਫਰੈਂਸ ਲਾਇਬ੍ਰੇਰੀ ਸ੍ਰੀ ਅੰਮ੍ਰਿਤਸਰ ਦੇ ਚੋਰੀ ਕੀਤੇ ਗਏ ਸਾਹਿਤਕ ਖ਼ਜ਼ਾਨੇ ਦੀ ਵਾਪਸੀ ਬਾਰੇ ਛਪੀਆਂ ਖ਼ਬਰਾਂ ਦੇ ਸਬੰਧ ਵਿਚ 13 ਜੂਨ ਨੂੰ ਸ੍ਰੀ ਅੰਮ੍ਰਿਤਸਰ ਵਿਖੇ ਮੌਜੂਦਾ ਅਤੇ ਸਾਬਕਾ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਦੀ ਇਕੱਤਰਤਾ ਬੁਲਾਈ ਗਈ ਹੈ, ਜੋ ਇਸ ਮਾਮਲੇ ਬਾਰੇ ਤੱਥ ਪੜਚੋਲ ਕਰੇਗੀ। ਇਸ ਮਗਰੋਂ ਅਗਲੀ ਕਾਰਵਾਈ ਹੋਵੇਗੀ। ਸ਼੍ਰੋਮਣੀ ਕਮੇਟੀ ਪ੍ਰਧਾਨ ਅਨੁਸਾਰ ਇਕੱਤਰਤਾ ਵਿਚ ਯੂ.ਪੀ.ਐਸ.ਸੀ. ਦੇ ਇਮਤਿਹਾਨ ਵਿੱਚੋਂ 44ਵਾਂ ਰੈਂਕ ਹਾਸਲ ਕਰਕੇ ਆਈ.ਏ.ਐਸ. ਬਣਨ ਵਾਲੀ ਨਾਨੋਵਾਲ ਖੁਰਦ (ਗੁਰਦਾਸਪੁਰ) ਦੀ ਲੜਕੀ ਅੰਮ੍ਰਿਤਪਾਲ ਕੌਰ ਨੂੰ 1 ਲੱਖ ਰੁਪਏ ਸਨਮਾਨ ਵਜੋਂ ਦੇਣ ਦਾ ਫੈਸਲਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਬੱਚਿਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਵਿਚ ਬੇਹਤਰ ਕਾਰਗੁਜ਼ਾਰੀ ਦਿਖਾਉਣ ਲਈ ਉਤਸ਼ਾਹਤ ਕਰਦੀ ਰਹੇਗੀ।

ਭਾਈ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ ਅੱਗ ਲੱਗਣ ਕਾਰਨ ਦੁਕਾਨਾਂ ਸੜਨ ਦੀ ਜੋ ਮੰਦਭਾਗੀ ਘਟਨਾ ਵਾਪਰੀ ਹੈ, ਦੇ ਪ੍ਰਭਾਵਤ ਦੁਕਾਨਦਾਰਾਂ ਨਾਲ ਸ਼੍ਰੋਮਣੀ ਕਮੇਟੀ ਹਮਦਰਦੀ ਰੱਖਦੀ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਇਕ ਸਬ-ਕਮੇਟੀ ਬਣਾਉਣ ਦਾ ਫੈਸਲਾ ਕੀਤਾ ਗਿਆ ਹੈ, ਜਿਸ ਦੀ ਰਿਪੋਰਟ ਅਨੁਸਾਰ ਦੁਕਾਨਦਾਰਾਂ ਦੀ ਸਹਾਇਤਾ ਕੀਤੀ ਜਾਵੇਗੀ। ਅੰਤ੍ਰਿੰਗ ਕਮੇਟੀ ਵੱਲੋਂ ਹਲਕਾ ਭਾਦਸੋਂ ਦੇ ਪਿੰਡ ਮਟੋਰਡਾ ਅਤੇ ਪੇਦਣ ਦੀਆਂ ਧਾਰਮਿਕ ਯਾਤਰਾ ਉੱਤੇ ਜਾ ਰਹੀਆਂ ਸੰਗਤਾਂ ਦੀ ਬੱਸ ਹਾਦਸਾ ਗ੍ਰਸਤ ਹੋਣ ਕਾਰਨ ਚਲਾਣਾ ਕਰ ਗਏ ਇਕ ਵਿਅਕਤੀ ਨੂੰ 50 ਹਜ਼ਾਰ ਰੁਪਏ, ਚਾਰ ਗੰਭੀਰ ਜ਼ਖ਼ਮੀਆਂ ਨੂੰ 20-20 ਹਜ਼ਾਰ ਰੁਪਏ, ਇਕ ਨੂੰ 10 ਹਜ਼ਾਰ ਰੁਪਏ ਅਤੇ ਨੌਂ ਹੋਰ ਜ਼ਖ਼ਮੀਆਂ ਨੂੰ 5-5 ਹਜ਼ਾਰ ਰੁਪਏ ਦੀ ਸਹਾਇਤਾ ਦੇਣ ਦਾ ਵੀ ਫੈਸਲਾ ਕੀਤਾ ਗਿਆ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਖਦੇਵ ਸਿੰਘ ਬਾਠ, ਪ੍ਰਸਿੱਧ ਸਿੱਖ ਇਤਿਹਾਸਕਾਰ ਡਾ. ਕਿਰਪਾਲ ਸਿੰਘ ਅਤੇ ਫੈਡਰੇਸ਼ਨ ਦੇ ਮੋਢੀ ਡਾ. ਸੰਤੋਖ ਸਿੰਘ ਭੋਪਾਲ ਦੇ ਅਕਾਲ ਚਲਾਣ ਸਬੰਧੀ ਸ਼ੋਕ ਮਤੇ ਵੀ ਪੜ੍ਹੇ ਗਏ। ਇਸ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਬੰਧਤ ਵੱਖ-ਵੱਖ ਮਾਮਲਿਆਂ ਨੂੰ ਵੀ ਵਿਚਾਰਿਆ ਗਿਆ।

ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਿੱਕਰ ਸਿੰਘ ਚੰਨੂ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰਾਨ ਭਾਈ ਮਨਜੀਤ ਸਿੰਘ ਭੂਰਾਕੋਹਨਾ, ਜਥੇਦਾਰ ਅਮਰੀਕ ਸਿੰਘ ਕੋਟਸ਼ਮੀਰ, ਸ. ਖੁਸ਼ਵਿੰਦਰ ਸਿੰਘ ਭਾਟੀਆ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਜਰਨੈਲ ਸਿੰਘ ਕਰਤਾਰਪੁਰ, ਸ. ਭੁਪਿੰਦਰ ਸਿੰਘ ਭਲਵਾਨ, ਸ. ਜਗਜੀਤ ਸਿੰਘ ਤਲਵੰਡੀ, ਜਥੇਦਾਰ ਤਾਰਾ ਸਿੰਘ ਸੱਲ੍ਹਾ, ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਅਮਰੀਕ ਸਿੰਘ ਵਿਛੋਆ, ਬੀਬੀ ਜਸਬੀਰ ਕੌਰ, ਮੁੱਖ ਸਕੱਤਰ ਡਾ. ਰੂਪ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਮੌਜੂਦ ਸਨ।

## ਪਿੰਡ ਅੰਬਗੜ੍ਹ (ਹਲਕਾ ਕਰਤਾਰਪੁਰ) ਵਿਖੇ ਗੁਰਮਤਿ ਸਿਖਲਾਈ ਕੈਂਪ ਲਗਾਇਆ



ਕਰਤਾਰਪੁਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਹਲਕਾ ਕਰਤਾਰਪੁਰ ਜਿਲਾ ਜਲੰਧਰ ਦੇ ਪਿੰਡ ਅੰਬਗੜ ਦੇ ਗੁਰਦੁਆਰਾ ਮਾਤਾ ਸਾਹਿਬ ਕੌਰ ਜੀ ਵਿਖੇ 11 ਜੂਨ ਤੋਂ ਮਿਤੀ 14 ਜੂਨ ਤੱਕ ਬੱਚਿਆਂ ਦਾ ਗੁਰਮਤਿ ਸਿਖਲਾਈ ਕੈਂਪ ਅਤੇ ਦਸਤਾਰ ਦੁਮਾਲਾ ਸਜਾਉਣ ਦਾ ਕੈਂਪ ਲਗਾਇਆ ਗਿਆ। ਵੱਡੀ ਗਿਣਤੀ ਵਿਚ ਕੈਂਪ 'ਚ ਸ਼ਾਮਲ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਮਨਜੀਤ ਸਿੰਘ ਵੱਲੋਂ ਗੁਰਬਾਣੀ, ਗੁਰ ਇਤਿਹਾਸ ਤੇ ਸਿੱਖ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ ਗਈ। ਕੈਂਪ ਦੀ ਸਮਾਪਤੀ ਸਮੇਂ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਬੱਚਿਆਂ ਨੂੰ ਮੈਡਲ ਅਤੇ ਪ੍ਰਸੰਸਾ-ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ. ਨਰਿੰਦਰ ਸਿੰਘ ਮੈਨੇਜਰ ਗਰਦੁਆਰਾ ਥੰਮ ਜੀ ਸਾਹਿਬ, ਕਰਤਾਰਪੁਰ (ਜਲੰਧਰ), ਭਾਈ ਮਨਜੀਤ ਸਿੰਘ ਪ੍ਰਚਾਰਕ, ਗੁਰਦੁਆਰਾ ਮਾਤਾ ਸਾਹਿਬ ਕੌਰ ਜੀ ਪਿੰਡ ਅੰਬਗੜ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ, ਗ੍ਰੰਥੀ ਭਾਈ ਚਮਕੌਰ ਸਿੰਘ ਅਤੇ ਪਿੰਡ ਦੀਆਂ ਸੰਗਤਾਂ ਹਾਜ਼ਰ ਸਨ।

## ਗੁਰਦੁਆਰਾ ਗੰਗਸਰ ਸਾਹਿਬ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ

ਕਰਤਾਰਪੁਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਗੰਗਸਰ ਸਾਹਿਬ ਕਰਤਾਰਪੁਰ (ਜਲੰਧਰ) ਵਿਖੇ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਜੀ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਅਮਨਦੀਪ ਸਿੰਘ ਜੀ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਭਾਈ ਨਰਿੰਦਰ ਸਿੰਘ ਬੱਗਾ ਕਵੀਸ਼ਰ ਜਥਾ ਧਰਮ ਪ੍ਰਚਾਰ ਕਮੇਟੀ ਨੇ ਹਾਜ਼ਰੀ ਭਰੀ। ਸਮਾਗਮ ਦੌਰਾਨ ਸਟੇਜ ਸਕੱਤਰ ਦੀ ਸੇਵਾ ਭਾਈ ਮਨਜੀਤ ਸਿੰਘ ਪ੍ਰਚਾਰਕ ਨੇ ਨਿਭਾਈ। ਇਸ ਸਮੇਂ ਜਥੇਦਾਰ ਸ. ਰਣਜੀਤ ਸਿੰਘ ਕਾਹਲੋਂ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਮੈਨੇਜਰ ਸ. ਨਰਿੰਦਰ ਸਿੰਘ, ਸ. ਨਵਨੀਤ ਸਿੰਘ ਛੀਨਾ ਮੈਂਬਰ ਸ਼੍ਰੋਮਣੀ ਅਕਾਲੀ ਦਲ ਕੌਰ ਕਮੇਟੀ, ਸ. ਗੁਰਜਿੰਦਰ ਸਿੰਘ ਭਤੀਜਾ ਸਰਕਲ ਪ੍ਰਧਾਨ ਹਲਕਾ ਕਰਤਾਰਪੁਰ, ਸ. ਅਮਰਜੀਤ ਸਿੰਘ ਚੇਅਰਮੈਨ, ਸ. ਕੁਲਦੀਪ ਸਿੰਘ ਸਰਪੰਚ ਖੁਸਰੋਪੁਰ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਕਰਨਾਮਾ (ਬਟਾਲਾ) ਵਿਖੇ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ



ਬਟਾਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਤ ਤਹਿਤ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ ਦੇ ਵਿਸ਼ੇਸ ਜਤਨ ਨਾਲ ਬੱਚਿਆਂ ਨੂੰ ਸਿੱਖ ਵਿਰਸੇ ਨਾਲ ਜੋੜਨ ਲਈ ਹਲਕੇ ਦੇ ਵੱਖ-ਵੱਖ ਪਿੰਡਾਂ ਵਿਚ ਗੁਰਮਤਿ ਸਿਖਲਾਈ ਕੈਂਪ ਲਗਾਏ ਜਾ ਰਹੇ ਹਨ। ਇਸੇ ਤਹਿਤ ਹਲਕਾ ਬਟਾਲਾ ਦੇ ਪਿੰਡ ਕਰਨਾਮਾ ਵਿਖੇ ਬੱਚਿਆਂ ਦਾ 10 ਰੋਜ਼ਾ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਭਾਈ ਬਲਬੀਰ ਸਿੰਘ ਸੇਖਵਾਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ ਨੇ ਗੁਰਬਾਣੀ, ਸਿੱਖ ਇਤਿਹਾਸ ਤੇ ਰਹਿਤ ਮਰਿਯਾਦਾ ਬਾਰੇ ਮੁੱਢਲੀ ਜਾਣਕਾਰੀ ਦਿੱਤੀ। ਇਸ ਕੈਂਪ ਵਿਚ 50 ਬੱਚਿਆਂ ਨੇ ਭਾਗ ਲਿਆ। ਗੁਰਮਤਿ ਸਿਖਲਾਈ ਸਮਰ ਕੈਂਪ ਦੀ ਸਮਾਪਤੀ ਮੌਕੇ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ ਨੇ ਹਾਜ਼ਰੀ ਭਰਦਿਆਂ ਬੱਚਿਆਂ ਨੂੰ ਗੁਰਸਿੱਖੀ ਜੀਵਨ ਦੇ ਧਾਰਨੀ ਬਨਣ ਦੀ ਪ੍ਰੇਰਨਾ ਕੀਤੀ। ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ, ਸ. ਗੁਰਤਿੰਦਰ ਪਾਲ ਸਿੰਘ ਭਾਟੀਆ ਮੈਨੇਜਰ, ਅਤੇ ਪ੍ਰਚਾਰਕ ਭਾਈ ਬਲਬੀਰ ਸਿੰਘ ਸੇਖਵਾਂ ਨੇ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਧਾਰਿਮਕ ਪੁਸਤਕਾਂ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਪ੍ਰਚਾਰਕ ਭਾਈ ਮਨਜੀਤ ਸਿੰਘ ਕਾਦੀਆਂ, ਭਾਈ ਗੁਰਮੁੱਖ ਸਿੰਘ ਖਾਲਸਾ, ਭਾਈ ਸਿਮਰਨਜੀਤ ਸਿੰਘ ਕੋਟ ਟੋਡਰ ਮੱਲ, ਭਾਈ ਮਹਿਤਾਬ ਸਿੰਘ ਖ਼ਾਲਸਾ ਕਵੀਸ਼ਰ, ਸ. ਸਰਵਨ ਸਿੰਘ ਕਰਨਾਮਾ, ਸ. ਹਰਸਿਮਰਤ ਸਿੰਘ, ਸ. ਸੁਖਦੇਵ ਸਿੰਘ, ਸ. ਸਵਿੰਦਰ ਸਿੰਘ, ਸ. ਗੁਲਜ਼ਾਰ ਸਿੰਘ, ਸ. ਹਰਦੇਵ ਸਿੰਘ, ਸ. ਦਿਲਬਾਗ ਸਿੰਘ, ਸ. ਅਰਸ਼ਪ੍ਰੀਤ ਸਿੰਘ ਭਾਟੀਆ ਸਮੇਤ ਬੱਚਿਆਂ ਦੇ ਮਾਤਾ ਪਿਤਾ ਤੇ ਪਿੰਡ ਦੀਆਂ ਸੰਗਤਾਂ ਹਾਜ਼ਰ ਸਨ।



ਗੁਰਦੁਆਰਾ ਸ਼ਹੀਦ ਨਗਰ ਬੁੱਢਾ ਜੌਹੜ ਗੰਗਾਨਗਰ, ਰਾਜਸਥਾਨ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 49 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।

## ਮੇਘਾਲਿਆ ਦੇ ਮੁੱਖ ਮੰਤਰੀ ਸ੍ਰੀ ਕੋਨਾਰਡ ਸੰਗਮਾਂ ਨੇ ਸਿੱਖ ਆਗੂਆਂ ਨੂੰ ਸ਼ਿਲਾਂਗ 'ਚ ਸਿੱਖਾਂ ਦੇ ਉਜਾੜੇ ਦਾ ਮਾਮਲਾ ਜਲਦ ਹੀ ਹੱਲ ਕਰਨ ਦਾ ਦਿੱਤਾ ਭਰੋਸਾ

ਅੰਮ੍ਰਿਤਸਰ, 16 ਜੂਨ- ਮੇਘਾਲਿਆ ਦੀ ਰਾਜਧਾਨੀ ਸ਼ਿਲਾਂਗ ਵਿਚ ਵੱਸਦੇ ਪੰਜਾਬੀਆਂ ਅਤੇ ਖ਼ਾਸਕਰ ਸਿੱਖਾਂ ਦੇ ਉਜਾੜੇ ਦੇ ਮਾਮਲੇ ਨੂੰ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੋਮਣੀ ਅਕਾਲੀ ਦਲ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਕ ਸਾਂਝੇ ਵਫ਼ਦ ਨੇ ਮੇਘਾਲਿਆ ਦੇ ਮੁੱਖ ਮੰਤਰੀ ਸ੍ਰੀ ਕੋਨਾਰਡ ਸੰਗਮਾਂ ਨਾਲ ਮੁਲਾਕਾਤ ਕੀਤੀ ਹੈ। ਦਿੱਲੀ 'ਚ ਉਨ੍ਹਾਂ ਦੀ ਰਿਹਾਇਸ਼ ਵਿਖੇ ਕੀਤੀ ਮੁਲਾਕਾਤ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ, ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਹਰਪਾਲ ਸਿੰਘ ਜੱਲ੍ਹਾ, ਦਿੱਲੀ ਕਮੇਟੀ ਦੇ ਪ੍ਰਧਾਨ ਸ. ਮਨਜਿੰਦਰ ਸਿੰਘ ਸਿਰਸਾ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਸ਼ਿਲਾਂਗ ਦੇ ਸਿੱਖ ਆਗੂ ਸ. ਗੁਰਜੀਤ ਸਿੰਘ ਤੇ ਬੀਬੀ ਰਣਜੀਤ ਕੌਰ ਆਦਿ ਮੌਜੂਦ ਸਨ। ਇਸ ਤੋਂ ਇਲਾਵਾ ਬੈਠਕ ਵਿਚ ਮੇਘਾਲਿਆ ਸਰਕਾਰ ਦੇ ਕੁਝ ਮੰਤਰੀ ਵੀ ਹਾਜ਼ਰ ਰਹੇ।



ਮੇਘਾਲਿਆ ਦੇ ਮੁੱਖ ਮੰਤਰੀ ਸ੍ਰੀ ਸੰਗਮਾਂ ਨਾਲ ਮੁਲਾਕਾਤ ਸਮੇਂ ਸ਼੍ਰੋਮਣੀ ਕਮੇਟੀ ਦੇ ਵਫ਼ਦ ਵੱਲੋਂ ਸਿਲਾਂਗ ਦੇ ਸਿੱਖਾਂ ਦੀਆਂ ਮੌਜੂਦਾ ਸਮੱਸਿਆਵਾਂ ਹੱਲ ਕਰਨ ਦਾ ਮਾਮਲਾ ਉਠਾਇਆ ਗਿਆ। ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਮੀਡੀਆ ਸ. ਪਰਮਜੀਤ ਸਿੰਘ ਸਰੋਆ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਵਫ਼ਦ ਮੈਂਬਰਾਂ ਨੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ 200 ਸਾਲ ਤੋਂ ਵੱਸ ਰਹੇ ਸਿੱਖਾਂ 'ਤੇ ਉਜਾੜੇ ਦੀ ਤਲਵਾਰ ਕਾਰਨ ਉਹ ਸਹਿਮ ਵਿਚ ਹਨ, ਜਿਸ ਦਾ ਸੰਜੀਦਗੀ ਨਾਲ ਹੱਲ ਕਰਨਾ ਸਰਕਾਰ ਦੀ ਜ਼ੁੰਮੇਵਾਰੀ ਹੈ। ਇਸ ਦੌਰਾਨ ਮੇਘਾਲਿਆ ਦੇ ਮੁੱਖ ਮੰਤਰੀ ਸ੍ਰੀ ਸੰਗਮਾਂ ਨੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਸੂਬੇ ਅੰਦਰ ਵੱਸਦੇ ਹਰ ਵਰਗ ਦੇ ਲੋਕਾਂ ਦੇ ਜਾਨ-ਮਾਲ ਦੀ ਰੱਖਵਾਲੀ ਸਰਕਾਰ ਦਾ ਮੁੱਢਲਾ ਫ਼ਰਜ਼ ਹੈ। ਉਨ੍ਹਾਂ ਆਖਿਆ ਕਿ ਸੂਬੇ ਅੰਦਰ ਵੱਸਦੇ ਸਿੱਖਾਂ ਨੂੰ ਡਰਨ ਦੀ ਲੋੜ ਨਹੀਂ ਹੈ, ਕਿਉਂਕਿ ਸਰਕਾਰ ਉਨ੍ਹਾਂ ਦੇ ਮਸਲੇ ਨੂੰ ਲੈ ਕੇ ਸੰਜੀਦਾ ਹੈ। ਉਨ੍ਹਾਂ ਵਫ਼ਦ ਮੈਂਬਰਾਂ ਨੂੰ ਦਸਿਆ ਕਿ ਜਿਥੇ ਇਹ ਮਾਮਲਾ ਕੋਰਟ ਵਿਚ ਸੁਣਵਾਈ ਅਧੀਨ ਹੈ, ਉਥੇ ਹੀ ਸਰਕਾਰ ਵੱਲੋਂ ਵੀ ਉਪ ਮੁੱਖ ਮੰਤਰੀ ਦੀ ਅਗਵਾਈ ਵਿਚ ਇਕ ਉੱਚ ਪੱਧਰੀ ਕਮੇਟੀ ਬਣਾਈ ਗਈ ਹੈ। ਇਹ ਕਮੇਟੀ ਮਾਮਲੇ ਨੂੰ ਲੈ ਕੇ ਨਿਰੰਤਰ ਕਾਰਜ ਕਰ ਰਹੀ ਹੈ ਅਤੇ ਉਨ੍ਹਾਂ ਦਾ ਯਤਨ ਹੈ ਕਿ ਇਸ ਦਾ ਜਲਦੀ ਹੱਲ ਕੱਢ ਲਿਆ ਜਾਵੇਗਾ। ਵਫ਼ਦ ਮੈਂਬਰਾਂ ਵੱਲੋਂ ਸ਼ਿਲਾਂਗ ਦੇ ਸਿੱਖਾਂ ਨੂੰ ਮਿਲੀ ਧਮਕੀ ਸਬੰਧੀ ਮੁੱਖ ਮੰਤਰੀ ਨਾਲ ਕੀਤੀ ਗੱਲਬਾਤ 'ਤੇ ਉਨ੍ਹਾਂ ਆਖਿਆ ਕਿ ਸੂਬੇ ਅੰਦਰ ਵੱਸਦੇ ਹਰ ਬਾਸ਼ਿੰਦੇ ਦੀ ਰੱਖਵਾਲੀ ਸਰਕਾਰ ਦਾ ਤਰਜੀਹੀ ਕੰਮ ਹੈ।

ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਬੀਤੇ ਦਿਨੀਂ ਇਕ ਵਫ਼ਦ ਸ਼ਿਲਾਂਗ ਵਿਖੇ ਵੀ ਭੇਜਿਆ ਗਿਆ ਸੀ। ਜਿਸ ਨੇ ਮੇਘਾਲਿਆ ਦੇ ਗ੍ਰਹਿ ਮੰਤਰੀ ਨਾਲ ਮੁਲਾਕਾਤ ਕਰਕੇ ਮਾਮਲਾ ਹੱਲ ਕਰਨ ਦੀ ਅਪੀਲ ਕੀਤੀ ਸੀ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਵਫ਼ਦ ਮੈਂਬਰਾਂ ਨੇ ਸ਼ਿਲਾਂਗ ਦੇ ਸਿੱਖਾਂ ਨਾਲ ਮਿਲ ਕੇ ਵੀ ਉਨ੍ਹਾਂ ਨੂੰ ਭਰੋਸਾ ਦਿੱਤਾ ਸੀ ਕਿ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਹਮੇਸ਼ਾਂ ਉਨ੍ਹਾਂ ਦੇ ਨਾਲ ਖੜ੍ਹੀ ਹੈ।

## ਮਹੀਨੇ ਹਾੜ੍ਹ-ਸਾਵਣ (ਜੁਲਾਈ) ਦੇ ਇਤਿਹਾਸਕ ਦਿਹਾੜੇ

| | | |
|---|---|---|
| 1 ਜੁਲਾਈ | | ਨੰਗਲ ਗੁੱਜਰਾਂ ਦੀ ਲੜਾਈ ਵਿਚ ਬਾਬਾ ਗੁਰਦਿੱਤਾ ਜੀ ਤੇ 100 ਦੇ ਕਰੀਬ ਉਨ੍ਹਾਂ ਦੇ ਸਾਥੀਆਂ ਨੇ ਹਿੰਮਤ ਚੰਦ ਹੰਡੂਰੀ ਨਾਲ ਰਲ ਕੇ ਰੋਪੜ ਦੇ ਪਠਾਣ ਮੁਖੀ ਨਾਲ ਲੜਾਈ ਲੜੀ। (1-7-1635) |
| 7 ਜੁਲਾਈ | | ਸ. ਸੁਰਜੀਤ ਸਿੰਘ ਬਰਨਾਲਾ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਹੋਏ। (7-7-1988) |
| 8 ਜੁਲਾਈ | | ਮੋਗੇ ਦੇ ਸ. ਤਾਰਾ ਸਿੰਘ ਨੇ 'ਗੁਰਦੁਆਰਾ ਬਿਲ' ਨੂੰ ਪੰਜਾਬ ਦੀ ਲੈਜਿਸਲੇਟਿਵ ਕੌਂਸਲ ਵਿਚ ਪੇਸ਼ ਕੀਤਾ। (8-7-1925) |
| 9 ਜੁਲਾਈ | (ੳ) | ਗੁਰਦੁਆਰਾ ਬਿਲ ਪਾਸ ਹੋ ਕੇ ਕਾਨੂੰਨ ਬਣਿਆ। (9-7-1925) |
| | (ਅ) | ਸ਼੍ਰੋਮਣੀ ਅਕਾਲੀ ਦਲ ਨੇ ਐਮਰਜੈਂਸੀ ਵਿਰੁੱਧ ਮੋਰਚਾ ਲਾਇਆ।(9-7-1975) |
| 10 ਜੁਲਾਈ | | 'ਪੰਜਾਬੀ ਸੂਬਾ ਜ਼ਿੰਦਾਬਾਦ' ਦੇ ਨਾਅਰੇ 'ਤੇ ਲਗਾਈ ਪਾਬੰਦੀ ਵਾਪਸ ਲਈ।(10-7-1955) |
| 12 ਜੁਲਾਈ | | ਮਾਸਟਰ ਤਾਰਾ ਸਿੰਘ ਨੇ ਪੰਜਾਬੀ ਸੂਬੇ ਲਈ ਲੋਕ ਰਾਏ ਲੈਣ ਦੀ ਮੰਗ ਕੀਤੀ।(12-7-1961) |
| 15 ਜੁਲਾਈ | (ੳ) | 'ਖ਼ਾਲਸਾ ਦਰਬਾਰ' ਦਾ ਇਕ ਵਫਦ ਲਾਹੌਰ ਵਿਖੇ ਗਾਂਧੀ ਨੂੰ ਮਿਲਿਆ, ਗਾਂਧੀ ਨੇ ਭਰੋਸਾ ਦਿਵਾਇਆ ਕਿ ਕਾਂਗਰਸ ਕਿਸੇ ਵੀ ਉਸ ਵਿਧਾਨ ਨੂੰ ਪ੍ਰਵਾਨ ਨਹੀਂ ਕਰੇਗੀ ਜੋ ਸਿੱਖਾਂ ਨੂੰ ਸੰਤੁਸ਼ਟ ਨਾ ਕਰਦਾ ਹੋਵੇ। (15-7-1934) |
| | (ਅ) | ਮਾਸਟਰ ਤਾਰਾ ਸਿੰਘ ਨੇ ਸਿੱਖ ਸਟੇਟ ਦੀ ਮੰਗ ਕਰਦਿਆਂ ਦਲੀਲ ਦਿੱਤੀ ਕਿ ਜੇ 10 ਫੀਸਦੀ ਯਹੂਦੀਆਂ ਵਾਸਤੇ ਇਸਰਾਈਲ ਬਣ ਸਕਦਾ ਹੈ ਤਾਂ ਸਿੱਖਾਂ ਵਾਸਤੇ ਆਜ਼ਾਦ ਮੁਲਕ ਕਿਉਂ ਨਹੀਂ ਬਣ ਸਕਦਾ। (15-7-1945) |
| 17 ਜੁਲਾਈ | | ਸ. ਤੇਜਾ ਸਿੰਘ ਸਮੁੰਦਰੀ ਲਾਹੌਰ ਕਿਲ੍ਹੇ ਦੀ ਜੇਲ੍ਹ ਵਿਚ ਲੰਮੇ ਵਕਤ ਪਿੱਛੋਂ 1926 ਵਿਚ ਚੜ੍ਹਾਈ ਕਰ ਗਏ। ਆਪ ਅਕਾਲੀ ਲਹਿਰ ਦੇ ਮੁਖੀ ਆਗੂ ਸਨ। ਆਪ ਦੀ ਯਾਦਗਾਰ ਵਜੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰ ਦਾ ਨਾਮ 'ਤੇਜਾ ਸਿੰਘ ਸਮੁੰਦਰੀ ਹਾਲ' ਰੱਖਿਆ ਗਿਆ। (17-7-1926) |
| 24 ਜੁਲਾਈ | | ਬਾਬਾ ਗੁਰਦਿੱਤ ਸਿੰਘ ਜੀ ਕਾਮਾਗਾਟਾ-ਮਾਰੂ ਅਕਾਲ ਚਲਾਣਾ ਕਰ ਗਏ।(24-7-1954) |
| 28 ਜੁਲਾਈ | | ਗਵਰਨਰ ਪੰਜਾਬ ਨੇ ਗੁਰਦੁਆਰਾ ਐਕਟ ਦੀ ਮਨਜ਼ੂਰੀ ਦਿੱਤੀ।(28-7-1925) |
| 31 ਜੁਲਾਈ | | ਸ. ਊਧਮ ਸਿੰਘ ਜੀ ਨੂੰ ਲੰਡਨ ਵਿਚ ਫਾਂਸੀ ਚੜ੍ਹਾਇਆ ਗਿਆ।(31-7-1940) |

# ਸਿੱਖ ਰੈਫਰੈਂਸ ਲਾਇਬ੍ਰੇਰੀ ਮਾਮਲੇ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਅਤੇ ਸਾਬਕਾ ਅਧਿਕਾਰੀਆਂ ਦੀ ਹੋਈ ਇਕੱਤਰਤਾ

## ਪੰਜ ਮੈਂਬਰੀ ਜਾਂਚ ਕਮੇਟੀ ਸਾਹਿਤਕ ਸਰਮਾਏ ਦੀ ਪਾਰਦਰਸ਼ੀ ਤਰੀਕੇ ਨਾਲ ਕਰੇਗੀ ਪੜਤਾਲ- ਭਾਈ ਲੌਂਗੋਵਾਲ

## 1984 ਤੋਂ ਹੁਣ ਤਕ ਦਾ ਰਿਕਾਰਡ ਵਾਚ ਕੇ ਸੱਚਾਈ ਨੂੰ ਸੰਗਤਾਂ ਦੇ ਰੂਬਰੂ ਕਰਾਂਗੇ- ਭਾਈ ਲੌਂਗੋਵਾਲ





ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੇ ਗਏ ਐਲਾਨ ਮੁਤਾਬਿਕ ਸਿੱਖ ਰੈਫਰੈਂਸ ਲਾਇਬ੍ਰੇਰੀ ਦੇ ਮਾਮਲੇ ਸਬੰਧੀ ਉੱਚ ਪੱਧਰੀ ਜਾਂਚ ਕਮੇਟੀ ਕਾਇਮ ਕਰ ਦਿੱਤੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਗਠਿਤ ਕੀਤੀ ਗਈ ਇਸ ਪੰਜ ਮੈਂਬਰੀ ਕਮੇਟੀ ਵਿਚ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੇ ਬੀਬੀ ਜਗੀਰ ਕੌਰ, ਸ਼੍ਰੋਮਣੀ ਕਮੇਟੀ ਦੇ ਸਾਬਕਾ ਸਕੱਤਰ ਸ. ਦਲਮੇਘ ਸਿੰਘ, ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਡਾ. ਅਮਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੂੰ ਸ਼ਾਮਲ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਸਿੱਖ ਰੈਫਰੈਂਸ ਲਾਇਬ੍ਰੇਰੀ ਦੇ ਕੀਮਤੀ ਸਰਮਾਏ ਸਬੰਧੀ ਆਈਆਂ ਖ਼ਬਰਾਂ ਦੀ ਤਹਿ ਤੱਕ ਜਾਣ ਲਈ ਬਣਾਈ ਗਈ ਕਮੇਟੀ ਪਾਰਦਰਸ਼ੀ ਢੰਗ ਨਾਲ ਜਾਂਚ ਕਰੇਗੀ। ਉਨ੍ਹਾਂ ਆਖਿਆ ਕਿ ਇਹ ਮਾਮਲਾ ਕਿਉਂਕਿ ਕੌਮ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ, ਇਸ ਲਈ ਜਾਂਚ ਕਮੇਟੀ 1984 ਤੋਂ ਲੈ ਕੇ ਹੁਣ ਤੱਕ ਦਾ ਰਿਕਾਰਡ ਵਾਚਣ ਉਪਰੰਤ ਆਪਣੀ ਰਿਪੋਰਟ ਦੇਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਮੰਤਵ ਸੰਗਤਾਂ ਨੂੰ ਸੱਚਾਈ ਦੇ ਰੂਬਰੂ ਕਰਨਾ ਹੈ।

ਦੱਸਣਯੋਗ ਹੈ ਕਿ ਜੂਨ 1984 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਫ਼ੌਜੀ ਹਮਲੇ ਦੌਰਾਨ ਚੁਰਾਇਆ ਗਿਆ ਸਿੱਖ ਕੌਮ ਦਾ ਸਾਹਿਤਕ ਸਰਮਾਇਆ ਵਾਪਸ ਆਉਣ ਦੀਆਂ ਖ਼ਬਰਾਂ ਪ੍ਰਕਾਸ਼ਤ ਹੋਣ ਮਗਰੋਂ ਮਾਮਲੇ ਦੀ ਗੰਭੀਰਤਾ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਲਾਇਬ੍ਰੇਰੀ ਨਾਲ ਸਬੰਧਤ ਰਹੇ ਮੌਜੂਦਾ ਅਤੇ ਸਾਬਕਾ ਅਧਿਕਾਰੀਆਂ ਦੀ ਇਕੱਤਰਤਾ ਬੁਲਾਈ ਸੀ। ਇਸ ਇਕੱਤਰਤਾ ਦੌਰਾਨ ਸਬੰਧਤ ਅਧਿਕਾਰੀਆਂ ਨਾਲ ਲੰਮੇ ਵਿਚਾਰ ਵਟਾਂਦਰੇ ਮਗਰੋਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਸਿੱਖ ਰੈਫਰੈਂਸ ਲਾਇਬ੍ਰੇਰੀ ਦਾ ਚੁਰਾਇਆ ਗਿਆ ਅਨਮੋਲ ਸਰਮਾਇਆ ਪੂਰਨ ਰੂਪ ਵਿਚ ਸ਼੍ਰੋਮਣੀ ਕਮੇਟੀ ਨੂੰ ਵਾਪਸ ਨਹੀਂ ਕੀਤਾ ਗਿਆ। ਉਨ੍ਹਾਂ ਵੇਰਵੇ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਨੂੰ ਲਾਇਬ੍ਰੇਰੀ ਦੇ ਸਾਬਕਾ ਡਾਇਰੈਕਟਰ ਡਾ. ਅਨੁਰਾਗ ਸਿੰਘ ਵੱਲੋਂ ਮੁਹੱਈਆ ਕਰਵਾਈਆਂ ਗਈਆਂ ਲਿਸਟਾਂ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 205 ਹੱਥਲਿਖਤ ਸਰੂਪ, 807 ਪੁਸਤਕਾਂ, 1 ਹੁਕਮਨਾਮਾ ਅਤੇ ਅਖ਼ਬਾਰਾਂ ਸ਼੍ਰੋਮਣੀ ਕਮੇਟੀ ਨੂੰ ਵਾਪਸ ਕੀਤੀਆਂ ਗਈਆਂ ਸਨ। ਡਾ. ਰੂਪ ਸਿੰਘ ਨੇ ਵਿਸਥਾਰ ਦਿੰਦਿਆਂ ਦੱਸਿਆ ਕਿ ਅਸੈਸ਼ਨ ਰਜਿਸਟਰਾਂ ਦੇ ਰਿਕਾਰਡ ਮੁਤਾਬਕ ਜੂਨ 1984 ਤੋਂ ਪਹਿਲਾਂ ਲਾਇਬ੍ਰੇਰੀ ਵਿਚ 512 ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਹੱਥ ਲਿਖਤ ਸਰੂਪ ਅਤੇ 12613 ਦੁਰਲੱਭ ਪੁਸਤਕਾਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਅਖ਼ਬਾਰਾਂ ਮੌਜੂਦ ਸਨ। ਉਨ੍ਹਾਂ ਕਿਹਾ ਕਿ ਜੇਕਰ ਮੀਡੀਆ ਵਿਚ ਆਈ ਸੂਚੀ ਅਤੇ ਡਾ. ਅਨੁਰਾਗ ਸਿੰਘ ਵੱਲੋਂ ਦਿੱਤੀ ਗਈ ਜਾਣਕਾਰੀ ਮੁਤਾਬਕ ਲਾਇਬ੍ਰੇਰੀ ਦਾ ਸਮਾਨ ਵਾਪਸ ਆਇਆ ਵੀ ਹੈ ਤਾਂ ਫਿਰ ਵੀ 307 ਹੱਥਲਿਖਤ ਪਾਵਨ ਸਰੂਪ ਅਤੇ 11107 ਪੁਸਤਕਾਂ ਸ਼੍ਰੋਮਣੀ ਕਮੇਟੀ ਪਾਸ ਨਹੀਂ ਪੁੱਜੀਆਂ। ਉਨ੍ਹਾਂ ਕਿਹਾ ਕਿ ਇਹ ਕਿਸੇ ਵੀ ਤਰ੍ਹਾਂ ਪ੍ਰਵਾਨ ਨਹੀਂ ਕੀਤਾ ਜਾ ਸਕਦਾ ਕਿ ਸਾਰਾ ਸਮਾਨ ਸ਼੍ਰੋਮਣੀ ਕਮੇਟੀ ਨੂੰ ਵਾਪਸ ਕਰ ਦਿੱਤਾ ਗਿਆ ਹੈ। ਮੁੱਖ ਸਕੱਤਰ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਜ਼ੁੰਮੇਵਾਰੀ ਨਾਲ ਲੰਮੇ ਅਰਸੇ ਤੋਂ ਸਰਕਾਰਾਂ ਪਾਸੋਂ ਲਾਇਬ੍ਰੇਰੀ ਦੇ ਸਮਾਨ ਦੀ ਵਾਪਸੀ ਮੰਗ ਰਹੀ ਹੈ। ਹੁਣ ਤੀਕ ਇਸ ਸਬੰਧ ਵਿਚ 85 ਦੇ ਕਰੀਬ ਪੱਤ੍ਰਿਕਾਵਾਂ ਕੇਂਦਰ ਸਰਕਾਰ ਨੂੰ ਲਿਖੀਆਂ ਜਾ ਚੁੱਕੀਆਂ ਹਨ। ਇਸ ਤੋਂ ਇਲਾਵਾ ਵੱਖ-ਵੱਖ ਸਮੇਂ 'ਤੇ ਸ਼੍ਰੋਮਣੀ ਕਮੇਟੀ ਦੇ ਵਫ਼ਦ ਵੀ ਕੇਂਦਰ ਤੱਕ ਪਹੁੰਚ ਕਰਦੇ ਰਹੇ। ਉਨ੍ਹਾਂ ਕਿਹਾ ਕਿ ਜਾਣਬੁਝ ਕੇ ਸਿੱਖਾਂ ਦੀ ਨੁਮਾਇੰਦਾ ਸੰਸਥਾ ਨੂੰ ਬਦਨਾਮ ਕੀਤਾ ਜਾ ਰਿਹਾ ਹੈ, ਜਦਕਿ ਸੱਚਾਈ ਇਸ ਦੇ ਬਿਲਕੁਲ ਉਲਟ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਚਾਲਾਂ ਨਾਲ ਸਮੇਂ ਦੀ ਕਾਂਗਰਸ ਸਰਕਾਰ ਨੂੰ ਦੋਸ਼ ਮੁਕਤ ਨਹੀਂ ਕੀਤਾ ਜਾ ਸਕੇਗਾ। ਡਾ. ਰੂਪ ਸਿੰਘ ਨੇ ਪ੍ਰਕਾਸ਼ਤ ਖ਼ਬਰਾਂ ਵਿਚ ਵੱਡੀ ਕੀਮਤ 'ਤੇ ਵੇਚੇ ਗਏ ਹੱਥਲਿਖਤ ਸਰੂਪ ਬਾਰੇ ਕਿਹਾ ਕਿ ਇਸ ਬਾਰੇ ਵੀ ਸ਼੍ਰੋਮਣੀ ਕਮੇਟੀ ਵੱਲੋਂ ਪੜਤਾਲ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਲਾਇਬ੍ਰੇਰੀ ਵਿਚ ਹੁਣ ਤਕ ਪਹੁੰਚੇ ਸਮਾਨ ਬਾਰੇ ਅਤੇ ਇਸ ਤੋਂ ਇਲਾਵਾ ਵਿਦੇਸ਼ਾਂ ਵਿਚ ਵੇਚੇ ਗਏ ਸਰੂਪਾਂ ਦੇ ਇਲਜ਼ਾਮ ਬਾਰੇ ਬਾਰੀਕੀ ਨਾਲ ਜਾਂਚ ਕਰਵਾਈ ਜਾਵੇਗੀ। ਡਾ. ਰੂਪ ਸਿੰਘ ਨੇ ਕਿਹਾ ਕਿ ਮਾਮਲਾ ਬੇਹੱਦ ਸੰਵੇਦਨਸ਼ੀਲ ਹੈ ਅਤੇ ਜੇਕਰ ਇਸ ਸਬੰਧ ਵਿਚ ਹਾਈਪਾਵਰ ਕਮੇਟੀ ਦੀ ਜਾਂਚ ਮਗਰੋਂ ਕੋਈ ਦੋਸ਼ੀ ਪਾਇਆ ਗਿਆ ਤਾਂ ਉਸ ਵਿਰੁੱਧ ਕਾਰਵਾਈ ਅਵੱਸ਼ ਹੋਵੇਗੀ। ਲੇਕਿਨ ਜੇਕਰ ਲਗਾਈ ਗਈ ਖ਼ਬਰ ਦੇ ਵੇਰਵੇ ਗਲਤ ਸਾਬਤ ਹੁੰਦੇ ਹਨ ਤਾਂ ਉਸ ਵਿਰੁੱਧ ਵੀ ਕੇਸ ਦਰਜ ਕਰਵਾਇਆ ਜਾਵੇਗਾ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ 1984 ਤੋਂ ਬਾਅਦ ਹੁਣ ਤੱਕ ਸ਼੍ਰੋਮਣੀ ਕਮੇਟੀ ਵਿਚ 17 ਸਕੱਤਰ, 18 ਲਾਇਬ੍ਰੇਰੀ ਇੰਚਾਰਜ, 2 ਡਾਇਰੈਕਟਰ ਅਤੇ 8 ਲਾਇਬ੍ਰੇਰੀਅਨ ਸੇਵਾ ਨਿਭਾ ਚੁੱਕੇ ਹਨ। ਜੇਕਰ ਲਾਇਬ੍ਰੇਰੀ ਦਾ ਸਾਰਾ ਸਮਾਨ ਵਾਪਸ ਆ ਗਿਆ ਸੀ ਤਾਂ ਉਹ ਇਨ੍ਹਾਂ ਸਾਰੇ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਨਜ਼ਰ ਕਿਉਂ ਨਾ ਪਿਆ।

ਇਸੇ ਦੌਰਾਨ ਡਾ. ਰੂਪ ਸਿੰਘ ਨੇ ਦੱਸਿਆ ਕਿ ਕਰੜੀ ਘਾਲਣਾ ਤੋਂ ਬਾਅਦ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਰੈਫਰੈਂਸ ਲਾਇਬ੍ਰੇਰੀ ਨੂੰ ਨਵੇਂ ਸਿਰਿਓਂ ਅਬਾਦ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਰਿਕਾਰਡ ਮੁਤਾਬਕ ਲਾਇਬ੍ਰੇਰੀ ਵਿਚ 24999 ਪੁਸਤਕਾਂ, 560 ਹੱਥਲਿਖਤ ਪਾਵਨ ਸਰੂਪ ਅਤੇ 1398 ਹੱਥਲਿਖਤ ਪੋਥੀਆਂ ਮੌਜੂਦ ਹਨ। ਡਾ. ਰੂਪ ਸਿੰਘ ਅਨੁਸਾਰ ਹੋਈ ਇਕੱਤਰਤਾ ਵਿਚ 21 ਮੌਜੂਦਾ ਤੇ ਸਾਬਕਾ ਅਧਿਕਾਰੀ ਸ਼ਾਮਲ ਹੋਏ। ਇਕੱਤਰਤਾ ਦੀ ਸਮੁੱਚੀ ਆਡੀਓ ਤੇ ਵੀਡੀਓ ਰਿਕਾਰਡਿੰਗ ਕੀਤੀ ਗਈ ਹੈ।

ਇਕੱਤਰਤਾ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਜੋਗਿੰਦਰ ਸਿੰਘ ਵੇਦਾਂਤੀ, ਸਕੱਤਰ ਸ. ਮਨਜੀਤ ਸਿੰਘ, ਸ. ਮਹਿੰਦਰ ਸਿੰਘ ਆਹਲੀ, ਸ. ਅਵਤਾਰ ਸਿੰਘ ਸੈਂਪਲਾ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਸਾਬਕਾ ਸਕੱਤਰ ਸ. ਦਲਮੇਘ ਸਿੰਘ, ਸ. ਕੁਲਵੰਤ ਸਿੰਘ, ਸ. ਜੋਗਿੰਦਰ ਸਿੰਘ ਅਦਲੀਵਾਲ, ਸ. ਸਤਬੀਰ ਸਿੰਘ, ਸ. ਦਿਲਬਾਗ ਸਿੰਘ, ਲਾਇਬ੍ਰੇਰੀ ਦੇ ਸਾਬਕਾ ਡਾਇਰੈਕਟਰ ਡਾ. ਅਨੁਰਾਗ ਸਿੰਘ ਤੇ ਉਨ੍ਹਾਂ ਦੇ ਇਕ ਸਹਾਇਕ, ਸਾਬਕਾ ਸੁਪਰਵਾਈਜ਼ਰ ਸ. ਹਰਦੀਪ ਸਿੰਘ, ਸਾਬਕਾ ਸਕਾਲਰ ਸ. ਕਿਰਪਾਲ ਸਿੰਘ, ਸਾਬਕਾ ਲਾਇਬ੍ਰੇਰੀਅਨ ਸ. ਬਲਬੀਰ ਸਿੰਘ, ਸ. ਰਾਜ ਸਿੰਘ, ਮੀਤ ਸਕੱਤਰ ਸ. ਗੁਰਬਚਨ ਸਿੰਘ, ਸ. ਹਰਜਿੰਦਰ ਸਿੰਘ ਕੈਰੋਵਾਲ, ਸ. ਬਲਵਿੰਦਰ ਸਿੰਘ ਕਾਹਲਵਾਂ, ਮੌਜੂਦਾ ਲਾਇਬ੍ਰੇਰੀਅਨ ਸ. ਬਗੀਚਾ ਸਿੰਘ, ਬੀਬੀ ਸੁਖਵਿੰਦਰ ਕੌਰ, ਇੰਚਾਰਜ ਡਾ. ਅਮਰਜੀਤ ਕੌਰ, ਸ. ਅਜਾਦਦੀਪ ਸਿੰਘ, ਸ. ਗੁਰਨਾਮ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ।

## ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਅਧਿਕਾਰੀਆਂ ਸਮੇਤ ਸਿੱਖ ਰੈਫਰੈਂਸ ਲਾਇਬ੍ਰੇਰੀ ਵਿਖੇ ਮੌਜੂਦਾ ਕਾਰਜਸ਼ੈਲੀ ਸਬੰਧੀ ਲਈ ਜਾਣਕਾਰੀ

ਅੰਮ੍ਰਿਤਸਰ- ਜੂਨ 1984 ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਸਿੱਖ ਰੈਫਰੈਂਸ ਲਾਇਬ੍ਰੇਰੀ ਦੇ ਚੁਰਾਏ ਗਏ ਸਾਹਿਤਕ ਸਰਮਾਏ ਸਬੰਧੀ ਕੀਤੀ ਗਈ ਮੀਟਿੰਗ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਮਾਮਲੇ ਦੀ ਤਹਿ ਤੱਕ ਜਾਣ ਲਈ ਇਕ ਉੱਚ ਪੱਧਰੀ ਜਾਂਚ ਕਮੇਟੀ ਗਠਿਤ ਕੀਤੀ ਗਈ ਹੈ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਸਮੇਤ ਸਿੱਖ ਰੈਫਰੈਂਸ ਲਾਇਬ੍ਰੇਰੀ ਵਿਖੇ ਜਾ ਕੇ ਮੌਜੂਦਾ ਕਾਰਜਸ਼ੈਲੀ ਸਬੰਧੀ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਲਾਇਬ੍ਰੇਰੀ ਵਿਖੇ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਹੱਥਲਿਖਤ ਸਰੂਪਾਂ ਦੇ ਦਰਸ਼ਨ ਵੀ ਕੀਤੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਮਨਜੀਤ ਸਿੰਘ ਬਾਠ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਸਿੱਖ ਇਤਿਹਾਸ ਰੀਸਰਚ ਬੋਰਡ ਦੀ ਇੰਚਾਰਜ ਡਾ. ਅਮਰਜੀਤ ਕੌਰ, ਸਿੱਖ ਰੈਫਰੈਂਸ ਲਾਇਬ੍ਰੇਰੀ ਦੇ ਲਾਇਬ੍ਰੇਰੀਅਨ ਸ. ਬਗੀਚਾ ਸਿੰਘ, ਸ. ਦਰਸ਼ਨ ਸਿੰਘ ਪੀ.ਏ. ਆਦਿ ਮੌਜੂਦ ਸਨ।

## ਬੁਲੰਦ ਸ਼ਹਿਰ (ਯੂ.ਪੀ.) ਵਿਖੇ 13 ਦਿਨਾਂ ਗੁਰਮਤਿ ਸਿਖਲਾਈ ਕੈਂਪ ਲਗਾਇਆ



ਬੁਲੰਦ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬੱਚਿਆਂ ਨੂੰ ਸਿੱਖ ਵਿਰਸੇ ਨਾਲ ਜੋੜਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੇਸ਼ ਦੇ ਵੱਖ-ਵੱਖ ਰਾਜਾਂ ਵਿਚ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਏ ਜਾ ਰਹੇ ਹਨ। ਇਸੇ ਲੜੀ ਤਹਿਤ ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਸਿੱਖ ਮਿਸ਼ਨ ਹਾਪੜ (ਯੂ.ਪੀ.) ਦੇ ਇੰਚਾਰਜ ਸਰਦਾਰ ਬ੍ਰਿਜਪਾਲ ਸਿੰਘ ਦੇ ਉੱਦਮ ਸਦਕਾ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬੁਲੰਦ ਸ਼ਹਿਰ (ਯੂ.ਪੀ.) ਵਿਖੇ 13 ਰੋਜ਼ਾ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ 30 ਦੇ ਕਰੀਬ ਬੱਚਿਆਂ ਨੇ ਸ਼ਮੂਲੀਅਤ ਕੀਤੀ, ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਵਿੰਦਰ ਸਿੰਘ ਵੜੈਚ ਨੇ ਗੁਰਮੁਖੀ, ਗੁਰਬਾਣੀ, ਸਿੱਖ ਇਤਿਹਾਸ ਅਤੇ ਸਿੱਖ ਰਹਿਤ ਮਰਯਾਦਾ ਬਾਰੇ ਜਾਣਕਾਰੀ ਦਿੱਤੀ। 20 ਜੂਨ ਨੂੰ ਬੱਚਿਆਂ ਦਾ ਲਿਖਤੀ ਟੈਸਟ ਲਿਆ ਗਿਆ। ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਮਾਪਤੀ ਸਮੇਂ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਸਰਟੀਫਿਕੇਟ ਅਤੇ ਗੁਰਮਤਿ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਭਾਈ ਹਰਸੁਖਮਨ ਸਿੰਘ ਪ੍ਰਚਾਰਕ, ਹੈਡ ਕੁਆਰਟਰ ਗੁਰਦੁਆਰਾ ਬਾਰਠ ਸਾਹਿਬ ਸਰਨਾ (ਪਠਾਨਕੋਟ) ਸਮੇਤ ਇਲਾਕੇ ਦੀਆਂ ਸੰਗਤਾਂ ਅਤੇ ਪ੍ਰਬੰਧਕ ਕਮੇਟੀ ਦੇ ਪਤਵੰਤੇ ਸੱਜਣਾਂ ਨੇ ਵੀ ਹਾਜ਼ਰੀ ਭਰੀ। ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਇਲਾਕੇ ਦੀ ਸੰਗਤ ਨੇ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕੀਤਾ।

## ਗੁਰਦੁਆਰਾ ਪੰਜੋਖਰਾ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਪੰਜੋਖਰਾ ਸਾਹਿਬ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸਿੱਖ ਮਿਸ਼ਨ ਹਰਿਆਣਾ ਵੱਲੋਂ ਕੁਰੂਕਸ਼ੇਤਰ ਵੱਲੋਂ ਗੁਰਦੁਆਰਾ ਸ੍ਰੀ ਪੰਜੋਖਰਾ ਸਾਹਿਬ ਅੰਬਾਲਾ ਵਿਖੇ 2 ਜੂਨ ਨੂੰ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਸਿੱਖ ਮਿਸ਼ਨ ਹਰਿਆਣਾ ਤੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਇਸ ਮੌਕੇ 67 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।

ਇਸ ਮੌਕੇ ਸਿੱਖ ਮਿਸ਼ਨ ਹਰਿਆਣਾ ਦੇ ਪ੍ਰਚਾਰਕ ਭਾਈ ਮਨਵੀਤ ਸਿੰਘ, ਭਾਈ ਰਣਜੀਤ ਸਿੰਘ, ਭਾਈ ਗੁਰਗੀਤ ਸਿੰਘ, ਭਾਈ ਬਚਿੱਤਰ ਸਿੰਘ, ਭਾਈ ਨਵਜੋਤ ਸਿੰਘ ਨੇ ਪੰਜ ਪਿਆਰਿਆਂ ਵਿਚ ਸੇਵਾ ਨਿਭਾਈ।

## ਪਿੰਡ ਵੈਰੋਨੰਗਲ ਵਿਖੇ 10 ਦਿਨਾਂ ਗੁਰਮਤਿ ਸਿਖਲਾਈ ਕੈਂਪ



ਸ੍ਰੀ ਹਰਗੋਬਿੰਦਪੁਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ ਪੁਰਬ ਨੂੰ ਸਮਰਪਿਤ ਮਾਨਯੋਗ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਤੇ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸਿੱਖ ਬਚਿਆਂ ਨੂੰ ਇਤਿਹਾਸ ਤੋਂ ਜਾਣੂ ਕਰਵਾਉਣ ਲਈ ਦੇਸ਼ ਭਰ ਵਿੱਚ ਗੁਰਮਤਿ ਕੈਂਪ ਲਗਾਏ ਜਾ ਰਹੇ। ਇਸੇ ਤਹਿਤ ਹਲਕਾ ਸ੍ਰੀ ਹਰਗੋਬਿੰਦਪੁਰ ਦੇ ਪਿੰਡ ਵੈਰੋਨੰਗਲ ਜਿਲ੍ਹਾ ਗੁਰਦਾਸਪੁਰ ਵਿਖੇ 19 ਜੂਨ ਤੋਂ 28 ਜੂਨ ਤੱਕ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਭੇਜ ਸਿੰਘ, ਭਾਈ ਲਵਲਪ੍ਰੀਤ ਸਿੰਘ ਤੇ ਕਵੀਸ਼ਰ ਭਾਈ ਬਲਵੰਤ ਸਿੰਘ ਢੱਡੇ ਨੇ ਬੱਚਿਆਂ ਨੂੰ ਗੁਰਬਾਣੀ ਦੇ ਸ਼ੁੱਧ ਉਚਾਰਨ, ਸਿੱਖ ਇਤਿਹਾਸ ਅਤੇ ਸਿੱਖ ਰਹਿਤ ਮਰਿਆਦਾ ਬਾਰੇ ਜਾਣਕਾਰੀ ਦਿੱਤੀ। ਇਸ ਕੈਂਪ ਵਿੱਚ 53 ਬਚਿਆਂ ਨੇ ਭਾਗ ਲਿਆ। ਗੁਰਮਤਿ ਕੈਂਪ ਦੀ ਸਮਾਪਤੀ ਸਮੇਂ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ।

## ਪਿੰਡ ਮਹਿਰਾਜ ਤੇ ਗਿੱਲ ਕਲਾਂ ਵਿਖੇ 11 ਰੋਜ਼ਾ ਗੁਰਮਤਿ ਕੈਂਪ ਲਗਾਇਆ

ਮਹਿਰਾਜ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਪਿੰਡ ਮਹਿਰਾਜ ਤੇ ਗਿੱਲ ਕਲਾਂ ਵਿਖੇ ਬੱਚਿਆਂ ਦਾ 11 ਰੋਜ਼ਾ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ ਗਿਆ। ਜਥੇ. ਮੇਜਰ ਸਿੰਘ ਢਿੱਲੋਂ ਮੈਂਬਰ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਸਦਕਾ ਲਗਾਏ ਗਏ ਇਸ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਜਸਵਿੰਦਰ ਸਿੰਘ ਤੇ ਭਾਈ ਹਰਦੀਪ ਸਿੰਘ ਨੇ ਬੱਚਿਆਂ ਨੂੰ ਗੁਰਬਾਣੀ, ਗੁਰ ਇਤਿਹਾਸ ਤੇ ਰਹਿਤ ਮਰਯਾਦਾ ਬਾਰੇ ਜਾਣਕਾਰੀ ਦਿੱਤੀ।

ਕੈਂਪ ਦੀ ਸਮਾਪਤੀ ਸਮੇਂ ਵਿਸ਼ੇਸ਼ ਤੌਰ 'ਤੇ ਪਹੁੰਚੇ ਜਥੇ. ਮੇਜਰ ਸਿੰਘ ਢਿੱਲੋਂ ਤੇ ਮੈਨੇਜਰ ਸ. ਸੁਮੇਰ ਸਿੰਘ ਬਾਦੀਆਂ ਨੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ। ਪਿੰਡ ਵਾਸੀਆਂ ਨੇ ਇਸ ਉਪਰਾਲੇ ਲਈ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕੀਤਾ।



### ਹਲਕਾ ਜੋਗਾ ਦੇ ਵੱਖ-ਵੱਖ ਪਿੰਡਾਂ 'ਚ ਲਗਾਏ ਗੁਰਮਤਿ ਕੈਂਪਾਂ ਦਾ ਸਨਮਾਨ ਸਮਾਰੋਹ ਆਯੋਜਿਤ

## 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਸਕੂਲਾਂ ਵਿਚ ਭੇਜੇਗੀ ਗੁਰਮਤਿ ਸਾਹਿਤ -ਭਾਈ ਲੌਂਗੋਵਾਲ



ਮਾਨਸਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਲਕਾ ਜੋਗਾ ਤੋਂ ਨੌਜਵਾਨ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ ਦੇ ਉਪਰਾਲੇ ਸਦਕਾ ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਲਈ ਹਲਕੇ ਦੇ ਵੱਖ-ਵੱਖ ਪਿੰਡਾਂ ਅੰਦਰ ਪਿਛਲੇ ਇੱਕ ਮਹੀਨੇ ਤੋਂ ਲਗਾਏ ਗੁਰਮਤਿ ਸਿਖਲਾਈ ਕੈਂਪਾਂ ਦੌਰਾਨ ਭਾਗ ਲੈਣ ਵਾਲੇ ਬੱਚਿਆਂ ਦਾ ਸਨਮਾਨ ਸਮਾਰੋਹ ਗੁਰਦੁਆਰਾ ਭਾਈ ਬਹਿਲੋ ਜੀ ਫਫੜੇ ਭਾਈਕੇ ਵਿਖੇ ਹੋਇਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਡੀ ਗਿਣਤੀ ਵਿਚ ਧਾਰਮਿਕ ਸਾਹਿਤ ਸਕੂਲੀ ਬੱਚਿਆਂ ਤੱਕ ਪਹੁੰਚਾਉਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖੀ ਦੀਆਂ ਮੁੱਲਵਾਨ ਕਦਰਾਂ-ਕੀਮਤਾਂ ਸਬੰਧੀ ਵੱਖ-ਵੱਖ ਕਿਤਾਬਚੇ ਛਪਵਾ ਕੇ ਪੂਰੇ ਪੰਜਾਬ ਦੇ ਸਕੂਲਾਂ ਵਿਚ ਭੇਜੇ ਜਾਣ ਨੂੰ ਯਕੀਨੀ ਬਣਾਏਗੀ। ਇਸ ਤੋਂ ਇਲਾਵਾ ਪੰਜਾਬ ਤੋਂ ਬਾਹਰਲੇ ਸੂਬਿਆਂ ਅੰਦਰ ਵੀ ਵੱਖ-ਵੱਖ ਭਾਸ਼ਾਵਾਂ ਵਿਚ ਕਿਤਾਬਚੇ ਪ੍ਰਕਾਸ਼ਿਤ ਕਰ ਕੇ ਮੁਫਤ ਵੰਡੇ ਜਾਣਗੇ। ਉਨ੍ਹਾਂ ਸ. ਗੁਰਪ੍ਰੀਤ ਸਿੰਘ ਝੱਬਰ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਨੌਜੁਆਨਾਂ ਅਤੇ ਬੱਚਿਆਂ ਅੰਦਰ ਗੁਰਮਤਿ ਦਾ ਸੰਚਾਰ ਕਰਨ ਲਈ ਅਹਿਮ ਰੋਲ ਨਿਭਾਉਂਦੇ ਹਨ। ਉਨ੍ਹਾਂ ਸਿੱਖ ਸੰਸਥਾਵਾਂ, ਵਿਦਿਅਕ ਅਦਾਰਿਆਂ ਦੇ ਮੁਖੀਆਂ ਅਤੇ ਮਾਪਿਆਂ ਨੂੰ ਅਪੀਲ ਕੀਤੀ ਕਿ ਬੱਚਿਆਂ ਨੂੰ ਗੁਰਮਤਿ ਰਹਿਣੀ ਨਾਲ ਜੋੜਨ ਲਈ ਸੰਯੁਕਤ ਯਤਨ ਕਰਨ ਅਤੇ ਇਸ ਦੇ ਨਾਲ ਹੀ ਸਮਾਜਿਕ ਕੁਰੀਤੀਆਂ ਪ੍ਰਤੀ ਵੀ ਸੁਚੇਤ ਕਰਨ।

ਇਸ ਤੋਂ ਪਹਿਲਾਂ ਕੈਂਪ ਦੇ ਪ੍ਰਬੰਧਕ ਅਤੇ ਹਲਕਾ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ ਨੇ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਵਾਗਤ ਕੀਤਾ ਅਤੇ ਕੈਂਪ ਵਿਚ ਸਹਿਯੋਗ ਦੇਣ ਵਾਲੇ ਗ੍ਰੰਥੀਆਂ, ਹਲਕਾ ਨਿਵਾਸੀਆਂ ਅਤੇ ਕੈਂਪਾਂ 'ਚ ਸ਼ਾਮਲ ਰਹੇ ਬੱਚਿਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾਂ ਇਹ ਕੈਂਪ ਹਰ ਸਾਲ ਲਗਾਉਣ ਦੀ ਵਚਨਬੱਧਤਾ ਵੀ ਪ੍ਰਗਟਾਈ। ਇਸੇ ਦੌਰਾਨ ਵੱ-ਵੱਖ ਪਿੰਡਾਂ ਵਿਚ ਲਗਾਏ ਕੈਂਪਾਂ ਵਿੱਚੋਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ 540 ਬੱਚਿਆਂ ਦਾ ਗੁਰਮਤਿ ਸਬੰਧੀ ਲਿਖਤੀ ਪੇਪਰ ਲਿਆ ਗਿਆ, ਜਿਸ ਵਿੱਚੋਂ ਅੱਵਲ ਆਏ 9 ਬੱਚਿਆਂ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਨੇ ਸਨਮਾਨ ਚਿੰਨ੍ਹ, ਸਨਮਾਨ ਪੱਤਰ ਤੇ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ। ਵੱਖ-ਵੱਖ ਦਰਜਿਆਂ ਵਿਚ ਲਈ ਇਸ ਲਿਖਤੀ ਪ੍ਰੀਖਿਆ ਵਿਚੋਂ ਪਹਿਲੇ ਸਥਾਨ 'ਤੇ ਆਏ ਤਿੰਨ ਬੱਚਿਆਂ ਨੂੰ 51-51 ਸੌ ਰੁਪਏ, ਦੂਸਰੇ ਸਥਾਨ ਵਾਲਿਆਂ ਨੂੰ 41-41 ਸੌ ਰੁਪਏ ਜਦਕਿ ਤੀਸਰੇ ਸਥਾਨ ਵਾਲਿਆਂ ਨੂੰ 31-31 ਸੌ ਰੁਪਏ ਦਿੱਤੇ ਗਏ। ਇਸ ਤੋਂ ਇਲਵਾ ਕੈਂਪਾਂ ਦੌਰਾਨ ਭਾਗ ਲੈਣ ਵਾਲੇ 3035 ਬੱਚਿਆਂ ਨੂੰ ਵੀ ਮੈਡਲ ਤੇ ਸਨਮਾਨ ਪੱਤਰ ਦਿੱਤੇ ਗਏ। ਸਮਾਗਮ ਸਮੇਂ ਪਿੰਡਾਂ ਦੇ ਉਨ੍ਹਾਂ ਗ੍ਰੰਥੀਆਂ ਅਤੇ ਪ੍ਰਚਾਰਕਾਂ ਨੂੰ ਵੀ ਸਨਮਾਨਿਤ ਕੀਤਾ, ਜਿਨ੍ਹਾਂ ਨੇ ਮਹੀਨਾ ਭਰ ਚੱਲੇ ਕੈਂਪਾਂ ਵਿਚ ਭਰਪੂਰ ਸੇਵਾਵਾਂ ਨਿਭਾਈਆਂ ਸਨ। ਇਸ ਮੌਕੇ ਗੱਤਕਾ ਅਕੈਡਮੀਆਂ ਤੇ ਸਕੂਲਾਂ ਦੇ ਬੱਚਿਆਂ ਨੇ ਗੱਤਕਾ ਪ੍ਰਦਰਸ਼ਨ ਦੇ ਜੌਹਰ ਵੀ ਵਿਖਾਏ।

ਇਸ ਮੌਕੇ ਸ. ਹਰਦੇਵ ਸਿੰਘ ਪ੍ਰਧਾਨ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ, ਜਥੇਦਾਰ ਉਦੈ ਸਿੰਘ ਲੌਂਗੋਵਾਲ, ਸ. ਗੁਰਮੇਲ ਸਿੰਘ ਫਫੜੇ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਸ੍ਰੀ ਮੁਨੀਸ਼ ਬੱਬੀ ਦਾਨੇਵਾਲੀਆ, ਸ੍ਰੀ ਪ੍ਰੇਮ ਅਰੋੜਾ ਸ਼ਹਿਰੀ ਪ੍ਰਧਾਨ, ਸ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਕਰਨ ਸਿੰਘ ਮੈਨੇਜਰ, ਸ. ਭੋਲਾ ਸਿੰਘ ਇੰਚਾਰਜ, ਸ. ਸਤਨਾਮ ਸਿੰਘ ਝੱਬਰ ਅਤੇ ਹੋਰ ਹਾਜ਼ਰ ਸਨ।

## ਹਲਕਾ ਬਟਾਲਾ ਦੇ ਪਿੰਡ ਧੰਦੋਈ ਵਿਖੇ 10 ਦਿਨਾਂ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ



ਬਟਾਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਧਰਮ ਪ੍ਰਚਾਰ ਲਹਿਰ ਨੂੰ ਨਿਰੰਤਰ ਜਾਰੀ ਰੱਖਦਿਆਂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ ਦੇ ਉਪਰਾਲੇ ਨਾਲ ਨੌਜਵਾਨ ਪੀੜ੍ਹੀ ਨੂੰ ਸਿੱਖ ਵਿਰਸੇ ਤੋਂ ਜਾਣੂ ਕਰਵਾਉਣ ਵਾਸਤੇ ਹਲਕਾ ਬਟਾਲਾ ਦੇ ਵੱਖ-ਵੱਖ ਪਿੰਡਾਂ ਵਿਚ ਗੁਰਮਤਿ ਸਿਖਲਾਈ ਕੈਂਪ ਲਗਾਏ ਜਾ ਰਹੇ ਹਨ। ਇਸੇ ਲੜੀ ਤਹਿਤ ਪਿੰਡ ਧੰਦੋਈ ਵਿਖੇ ਬੱਚਿਆਂ ਦਾ 10 ਦਿਨਾਂ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਭਾਈ ਗੁਰਮੁੱਖ ਸਿੰਘ ਖਾਲਸਾ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ ਨੇ ਬੱਚਿਆਂ ਨੂੰ ਸਿੱਖ ਧਰਮ ਨਾਲ ਸਬੰਧੰਤ ਮੁੱਢਲੀ ਸਿੱਖਿਆ ਦਿੱਤੀ। ਇਸ ਕੈਂਪ ਵਿੱਚ 80 ਬੱਚਿਆਂ ਨੇ ਰੋਜਾਨਾ ਗੁਰਮਤਿ ਦੀ ਸਿਖਲਾਈ ਲਈ।

ਕੈਂਪ ਦੀ ਸਮਾਪਤੀ ਮੌਕੇ ਵਿਸ਼ੇਸ ਤੌਰ ਤੇ ਪਹੁੰਚੇ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ ਨੇ ਬੱਚਿਆਂ ਨੂੰ ਗੁਰਬਾਣੀ ਨਾਲ ਜੁੜ ਕੇ ਗੁਰਮਤਿ ਅਨੁਸਾਰੀ ਜੀਵਨ ਬਨਾਉਣ ਦੀ ਪ੍ਰੇਰਨਾ ਕੀਤੀ। ਸੰਗਤਾਂ ਦੀ ਹਾਜ਼ਰੀ ਵਿਚ ਬੱਚਿਆਂ ਕੋਲੋਂ ਧਰਮ ਨਾਲ ਸਬੰਧਤ ਸਵਾਲ ਪੁੱਛੇ ਗਏ ਜਿਨ੍ਹਾਂ ਦੇ ਬੱਚਿਆਂ ਵੱਲੋਂ ਬਾਖ਼ੂਬੀ ਜਵਾਬ ਦਿੱਤੇ ਗਏ। ਅਖੀਰ ਵਿਚ ਬੱਚਿਆਂ ਨੂੰ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ, ਸ. ਗੁਰਤਿੰਦਰ ਪਾਲ ਸਿੰਘ ਭਾਟੀਆ ਮੈਨੇਜਰ ਅਤੇ ਭਾਈ ਗੁਰਮੁੱਖ ਸਿੰਘ ਖਾਲਸਾ ਪ੍ਰਚਾਰਕ ਨੇ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਸਨਮਾਨ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਪ੍ਰਚਾਰਕ ਭਾਈ ਸਿਮਰਨਜੀਤ ਸਿੰਘ ਕੋਟ ਟੋਡਰ ਮੱਲ, ਭਾਈ ਮਨਜੀਤ ਸਿੰਘ ਕਾਦੀਆਂ, ਭਾਈ ਬਲਬੀਰ ਸਿੰਘ ਸੇਖਵਾਂ, ਕਵੀਸ਼ਰ ਭਾਈ ਮਹਿਤਾਬ ਸਿੰਘ ਖ਼ਾਲਸਾ, ਭਾਈ ਤਰਸੇਮ ਸਿੰਘ ਸੇਖਵਾਂ ਤੇ ਭਾਈ ਲਾਲ ਸਿੰਘ, ਡਾ. ਕੁਲਦੀਪ ਸਿੰਘ, ਸ. ਬਲਕਾਰ ਸਿੰਘ, ਸ. ਬਖਸੀਸ਼ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

## ਹਲਕਾ ਬਟਾਲਾ ਦੇ ਪਿੰਡ ਮੁਰਾਦਪੁਰ ਵਿਖੇ 10 ਦਿਨਾਂ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ



ਬਟਾਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਈ ਗੋਬਿੰਦ ਸਿੰਘ ਜੀ ਲੋਗੋਵਾਲ ਪ੍ਰਧਾਨ ਸਾਹਿਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਲਹਿਰ ਨੂੰ ਨਿਰੰਤਰ ਜਾਰੀ ਰੱਖਦਿਆਂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬੱਚਿਆਂ ਨੂੰ ਗੁਰ ਸਿਧਾਂਤ ਤੋਂ ਜਾਣੂ ਕਰਾਉਣ, ਨਸ਼ਿਆਂ ਤੇ ਪਤਿਤ-ਪੁਣੇ ਤੋਂ ਦੂਰ ਰਹਿਣ,ਸਿੱਖੀ ਸਰੂਪ ਵਿੱਚ ਕਾਇਮ ਰਹਿਣ, ਸਿੱਖ ਵਿਰਸੇ ਨੂੰ ਸੰਭਾਲਣ, ਸਿੱਖ ਇਤਿਹਾਸ ਤੋਂ ਜਾਣੂ ਕਰਵਾਉਣ ਅਤੇ ਬਾਣੀ ਬਾਣੇ ਤੇ ਨਿਤਨੇਮ ਨਾਲ ਜੁੜੇ ਰਹਿਣ ਵਾਸਤੇ ਗਰਮੀਆਂ ਦੀਆਂ ਛੁੱਟੀਆਂ ਵਿੱਚ ਹਲਕਾ ਬਟਾਲਾ ਦੇ ਪਿੰਡ ਮੁਰਾਦਪੁਰ ਵਿਖੇ 10 ਦਿਨਾਂ ਬੱਚਿਆਂ ਦਾ ਪੰਜਵਾਂ ਗੁਰਮਤਿ ਸਿਖਲਾਈ ਸਮਰ ਕੈਂਪ ਸ੍ਰ: ਬਲਵਿੰਦਰ ਸਿੰਘ ਜੋੜਾ ਸਕੱਤਰ ਧਰਮ ਪ੍ਰਚਾਰ ਕਮੇਟੀ ਦੇ ਵਿਸ਼ੇਸ ਸਹਿਯੋਗ ਨਾਲ ਲਗਾਇਆ ਗਿਆ। ਇਸ ਕੈਂਪ ਵਿੱਚ ਭਾਈ ਸਿਮਰਨਜੀਤ ਸਿੰਘ ਕੋਟ ਟੋਡਰ ਮੱਲ ਪ੍ਰਚਾਰਕ ਧਰਮ ਪ੍ਰਚਾਰ ਕਮੇਟੀਨੇ ਬੱਚਿਆਂ ਨੂੰ 10 ਦਿਨ ਪਿੰਡ ਮੁਰਾਦਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਗੁਰਮਤਿ ਰਹਿਣੀ-ਬਹਿਣੀ ਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਜੋੜ ਕੇ ਗੁਰਬਾਣੀ ਅਤੇ ਗਰਮਤਿ ਸਿਧਾਂਤ ਦੀ ਤੇ ਸਿੱਖ ਧਰਮ ਨਾਲ ਸਬੰਧੰਤ ਮੁੱਢਲੀ ਸਿੱਖਿਆ ਦਿੱਤੀ। ਗੁਰਮਤਿ ਸਿਖਲਾਈ ਸਮਰ ਕੈਂਪ ਵਿੱਚ 45 ਬੱਚਿਆਂ ਨੇ 10 ਦਿਨ ਰੋਜ਼ਾਨਾ ਗੁਰਮਤਿ ਦੀ ਸਿਖਲਾਈ ਲਈ।

ਗੁਰਮਤਿ ਸਿਖਲਾਈ ਸਮਰ ਕੈਂਪ ਦੀ ਸਮਾਪਤੀ ਮੌਕੇ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਦੁਆਰਾ ਸਾਹਿਬ ਪਿੰਡ ਮੁਰਾਦਪੁਰ ਵਿਖੇ ਬੱਚਿਆਂ ਕੋਲੋਂ ਉਹਨਾਂ ਦੇ ਮਾਤਾ ਪਿਤਾ ਅਤੇ ਮੋਹਤਬਰਾਂ ਦੀ ਹਾਜ਼ਰੀ ਵਿੱਚ ਦਸ ਗੁਰੂ ਸਾਹਿਬਾਨ,ਪੰਜ ਪਿਆਰੇ ਸਾਹਿਬਾਨ,ਚਾਰ ਸਾਹਿਬਜ਼ਾਦਿਆਂ,ਪੰਜ ਤਖ਼ਤਾਂ,ਪੰਜ ਕਕਾਰਾ ਦੇ ਨਾਮ,ਜਪੁ ਜੀ ਸਾਹਿਬ ਦਾ ਪਾਠ ਅਤੇ ਗੁਰੂ ਸਾਹਿਬਾਨ ਨਾਲ ਸਬੰਧਿਤ ਧਾਰਮਿਕ ਸਵਾਲ ਸੁਣੇ। ਜਿਸ ਦੇ ਬੱਚਿਆਂ ਨੇ ਬਾਖੂਬੀ ਜ਼ੁਬਾਨੀ ਜਵਾਬ ਦਿੱਤੇ। ਇਸ ਮੌਕੇ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਸ੍ਰ.ਗੁਰਤਿੰਦਰ ਪਾਲ ਸਿੰਘ ਭਾਟੀਆ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ, ਸ੍ਰ.ਸੁਖਬੀਰ ਸਿੰਘ ਮੈਨੇਜਰ ਗੁਰਦੁਆਰਾ ਸਤਿਕਰਤਾਰੀਆਂ ਅਤੇ ਭਾਈ ਮਨਜੀਤ ਸਿੰਘ ਕਾਦੀਆਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ ਨੇ ਬੱਚਿਆਂ ਨੂੰ ਸ੍ਰ ਬਲਵਿੰਦਰ ਸਿੰਘ ਜੋੜਾ ਸਕੱਤਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਜੇ ਮੈਡਲ, ਧਾਰਮਿਕ ਪੁਸਤਕਾਂ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਤੇ ਭਾਈ ਮਨਜੀਤ ਸਿੰਘ ਕਾਦੀਆਂ ਪ੍ਰਚਾਰਕ, ਭਾਈ ਬਲਬੀਰ ਸਿੰਘ ਸੇਖਵਾਂ, ਭਾਈ ਗੁਰਮੁੱਖ ਸਿੰਘ ਖਾਲਸਾ ਤੇ ਭਾਈ ਸਿਮਰਨਜੀਤ ਸਿੰਘ ਕੋਟ ਟੋਡਰ ਮੱਲ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਬਲਬੀਰ ਸਿੰਘ ਸੇਖਵਾਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਮਹਿਤਾਬ ਸਿੰਘ ਖ਼ਾਲਸਾ ਕਵੀਸ਼ਰ ਧਰਮ ਪ੍ਰਚਾਰ ਕਮੇਟੀ, ਭਾਈ ਤਰਸੇਮ ਸਿੰਘ ਸੇਖਵਾਂ ਕਵੀਸ਼ਰ,ਭਾਈ ਲਾਲ ਸਿੰਘ ਕਵੀਸ਼ਰ ਅਤੇ ਪਿੰਡ ਦੇ ਮੋਹਤਬਰ ਸ੍ਰ.ਸੁਲੱਖਣ ਸਿੰਘ, ਸ੍ਰ. ਸੰਤੋਖ ਸਿੰਘ ਗ੍ਰੰਥੀ, ਸ੍ਰ.ਦਿਆਲ ਸਿੰਘ,ਸ੍ਰ.ਰਛਪਾਲ ਸਿੰਘ ਆਦਿ ਸੰਗਤਾਂ ਹਾਜ਼ਿਰ ਸਨ।

## ਪਿੰਡ ਗ਼ਦਲੀ ਚਾਟੀਵਿੰਡ ਲੇਹਲ ਵਿਖੇ ਗੁਰਮਤਿ ਕੈਂਪ ਲਗਾਇਆ



ਜੰਡਿਆਲਾ- ਹਲਕਾ ਜੰਡਿਆਲਾ ਮੱਤੇਵਾਲ ਦੇ ਪਿੰਡ ਗ਼ਦਲੀ ਚਾਟੀਵਿੰਡ ਲੇਹਲ ਵਿਖੇ ਮਿਤੀ 18 ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਬੱਚਿਆਂ ਲਈ ਵਿਸ਼ੇਸ਼ ਗੁਰਮਤਿ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿਚ ਬੱਚਿਆਂ ਨੂੰ ਗੁਰਬਾਣੀ, ਗੁਰ ਇਤਿਹਾਸ ਅਤੇ ਗੁਰਮਤਿ ਸਬੰਧੀ ਜਾਣਕਾਰੀ ਦਿੱਤੀ ਗਈ ਅਤੇ ਬੱਚਿਆਂ ਨੇ ਵੀ ਬੜੇ ਉਤਸ਼ਾਹ ਨਾਲ ਕੈਂਪ ਵਿਚ ਹਿੱਸਾ ਲਿਆ।

ਗੁਰਮਤਿ ਕੈਂਪ ਦੀ ਸਮਾਪਤੀ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਐਡਵੋਕੇਟ ਸ. ਭਗਵੰਤ ਸਿੰਘ ਸਿਆਲਕਾ ਵੱਲੋਂ 105 ਬੱਚਿਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨ ਕੀਤਾ ਗਿਆ। ਕੈਂਪ ਦੀ ਰੂਪ-ਰੇਖਾ ਅਤੇ ਆਯੋਜਨ ਕਰਨ ਵਿਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਬਿਕਰਮਜੀਤ ਸਿੰਘ ਕੋਟਲਾ ਅਤੇ ਸ. ਅਮਰਜੀਤ ਸਿੰਘ ਬੰਡਾਲਾ ਵੱਲੋਂ ਵਿਸ਼ੇਸ ਯੋਗਦਾਨ ਪਾਇਆ ਗਿਆ। ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਹਰਪ੍ਰੀਤ ਸਿੰਘ ਵਡਾਲਾ ਨੇ ਬੱਚਿਆਂ ਨੂੰ ਕੈਂਪ ਦੌਰਾਨ ਗੁਰਮਤਿ ਸਿਧਾਂਤਾਂ ਦੀ ਜਾਣਕਾਰੀ ਦਿੱਤੀ। ਸਮੂਹ ਇਲਾਕਾ ਨਿਵਾਸੀਆਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਕੈਂਪ ਲਗਾਉਣ ਲਈ ਧੰਨਵਾਦ ਕੀਤਾ ਗਿਆ।

## ਪਿੰਡ ਲੁਧੜ ਵਿਖੇ 21 ਮਈ ਤੋਂ 16 ਜੂਨ ਤੱਕ ਲਗਾਇਆ ਗੁਰਮਤਿ ਕੈਂਪ



ਅੰਮ੍ਰਿਤਸਰ- ਜਗਤ ਗੁਰੂ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ ਅਨੁਸਾਰ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਦੀ ਯੋਗ ਅਗਵਾਈ ਵਿੱਚ ਜਿਲ੍ਹਾ ਅੰਮ੍ਰਿਤਸਰ ਦੇ ਪਿੰਡ ਲੁਧੜ ਵਿਖੇ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। 21 ਮਈ ਤੋਂ ਲੈ ਕੇ 16 ਜੂਨ ਤੱਕ ਲਗਾਏ ਗਏ ਇਸ ਗੁਰਮਤਿ ਕੈਂਪ ਵਿੱਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ, ਭਾਈ ਸੁਖਵੰਤ ਸਿੰਘ ਛੇਹਰਟਾ ਅਤੇ ਬੀਬੀ ਗੁਰਪ੍ਰੀਤ ਕੌਰ (ਵਲੰਟੀਅਰ) ਨੇ ਬੱਚਿਆਂ ਨੂੰ ਗੁਰਬਾਣੀ ਸੰਥਿਆ ਕਰਵਾਈ ਅਤੇ ਗੁਰ ਇਤਿਹਾਸ ਤੇ ਸਿੱਖ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ। ਇਸ ਕੈਂਪ ਵਿਚ ਬੱਚਿਆਂ ਦੇ ਮਾਂ ਬਾਪ ਵੀ ਗੁਰਮਤਿ ਦੀ ਜਾਣਕਾਰੀ ਲੈਂਦੇ ਰਹੇ। ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਮਾਪਤੀ ਸਮੇਂ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸੀਲਡਾਂ, ਮੈਡਲ, ਸਨਮਾਨ ਪੱਤਰ ਅਤੇ ਗੁਰਮਤਿ ਲਿਟਰੇਚਰ ਦੁਆਰਾ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੱਚਿਆਂ ਦੇ ਮਾਤਾ ਪਿਤਾ ਅਤੇ ਵੱਡੀ ਗਿਣਤੀ ਵਿਚ ਪਿੰਡ ਦੀਆਂ ਸੰਗਤਾਂ ਹਾਜ਼ਰ ਸਨ।

## ਵਡਾਲਾ ਕਲਾਂ ਵਿਖੇ 7 ਦਿਨਾਂ ਗੁਰਮਤਿ ਸਿਖਲਾਈ ਕੈਂਪ ਲਗਾਇਆ

ਬਾਬਾ ਬਕਾਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਲਗਾਏ ਜਾ ਰਹੇ ਗੁਰਮਤਿ ਕੈਂਪਾਂ ਦੀ ਲੜੀ ਤਹਿਤ ਹਲਕਾ ਬਾਬਾ ਬਕਾਲਾ ਸਾਹਿਬ ਦੇ ਪਿੰਡ ਵਡਾਲਾ ਕਲਾਂ ਵਿਖੇ 7 ਦਿਨਾਂ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ 61 ਬੱਚਿਆ ਨੇ ਭਾਗ ਲਿਆ। ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ ਜਿਸ ਵਿੱਚੋਂ ਪਹਿਲੇ, ਦੂਜੇ ਤੇ ਤੀਜੇ ਨੰਬਰ ਤੇ ਆਏ ਬੱਚਿਆਂ ਨੂੰ ਵਿਸ਼ੇਸ਼ ਤੌਰ ਤੇ ਪਹੁੰਚੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਬਲਜੀਤ ਸਿੰਘ ਜਲਾਲਉਸਮਾ ਵੱਲੋਂ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ



ਭਾਗ ਲੈਣ ਵਾਲੇ ਬੱਚਿਆ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁ: ਸਾਹਿਬ ਦੀ ਪ੍ਰਬੰਧਕ ਕਮੇਟੀ, ਪ੍ਰਚਾਰਕ ਭਾਈ ਜੱਜ ਸਿੰਘ, ਕਵੀਸਰ ਭਾਈ ਕੁਲਜੀਤ ਸਿੰਘ, ਹੈੱਡ ਗਰੰਥੀ ਗਿਆਨੀ ਹਰਦੀਪ ਸਿੰਘ ਅਤੇ ਪਿੰਡ ਦੀਆਂ ਸੰਗਤਾਂ ਹਾਜ਼ਰ ਸਨ। ਪ੍ਰਬੰਧਕਾਂ ਤੇ ਪਿੰਡ ਵਾਸੀਆਂ ਨੇ ਨੇ ਜਥੇ. ਬਲਜੀਤ ਸਿੰਘ ਜਲਾਲ ਉਸਮਾ ਨੂੰ ਸਨਮਾਨਿਤ ਕੀਤਾ।

ਸਿੱਖ ਰਹਿਤ ਮਰਯਾਦਾ ਹਰੇਕ ਸਿੱਖ ਦੇ ਜੀਵਨ ਲਈ ਅਤੀ ਜ਼ਰੂਰੀ ਹੈ। ਸਿੱਖ ਰਹਿਤ ਮਰਯਾਦਾ ਅੰਦਰ ਸਾਡੇ ਜੀਵਨ ਦੇ ਹਰ ਕਾਰਜ ਨੂੰ ਕਰਨ ਲਈ ਨਿਯਮ ਬਣਾਏ ਗਏ ਹਨ। ਸਿੱਖ ਨੇ ਜਨਮ ਤੋਂ ਲੈ ਕੇ ਮੌਤ ਤਕ ਦੇ ਸਾਰੇ ਕਾਰ-ਵਿਹਾਰ ਇਸੇ ਅਨੁਸਾਰ ਹੀ ਕਰਨੇ ਹਨ। ਹਰ ਸਿੱਖ ਲਈ ਜ਼ਰੂਰੀ ਹੈ ਕਿ ਉਹ ਸਿੱਖ ਰਹਿਤ ਮਰਯਾਦਾ ਤੋਂ ਜਾਣੂੰ ਹੋਵੇ। ਅਸੀਂ 'ਸੇਵਾ ਸਰਗਮੀਆਂ' ਦੇ ਇਸ ਅੰਕ ਤੋਂ ਸਿੱਖ ਰਹਿਤ ਮਰਯਾਦਾ ਨੂੰ ਲੜੀਵਾਰ ਛਾਪ ਰਹੇ ਹਾਂ ਤਾਂ ਕਿ ਵੱਧ ਤੋਂ ਵੱਧ ਸੰਗਤਾਂ ਇਸ ਤੋਂ ਜਾਣੂੰ ਹੋ ਸਕਣ।

-ਮੁੱਖ ਸੰਪਾਦਕ

*ਲੜੀ ਜੋੜਨ ਲਈ ਪਿਛਲਾ ਅੰਕ ਦੇਖੋ*

ੴ ਸਤਿਗੁਰ ਪ੍ਰਸਾਦਿ॥

# ਸਿੱਖ ਰਹਿਤ ਮਰਯਾਦਾ

### ਕੀਰਤਨ

(ੳ) ਸੰਗਤ ਵਿਚ ਕੀਰਤਨ ਕੇਵਲ ਸਿੱਖ ਹੀ ਕਰ ਸਕਦਾ ਹੈ।

(ਅ) ਕੀਰਤਨ ਗੁਰਬਾਣੀ ਨੂੰ ਰਾਗਾਂ ਵਿਚ ਉਚਾਰਨ ਕਰਨ ਨੂੰ ਕਹਿੰਦੇ ਹਨ।

(ੲ) ਸੰਗਤ ਵਿਚ ਕੀਰਤਨ ਕੇਵਲ ਗੁਰਬਾਣੀ ਜਾਂ ਇਸ ਦੀ ਵਿਆਖਿਆ-ਸਰੂਪ ਰਚਨਾ ਭਾਈ ਗੁਰਦਾਸ ਜੀ ਤੇ ਭਾਈ ਨੰਦ ਲਾਲ ਜੀ ਦੀ ਬਾਣੀ ਦਾ ਹੋ ਸਕਦਾ ਹੈ।

(ਸ) ਸ਼ਬਦਾਂ ਨੂੰ ਜੋਟੀਆਂ ਦੀ ਧਾਰਨਾ ਜਾਂ ਰਾਗ ਨਾਲ ਪੜ੍ਹਦਿਆਂ ਬਾਹਰ ਦੀਆਂ ਮਨ-ਘੜਤ ਤੇ ਵਾਧੂ ਤੁਕਾਂ ਲਾ ਕੇ ਧਾਰਨਾ ਲਾਉਣੀ ਜਾਂ ਗਾਉਣਾ ਅਯੋਗ ਹੈ। ਸ਼ਬਦ ਦੀ ਤੁਕ ਹੀ ਧਾਰਨਾ ਬਣਾਈ ਜਾਵੇ।

### ਹੁਕਮ ਲੈਣਾ

(ੳ) ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਮੱਥਾ ਟੇਕਣਾ, ਗੁਰੂ-ਰੂਪ ਸੰਗਤ ਦੇ ਅਦਬ ਨਾਲ ਦਰਸ਼ਨ ਕਰਨੇ ਤੇ ਅਵਾਜ਼ਾ ਲੈਣਾ ਜਾਂ ਸੁਣਨਾ, ਸਤਿਗੁਰੂ ਦੇ 'ਦਰਸ਼ਨ' ਹਨ। ਵਾਕ ਲੈਣ ਤੋਂ ਬਿਨਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਰੁਮਾਲ ਚੁੱਕ ਕੇ ਦਰਸ਼ਨ ਕਰਨਾ ਜਾਂ ਕਰਵਾਉਣਾ ਮਨਮੱਤ ਹੈ।

(ਅ) ਸੰਗਤ ਵਿੱਚ ਇਕ ਵਕਤ ਇਕੋ ਗੱਲ ਹੋਣੀ ਚਾਹੀਏ-ਕੀਰਤਨ ਜਾਂ ਕਥਾ, ਵਖਿਆਨ ਜਾਂ ਪਾਠ।

(ੲ) ਦੀਵਾਨ ਸਮੇਂ ਸੰਗਤ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਤਾਬਿਆ ਕੇਵਲ ਸਿੱਖ (ਮਰਦ ਜਾਂ ਤੀਵੀਂ) ਹੀ ਬੈਠਣ ਦਾ ਅਧਿਕਾਰੀ ਹੈ।

(ਸ) ਸੰਗਤ ਨੂੰ ਪਾਠ ਕੇਵਲ ਸਿੱਖ ਹੀ ਕਰ ਕੇ ਸੁਣਾਵੇ। ਆਪਣੇ ਆਪ ਲਈ ਪਾਠ ਕੋਈ ਗੈਰ ਸਿੱਖ ਭੀ ਕਰ ਸਕਦਾ ਹੈ।

(ਹ) 'ਹੁਕਮ' ਲੈਣ ਲੱਗਿਆਂ ਖੱਬੇ ਪੰਨੇ ਦੇ ਉਤਲੇ ਪਾਸਿਓਂ ਪਹਿਲਾ ਸ਼ਬਦ ਜੋ ਜਾਰੀ ਹੈ, ਮੁੱਢ ਤੋਂ ਪੜ੍ਹਨਾ ਚਾਹੀਏ। ਜੇ ਉਸ ਸ਼ਬਦ ਦਾ ਮੁੱਢ ਪਿਛਲੇ ਪੰਨੇ ਤੋਂ ਸ਼ੁਰੂ ਹੁੰਦਾ ਹੈ ਤਾਂ ਪੱਤਰਾ ਪਰਤ ਕੇ ਪੜ੍ਹਨਾ ਸ਼ੁਰੂ ਕਰੋ ਅਤੇ ਸ਼ਬਦ ਸਾਰਾ ਪੜ੍ਹੋ। ਜੇ ਵਾਰ ਹੋਵੇ ਤਾਂ ਪਉੜੀ ਦੇ ਸਾਰੇ ਸਲੋਕ ਤੇ ਪਉੜੀ ਪੜ੍ਹਨੀ ਚਾਹੀਏ। ਸ਼ਬਦ ਦੇ ਅੰਤ ਵਿਚ ਜਿਥੇ 'ਨਾਨਕ' ਨਾਮ ਆ ਜਾਵੇ, ਉਸ ਤੁਕ 'ਤੇ ਭੋਗ ਪਾਇਆ ਜਾਵੇ।

(ਕ) ਦੀਵਾਨ ਦੀ ਸਮਾਪਤੀ ਜਾਂ ਭੋਗ ਦਾ ਅਰਦਾਸਾ ਹੋ ਕੇ ਅੰਤਮ ਹੁਕਮ ਲਿਆ ਜਾਵੇ।

### ੧੨ ਸਾਧਾਰਨ ਪਾਠ

(ੳ) ਹਰ ਇਕ ਸਿੱਖ ਨੂੰ ਵੱਸ ਲੱਗੇ, ਆਪਣੇ ਘਰ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪ੍ਰਕਾਸ਼ ਕਰਨ ਦਾ ਵੱਖਰਾ ਤੇ ਨਵੇਕਲਾ ਸਥਾਨ ਨਿਯਤ ਕਰਨਾ ਚਾਹੀਏ।

(ਅ) ਹਰ ਇਕ ਸਿੱਖ ਸਿੱਖਣੀ, ਬੱਚੇ ਬੱਚੀ ਨੂੰ ਗੁਰਮੁਖੀ ਪੜ੍ਹ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਠ ਕਰਨਾ ਸਿੱਖਣਾ ਚਾਹੀਏ।

(ੲ) ਹਰ ਇਕ ਸਿੱਖ ਅੰਮ੍ਰਿਤ ਵੇਲੇ ਪ੍ਰਸ਼ਾਦ ਛਕਣ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ 'ਹੁਕਮ' ਲਵੇ। ਜੇ ਇਸ ਵਿਚ ਉਕਾਈ ਹੋ ਜਾਵੇ, ਤਾਂ ਦਿਨ ਵਿਚ ਕਿਸੇ ਨਾ ਕਿਸੇ ਵੇਲੇ ਜ਼ਰੂਰ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਾਠ ਕਰੇ ਜਾਂ ਸੁਣੇ। ਸਫਰ ਆਦਿ ਔਕੜ ਵੇਲੇ ਦਰਸ਼ਨ ਕਰਨ ਤੋਂ ਅਸਮਰਥ ਹੋਵੇ ਤਾਂ ਸ਼ੰਕਾ ਨਹੀਂ ਕਰਨੀ।

(ਸ) ਚੰਗਾ ਤਾਂ ਇਹ ਹੈ ਕਿ ਹਰ ਇਕ ਸਿੱਖ ਆਪਣਾ ਸਾਧਾਰਨ ਪਾਠ ਜਾਰੀ ਰੱਖੇ ਤੇ ਮਹੀਨੇ ਦੋ ਮਹੀਨੇ ਮਗਰੋਂ (ਜਾਂ ਜਿਤਨੇ ਸਮੇਂ ਵਿਚ ਹੋ ਸਕ) ਭੋਗ ਪਾਵੇ।

(ਹ) ਪਾਠ ਆਰੰਭ ਕਰਨ ਸਮੇਂ ਅਨੰਦ ਸਾਹਿਬ (ਪਹਿਲੀਆਂ ਪੰਜ ਪਉੜੀਆਂ ਤੇ ਅੰਤਲੀ ਇਕ ਪਉੜੀ) ਦੇ ਪਾਠ ਮਗਰੋਂ ਅਰਦਾਸਾ ਕਰ ਕੇ ਹੁਕਮ ਲੈਣਾ ਚਾਹੀਏ। ਫੇਰ ਜਪੁ ਸਾਹਿਬ ਦਾ ਪਾਠ ਕਰਨਾ ਚਾਹੀਏ।

### ਅਖੰਡ ਪਾਠ

(ੳ) ਅਖੰਡ ਪਾਠ ਕਿਸੇ ਭੀੜ ਜਾਂ ਉਤਸ਼ਾਹ ਵੇਲੇ ਕੀਤਾ ਜਾਂਦਾ ਹੈ। ਇਹ ਤਕਰੀਬਨ ੪੮ ਘੰਟੇ ਵਿਚ ਸੰਪੂਰਨ ਕੀਤਾ ਜਾਂਦਾ ਹੈ। ਇਸ ਵਿਚ ਪਾਠ ਲਗਾਤਾਰ ਬਿਨਾਂ ਰੋਕ ਦੇ ਕੀਤਾ ਜਾਂਦਾ ਹੈ। ਪਾਠ ਸਾਫ ਤੇ ਸ਼ੁੱਧ ਹੋਵੇ। ਬਹੁਤ ਤੇਜ਼ ਪੜ੍ਹਨਾ, ਜਿਸ ਤੋਂ ਸੁਣਨ ਵਾਲਾ ਕੁਝ ਸਮਝ ਨਾ ਸਕੇ, ਗੁਰਬਾਣੀ ਦੀ ਨਿਰਾਦਰੀ ਹੈ। ਅੱਖਰ ਮਾਤਰ ਦਾ ਧਿਆਨ ਰੱਖ ਕੇ, ਪਾਠ ਸ਼ੁੱਧ ਤੇ ਸਾਫ ਕਰਨਾ ਚਾਹੀਏ, ਭਾਵੇਂ ਸਮਾਂ ਕੁਝ ਵਧੀਕ ਲੱਗ ਜਾਵੇ।

(ਅ) ਅਖੰਡ ਪਾਠ ਜਿਸ ਪਰਵਾਰ ਜਾਂ ਸੰਗਤ ਨੇ ਕਰਨਾ ਹੈ। ਉਹ ਆਪ ਕਰੇ, ਟੱਬਰ ਦੇ ਕਿਸੇ ਆਦਮੀ, ਸਾਕ ਸੰਬੰਧੀ, ਮਿੱਤਰ ਆਦਿ ਮਿਲ ਕੇ ਕਰਨ। ਪਾਠੀਆਂ ਦੀ ਗਿਣਤੀ ਮੁਕੱਰਰ ਨਹੀਂ। ਜੇ ਕੋਈ ਆਦਮੀ ਆਪ ਪਾਠ ਨਹੀਂ ਕਰ ਸਕਦਾ, ਤਾਂ ਕਿਸੇ ਚੰਗੇ ਪਾਠੀ ਕੋਲੋਂ ਸਣੁ ਲਵੇ ਪਰ ਇਹ ਨਾ ਹੋਵੇ ਕਿ ਪਾਠੀ ਆਪੇ ਇਕੱਲਾ ਬਹਿ ਕੇ ਪਾਠ ਕਰਦਾ ਰਹੇ ਤੇ ਸੰਗਤ ਜਾਂ ਟੱਬਰ ਦਾ ਕੋਈ ਆਦਮੀ ਨਾ ਸੁਣਦਾ ਹੋਵੇ। ਪਾਠੀ ਦੀ ਯਥਾ-ਸ਼ਕਤਿ ਭੋਜਨ, ਬਸਤਰ ਆਦਿ ਨਾਲ ਯੋਗ ਸੇਵਾ ਕੀਤੀ ਜਾਵੇ।

(ੲ) ਅਖੰਡ ਪਾਠ ਜਾਂ ਹੋਰ ਕਿਸੇ ਤਰ੍ਹਾਂ ਦੇ ਪਾਠ ਵੇਲੇ ਕੁੰਭ, ਜੋਤ, ਨਲੀਏਰ ਆਦਿ ਰੱਖਣਾ ਜਾਂ ਨਾਲ ਨਾਲ ਜਾਂ ਵਿਚ ਵਿਚ ਕਿਸੇ ਹੋਰ ਬਾਣੀ ਦਾ ਪਾਠ ਜਾਰੀ ਰੱਖਣਾ ਮਨਮੱਤ ਹੈ।

*ਚੱਲਦਾ...*

## ਭੋਪਾਲ ਵਿਖੇ ਗੁਰਮਤਿ ਟ੍ਰੇਨਿੰਗ ਕੈਂਪ ਸਫਲਤਾ ਪੂਰਵਕ ਸੰਪੰਨ

# ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਬੱਚਿਆਂ ਨੂੰ ਕੀਤਾ ਸਨਮਾਨਿਤ



ਅੰਮ੍ਰਿਤਸਰ- ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਦੇ ਮੰਤਵ ਨਾਲ ਗੁਰਦੁਆਰਾ ਸਾਹਿਬ ਹਮੀਦੀਆ ਰੋਡ ਭੋਪਾਲ (ਮੱਧ ਪ੍ਰਦੇਸ਼) ਵਿਖੇ ਲਗਾਏ ਗਏ ਗੁਰਮਤਿ ਟ੍ਰੇਨਿੰਗ ਕੈਂਪ ਦੇ ਸਮਾਪਤੀ ਸਮਾਰੋਹ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਅਜਿਹੇ ਕੈਂਪ ਬੱਚਿਆਂ ਤੇ ਨੌਜਵਾਨਾਂ ਨੂੰ ਸਿੱਖ ਸਿਧਾਂਤਾਂ ਤੇ ਸਿੱਖ ਵਿਰਾਸਤ ਨਾਲ ਜੋੜਨ ਲਈ ਵੱਡਾ ਮਹੱਤਵ ਰੱਖਦੇ ਹਨ। ਉਨ੍ਹਾਂ ਕੈਂਪ ਪ੍ਰਬੰਧਕਾਂ ਦੇ ਉਪਰਾਲੇ ਦੀ ਪ੍ਰਸੰਸਾ ਕਰਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਕੈਂਪਾਂ ਲਈ ਹਰ ਤਰ੍ਹਾਂ ਦਾ ਸਹਿਯੋਗ ਦੇਣ ਦੀ ਵਚਨਬੱਧਤਾ ਪ੍ਰਗਟਾਈ। ਡਾ. ਰੂਪ ਸਿੰਘ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਨੇ ਕੈਂਪ ਦੌਰਾਨ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ। ਇਸ ਦੌਰਾਨ ਡਾ. ਰੂਪ ਸਿੰਘ ਨੇ ਪੰਜਾਬੀ ਚੰਗੀ ਤਰ੍ਹਾਂ ਪੜ੍ਹ ਸਕਣ ਵਾਲੇ ਇੱਕ ਸੌ ਦੇ ਕਰੀਬ ਬੱਚਿਆਂ ਨੂੰ ਆਪਣੇ ਵੱਲੋਂ ਸ਼੍ਰੋਮਣੀ ਕਮੇਟੀ ਦਾ ਮਾਸਿਕ ਧਾਰਮਿਕ ਮੈਗਜੀਨ ਗੁਰਮਤਿ ਪ੍ਰਕਾਸ਼ ਲਗਾਉਣ ਦਾ ਐਲਾਨ ਕੀਤਾ। ਇਹ ਕੈਂਪ 27 ਮਈ ਤੋਂ 1 ਜੂਨ ਤੱਕ ਲਗਾਇਆ ਗਿਆ, ਜਿਸ ਵਿਚ 200 ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਸਕੱਤਰ ਸ. ਅਮਰੀਕ ਸਿੰਘ ਨੇ ਸ਼੍ਰੋਮਣੀ ਕਮੇਟੀ ਅਤੇ ਸੰਗਤ ਵੱਲੋਂ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ।

ਇਸੇ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਗੁਰਦੁਆਰਾ ਬਾਉਲੀ ਸਾਹਿਬ ਦੀ ਨਵੀਂ ਇਮਾਰਤ ਦਾ ਅਰਦਾਸ ਨਾਲ ਸ਼ੁੱਭ ਆਰੰਭ ਵੀ ਕੀਤਾ ਗਿਆ। ਇਸ ਤੋਂ ਇਲਾਵਾ ਗੁਰਦੁਆਰਾ ਟੇਕਰੀ ਸਾਹਿਬ ਵਿਖੇ ਸਥਾਪਿਤ ਕੀਤੀ ਗਈ ਸਾਹਿਬ ਚੈਰੀਟੇਬਲ ਪੋਲੀਕਲੀਨਿਕ ਤੇ ਪੈਥਾਲੋਜੀ ਲੈਬ ਦਾ ਉਦਘਾਟਨ ਵੀ ਕੀਤਾ ਗਿਆ। ਇਸ ਲੈਬੋਰਟਰੀ ਵਿਚ ਹਰ ਇੱਕ ਲੋੜਵੰਦ ਨੂੰ 60 ਫੀਸਦੀ ਛੋਟ 'ਤੇ ਟੈਸਟਾਂ ਦੀ ਸਹੂਲਤ ਦਿੱਤੀ ਜਾਵੇਗੀ। ਇਹ ਉਪਾਰਾਲਾ ਪਹਿਲੇ ਪਾਤਸ਼ਾਹ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ. ਪਰਮਵੀਰ ਸਿੰਘ, ਸ. ਅਮਰੀਕ ਸਿੰਘ ਸਕੱਤਰ, ਸ. ਰਣਜੀਤ ਸਿੰਘ ਵਿੱਤ ਸਕੱਤਰ, ਸ. ਗੁਰਮੇਲ ਸਿੰਘ ਵਾਈਸ ਪ੍ਰਧਾਨ, ਬੀਬੀ ਸ਼ਤਿਲ ਕੌਰ, ਬੀਬੀ ਸਿਮਰਨ ਕੌਰ, ਸ. ਜਸਵਿੰਦਰ ਸਿੰਘ, ਸ. ਰਵਿੰਦਰ ਸਿੰਘ, ਗਿਆਨੀ ਦਲੀਪ ਸਿੰਘ ਸਾਬਾਕ ਪ੍ਰਧਾਨ, ਡਾ. ਜਸਬੀਰ ਕੌਰ, ਡਾ. ਨਰਮਤਾ ਚੌਦਰੀ, ਡਾ. ਗੋਸਵਾਮੀ, ਸ. ਕੁਲਦੀਪ ਸਿੰਘ ਗੁਲਾਟੀ ਚੇਅਰਮੈਨ ਪੰਜਾਬੀ ਅਕੈਡਮੀ ਸਮੇਤ ਹੋਰ ਮੌਜੂਦ ਸਨ।

### ਭੋਪਾਲ ਦੀ ਗੁਰਦੁਆਰਾ ਕਮੇਟੀ ਨੇ ਕੀਤੀ ਵਿਲੱਖਣ ਪਹਿਲ

ਗੁਰਮਤਿ ਟ੍ਰੇਨਿੰਗ ਕੈਂਪ ਦੇ ਸਮਾਪਤੀ ਸਮਾਗਮ ਵਿਚ ਹਿਸਾ ਲੈਣ ਭੋਪਾਲ ਪਹੁੰਚੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭੋਪਾਲ ਦੇ ਆਗੂ ਸਿੱਖਾਂ ਵੱਲੋਂ ਇੱਕ ਨਿਵੇਕਲੀ ਪਹਿਲ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਸਾਹਿਬ ਹਮੀਦੀਆ ਰੋਡ ਅਤੇ ਖਾਲਸਾ ਯੂਥ ਵਿੰਗ ਭੋਪਾਲ ਦੇ ਨੁਮਾਇੰਦਿਆਂ ਵੱਲੋਂ ਲੋੜਵੰਦ ਸਿਕਲੀਗਰ ਸਿੱਖਾਂ ਨੂੰ ਸਵੈ ਨਿਰਭਰ ਬਣਾਉਣ ਲਈ ਉਨ੍ਹਾਂ ਦੇ ਰੁਜਗਾਰ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਮੱਧ ਪ੍ਰਦੇਸ਼ ਅੰਦਰ ਵੱਸਦੇ ਸਿਕਲੀਗਰ ਸਿੱਖਾਂ ਦੀ ਮੱਦਦ ਲਈ ਜਿਥੇ ਸ਼੍ਰੋਮਣੀ ਕਮੇਟੀ ਹਮੇਸ਼ਾ ਮੋਹਰੀ ਰਹੀ ਹੈ ਉਥੇ ਹੀ ਭੋਪਾਲ ਦੀਆਂ ਸੰਗਤਾਂ ਨੇ ਵੀ ਉਨ੍ਹਾਂ ਦੀ ਬਾਂਹ ਫੜੀ ਹੈ। ਡਾ. ਰੂਪ ਸਿੰਘ ਅਨੁਸਾਰ ਸਥਾਨਕ ਸਿੱਖ ਆਗੂਆਂ ਵੱਲੋਂ ਲੋੜਵੰਦ ਸਿਕਲੀਗਰ ਪਰਿਵਾਰਾਂ ਨੂੰ ਛੋਟੇ ਛੋਟੇ ਕਾਰੋਬਾਰ ਖੋਲ੍ਹ ਕੇ ਦਿੱਤੇ ਜਾ ਰਹੇ ਹਨ। ਉਦਾਹਰਨ ਦੇ ਤੌਰ 'ਤੇ ਉਨ੍ਹਾਂ ਦੱਸਿਆ ਕਿ ਇੱਕ ਲੋੜਵੰਦ ਪਰਿਵਾਰ ਜਿਸ ਦੀਆਂ ਤਿੰਨ ਲੜਕੀਆਂ ਹਨ ਨੂੰ ਕਰਿਆਨੇ ਦੀ ਦੁਕਾਨ ਬਣਾ ਕੇ ਦਿਤੀ ਗਈ ਹੈ। ਇਸੇ ਤਰ੍ਹਾਂ ਹੀ ਕਈ ਹੋਰਾਂ ਨੂੰ ਵੀ ਅਜਿਹੀ ਹੀ ਮੱਦਦ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਸਿਕਲੀਗਰ ਸਿੱਖਾਂ ਨੂੰ ਬਿਹਤਰ ਜੀਵਨ ਦੇਣ ਲਈ ਕੀਤਾ ਗਿਆ ਚੰਗਾ ਯਤਨ ਹੈ।

# ਗੁਰਦੁਆਰਾ ਪੰਜੋਖਰਾ ਸਾਹਿਬ ਵਿਖੇ ਗੁਰਮਤਿ ਕੈਂਪ ਵਿਚ 1700 ਤੋਂ ਵੱਧ ਬੱਚਿਆਂ ਨੇ ਭਰੀ ਹਾਜ਼ਰੀ



ਪੰਜੋਖਰਾ ਸਾਹਿਬ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਮਾਨਯੋਗ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਸਰਦਾਰ ਰਘੂਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਸ਼੍ਰੋਮਣੀ ਕਮੇਟੀ ਦੇ ਦਿਸਾ ਨਿਰਦੇਸ਼ਾ ਅਨੁਸਾਰ ਸਿੱਖ ਮਿਸ਼ਨ ਹਰਿਆਣਾ (ਕੁਰੂਕਸ਼ੇਤਰ) ਵੱਲੋਂ ਗੁਰਦੁਆਰਾ ਪੰਜੋਖਰਾ ਸਾਹਿਬ ਦੀ ਮੈਨਜਮੈਂਟ ਅਤੇ ਬਾਲਾ ਪ੍ਰੀਤਮ ਪ੍ਰਚਾਰ ਲਹਿਰ ਦੇ ਸਹਿਯੋਗ ਨਾਲ 4 ਜੂਨ ਤੋਂ ਚੱਲ ਰਹੇ ਗੁਰਮਤਿ ਸਿਖਲਾਈ ਕੈਂਪ ਦੇ ਸਮਾਪਤੀ ਸਮਾਗਮ ਕੀਤੇ ਗਏ। ਕੈਂਪ ਦੇ ਸਮਾਪਤੀ ਸਮਾਗਮ ਸਮੇਂ ਗਿਆਨੀ ਮੰਗਪ੍ਰੀਤ ਸਿੰਘ ਇੰਚਾਰਜ ਸਿੱਖ ਮਿਸ਼ਨ ਹਰਿਆਣਾ, ਪੰਡਿਤ ਰਾਉ ਧਰਨੇਵਰ, ਗਿਆਨੀ ਚਰਨਜੀਤ ਸਿੰਘ ਕਥਾਵਾਚਕ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੇ ਉਚੇਚੇ ਤੌਰ ਤੇ ਪਹੁੰਚ ਕੇ ਬੱਚਿਆਂ ਦੇ ਨਾਲ ਗੁਰਬਾਣੀ, ਗੁਰ ਇਤਿਹਾਸ ਤੇ ਸਿੱਖ ਰਹਿਤ ਮਰਿਯਾਦਾ ਸਬੰਧੀ ਵੀਚਾਰ ਸਾਂਝੇ ਕੀਤੇ। ਇਸ ਤੋਂ ਇਲਾਵਾ ਭਾਈ ਗੁਰਗੀਤ ਸਿੰਘ, ਭਾਈ ਨਵਜੋਤ ਸਿੰਘ, ਭਾਈ ਗੁਰਪ੍ਰੀਤ ਸਿੰਘ ਇੰਚਾਰਜ ਗੁਰਮਤਿ ਸੰਗੀਤ ਅਕੈਡਮੀ ਸੇਖੂਪੁਰਾ ਕਰਨਾਲ ਵੱਲੋਂ ਵੀ ਹਾਜਰੀ ਭਰੀ ਗਈ।

4 ਜੂਨ ਤੋਂ ਲਗਾਏ ਗਏ ਇਸ ਕੈਂਪ ਵਿਚ ਪੰਥ ਦੇ ਵਿਦਵਾਨ ਗਿਆਨੀ ਸਾਹਿਬ ਸਿੰਘ ਸ਼ਾਹਬਾਦ ਮਾਰਕੰਡੇ ਵਾਲੇ ਉਚੇਚੇ ਤੌਰ ਤੇ ਪਹੁੰਚੇ, ਜਿੰਨ੍ਹਾਂ ਵੱਲੋ ਬੱਚਿਆਂ ਨਾਲ ਗੁਰਬਾਣੀ ਦੇ ਸ਼ੁਧ ਉਚਾਰਨ ਸਬੰਧੀ ਵੀਚਾਰਾਂ ਸਾਝੀਆਂ ਕੀਤੀਆ ਗਈਆ।ਇਸ ਕੈਂਪ ਵਿਚ ਭਾਈ ਗੁਰਜੰਟ ਸਿੰਘ ਲਾਲੜੂ, ਭਾਈ ਰਣਜੀਤ ਸਿੰਘ, ਭਾਈ ਮਨਵੀਤ ਸਿੰਘ, ਭਾਈ ਇੰਦਰਪਾਲ ਸਿੰਘ, ਭਾਈ ਨਵਜੋਤ ਸਿੰਘ ਪ੍ਰਚਾਰਕ ਸਿੱਖ ਮਿਸ਼ਨ ਹਰਿਆਣਾ ਵੱਲੋਂ ਵੀ ਬੱਚਿਆਂ ਨੂੰ ਗੁਰਮਤਿ ਸਿਧਾਂਤਾਂ ਸਬੰਧੀ ਜਾਣਕਾਰੀ ਦਿੱਤੀ ਗਈ। ਕੈਂਪ ਦੌਰਾਨ ਬੱਚਿਆਂ ਦੇ ਵੱਖ-ਵੱਖ ਮੁਕਾਬਲੇ ਵੀ ਕਰਵਾਏ ਗਏ ਜਿਨ੍ਹਾਂ ਵਿਚ ਪਹਿਲੇ ਦੂਜੇ ਤੇ ਤੀਜੇ ਨੰਬਰ ਤੇ ਆਉਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਸਿੱਖ ਮਿਸ਼ਨ ਹਰਿਆਣਾ ਵੱਲੋਂ ਲਗਾਏ ਗਏ ਇਸ ਗੁਰਮਤਿ ਕੈਂਪ ਵਿੱਚ 1700 ਤੋਂ ਵੱਧ ਬੱਚਿਆਂ ਵੱਲੋਂ ਸਮੂਲੀਅਤ ਕੀਤੀ ਗਈ। ਸਿੱਖ ਮਿਸ਼ਨ ਹਰਿਆਣਾ ਵੱਲੋਂ ਸਾਰੇ ਬੱਚਿਆਂ ਅਤੇ ਸਹਿਯੋਗੀ ਸੱਜਣਾ ਨੂੰ ਸਨਮਾਨਿਤ ਕੀਤਾ ਗਿਆ। ਸਰਦਾਰ ਸੁਖਦੇਵ ਸਿੰਘ ਜੀ ਮੈਨੇਜਰ ਵੱਲੋਂ ਸਾਰੇ ਪੰਤਵੰਤੇ ਸੱਜਣਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ।

# ਪਿੰਡ ਗੂੰਥਗੜ (ਬਟਾਲਾ) ਵਿਖੇ 10 ਦਿਨਾਂ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ

ਬਟਾਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਧਰਮ ਪ੍ਰਚਾਰ ਲਹਿਰ ਨੂੰ ਨਿਰੰਤਰ ਜਾਰੀ ਰੱਖਦਿਆਂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਸ਼ੇਸ ਜਤਨਾ ਨਾਲ ਬੱਚਿਆਂ ਨੂੰ ਸਿੱਖ ਇਤਿਹਾਸ ਤੋਂ ਜਾਣੂ ਕਰਵਾਉਣ ਲਈ ਸ਼੍ਰੋਮਣੀ ਕਮੇਟੀ ਹਲਕਾ ਬਟਾਲਾ ਦੇ ਪਿੰਡ ਗੂੰਥਗੜ ਵਿਖੇ 10 ਦਿਨਾਂ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਬੀਰ ਸਿੰਘ ਸੇਖਵਾਂ, ਭਾਈ ਮਨਜੀਤ ਸਿੰਘ ਕਾਦੀਆਂ, ਭਾਈ ਗੁਰਮੁੱਖ ਸਿੰਘ ਖਾਲਸਾ, ਭਾਈ ਸਿਮਰਨਜੀਤ ਸਿੰਘ ਕੋਟ ਟੋਡਰ ਮੱਲ, ਕਵੀਸ਼ਰ ਭਾਈ ਮਹਿਤਾਬ ਸਿੰਘ ਖ਼ਾਲਸਾ, ਭਾਈ ਤਰਸੇਮ ਸਿੰਘ ਸੇਖਵਾਂ ਅਤੇ ਭਾਈ ਲਾਲ ਸਿੰਘ ਨੇ ਬੱਚਿਆਂ ਨੂੰ ਸਿੱਖ ਧਰਮ ਦੀ ਮੁੱਢਲੀ ਸਿੱਖਿਆ ਦਿੱਤੀ। ਇਸ ਗੁਰਮਤਿ ਸਿਖਲਾਈ ਸਮਰ ਕੈਂਪ ਦੀ ਸਮਾਪਤੀ ਮੌਕੇ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵਿਸ਼ੇਸ ਤੌਰ ਤੇ ਪਹੁੰਚੇ। ਇਸ ਮੌਕੇ ਬੱਚਿਆਂ ਕੋਲੋਂ ਸਿੱਖ ਇਤਿਹਾਸ, ਸਿੱਖ ਰਹਿਤ ਮਰਿਯਾਦਾ ਤੇ ਗੁਰਮਤਿ ਸਬੰਧੀ ਸਵਾਲ ਜਵਾਬ ਕੀਤੇ ਗਏ। ਬੱਚਿਆਂ ਨੇ ਸਵਾਲਾਂ ਦੇ ਬਾਖੂਬੀ ਜਵਾਬ ਦਿੱਤੇ। ਸਮਾਪਤੀ ਸਮੇਂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ. ਗੁਰਤਿੰਦਰ ਪਾਲ ਸਿੰਘ ਭਾਟੀਆ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ ਅਤੇ ਸ. ਸੁਖਬੀਰ ਸਿੰਘ ਮੈਨੇਜਰ ਗੁਰਦੁਆਰਾ ਸਤਿਕਰਤਾਰੀਆਂ ਨੇ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਧਾਰਮਿਕ ਪੁਸਤਕਾਂ ਅਤੇ ਸਨਮਾਨ ਪੱਤਰ ਦੇ ਕੇ ਬੱਚਿਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਬੱਚਿਆਂ ਦੇ ਮਾਤਾ ਪਿਤਾ ਤੇ ਪਿੰਡ ਦੀਆਂ ਸੰਗਤਾਂ ਹਾਜ਼ਰ ਸਨ।



## 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਸ਼ਹੀਦਾਂ ਲੱਧੇਵਾਲ, ਮਾਹਿਲਪੁਰ ਵਿਖੇ ਕਰਵਾਏ ਢਾਡੀ ਤੇ ਕਵੀਸ਼ਰੀ ਮੁਕਾਬਲੇ



ਅੰਮ੍ਰਿਤਸਰ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਸ਼ਹੀਦਾਂ ਲੱਧੇਵਾਲ ਮਾਹਿਲਪੁਰ (ਹੁਸ਼ਿਆਰਪੁਰ) ਵਿਖੇ ਢਾਡੀ ਤੇ ਕਵੀਸ਼ਰੀ ਮੁਕਾਬਲੇ ਕਰਵਾਏ ਗਏ। ਦੋ ਦਿਨ ਚੱਲੇ ਇਨ੍ਹਾਂ ਮੁਕਾਬਲਿਆਂ ਵਿਚ ਪਹਿਲੇ ਦਿਨ 28 ਢਾਡੀ ਜਥਿਆਂ, ਜਦਕਿ ਦੂਸਰੇ ਦਿਨ 8 ਕਵੀਸ਼ਰੀ ਜਥਿਆਂ ਨੇ ਢਾਡੀ ਤੇ ਕਵੀਸ਼ਰੀ ਕਲਾ ਦੇ ਜੌਹਰ ਵਿਖਾਏ। ਢਾਡੀ ਮੁਕਾਬਲਿਆਂ ਵਿੱਚੋਂ ਭਾਈ ਕਸ਼ਮੀਰ ਸਿੰਘ ਕਾਦਰ ਨੇ ਪਹਿਲਾ, ਭਾਈ ਇੰਦਰਜੀਤ ਸਿੰਘ ਬਜੂਹਾ ਨੇ ਦੂਸਰਾ, ਭਾਈ ਪ੍ਰਦੀਪ ਸਿੰਘ ਪਾਂਧੀ ਨੇ ਤੀਸਰਾ ਤੇ ਬੀਬੀ ਸਰਬਜੀਤ ਕੌਰ ਚੱਕ ਖੁਰਦ ਦੇ ਜਥੇ ਨੇ ਚੌਥਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਕਵੀਸ਼ਰੀ ਦੇ ਮੁਕਾਬਲੇ ਵਿੱਚੋਂ ਭਾਈ ਭਗਤ ਸਿੰਘ ਦੇ ਜਥੇ ਨੇ ਪਹਿਲਾ, ਭਾਈ ਜਸਬੀਰ ਸਿੰਘ ਮੋਹਲੇਕੇ ਨੇ ਦੂਜਾ, ਭਾਈ ਕੁਲਦੀਪ ਸਿੰਘ ਖਾਪੜਖੇੜੀ ਨੇ ਤੀਸਰਾ ਤੇ ਭਾਈ ਅਜੀਤ ਸਿੰਘ ਰਜਾਦਾ ਦੇ ਜਥੇ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਮੁਕਾਬਲਿਆਂ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਿੰਦਰ ਸਿੰਘ ਭੁਲੇਵਾਲ ਰਾਠਾਂ ਤੇ ਬੀਬੀ ਰਣਜੀਤ ਕੌਰ ਮਾਹਿਲਪੁਰ ਨੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਢਾਡੀ ਤੇ ਕਵੀਸ਼ਰੀ ਕਲਾ ਨੂੰ ਉਭਾਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਢਾਡੀ ਤੇ ਕਵੀਸ਼ਰ ਜਥਿਆਂ ਵੱਲੋਂ ਮੁਕਾਬਲਿਆਂ ਦੌਰਾਨ ਕੀਤੀ ਗਈ ਪੇਸ਼ਕਾਰੀ ਨੂੰ ਸਲਾਹਿਆ ਅਤੇ ਮੁਕਾਬਲਿਆਂ ਵਿੱਚੋਂ ਸਥਾਨ ਹਾਸਲ ਕਰਨ ਵਾਲਿਆਂ ਦੀ ਮੁਬਾਰਕਬਾਦ ਵੀ ਦਿੱਤੀ ਤੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਨੇ ਦੱਸਿਆ ਕਿ ਇਹ ਜ਼ੋਨਲ ਮੁਕਾਬਲੇ ਕਰਵਾਏ ਗਏ ਹਨ ਅਤੇ ਇਥੋਂ ਜੇਤੂ ਰਹੇ ਜਥਿਆਂ ਦੇ ਸ਼ਤਾਬਦੀ ਸਮਾਗਮਾਂ ਸਮੇਂ 9 ਨਵੰਬਰ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਫਾਈਨਲ ਮੁਕਾਬਲੇ ਹੋਣਗੇ, ਜਿਥੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਜਥਿਆਂ ਨੂੰ ਇਨਾਮੀ ਰਾਸ਼ੀ ਨਾਲ ਸਨਮਾਨਿਤ ਕਰਨਗੇ। ਮੁਕਾਬਲਿਆਂ ਦੌਰਾਨ ਬੀਬੀ ਜਸਬੀਰ ਕੌਰ ਪਟਿਆਲਾ, ਡਾ. ਜਸਵੰਤ ਸਿੰਘ ਕਰੂਕੁਸ਼ੇਤਰ, ਭਾਈ ਸਵਿੰਦਰ ਸਿੰਘ ਭੰਗੂ, ਭਾਈ ਬਲਦੇਵ ਸਿੰਘ ਲੌਂਗੋਵਾਲ, ਭਾਈ ਅਮਰਜੀਤ ਸਿੰਘ ਸੰਗੀਤ ਅਧਿਆਪਕ, ਡਾਕਟਰ ਅਰਸ਼ਪ੍ਰੀਤ ਸਿੰਘ, ਭਾਈ ਗੁਰਮੁੱਖ ਸਿੰਘ ਐਮ.ਏ. ਤੇ ਭਾਈ ਗੁਰਨਾਮ ਸਿੰਘ ਕਲਾਨੌਰ ਨੇ ਜੱਜ ਵਜੋਂ ਭੂਮਿਕਾ ਨਿਭਾਈ।

## ਗੁਰਦੁਆਰਾ ਗੁਰੂ ਨਾਨਕ ਘਾਟ ਉਜੈਨ ਦੀ ਨਵੀਂ ਤਿਆਰ ਕੀਤੀ ਇਮਾਰਤ ਦਾ ਜੈਕਾਰਿਆਂ ਦੀ ਗੂੰਜ 'ਚ ਹੋਇਆ ਸ਼ੁਭ ਆਰੰਭ

ਅੰਮ੍ਰਿਤਸਰ- ਮੱਧ ਪ੍ਰਦੇਸ਼ ਦੇ ਸ਼ਹਿਰ ਉਜੈਨ ਵਿਖੇ ਸਥਿਤ ਗੁਰਦੁਆਰਾ ਗੁਰੂ ਨਾਨਕ ਘਾਟ ਦੀ ਤਿਆਰ ਕੀਤੀ ਗਈ ਖੂਬਸੂਰਤ ਨਵੀਂ ਇਮਾਰਤ ਦਾ ਸ਼ੁਭ ਆਰੰਭ ਸਿੰਘ ਸਾਹਿਬਾਨ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਮੌਜੂਦਗੀ ਵਿਚ ਅਰਦਾਸ ਉਪਰੰਤ ਕੀਤਾ ਗਿਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਇਤਿਹਾਸਕ ਅਸਥਾਨ ਦੀ ਕਾਰ ਸੇਵਾ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਨੂੰ ਸੌਂਪੀ ਗਈ ਸੀ, ਜਿਨ੍ਹਾਂ ਨੇ ਸੰਗਤ ਦੇ ਸਹਿਯੋਗ ਨਾਲ ਗੁਰੂ ਦਰਬਾਰ ਤਿਆਰ ਕੀਤਾ ਹੈ। ਇਕ ਵਿਸ਼ੇਸ਼ ਸਮਾਗਮ ਦੌਰਾਨ ਗੁਰੂਆਰਾ ਗੁਰੂ ਨਾਨਕ ਘਾਟ ਦੀ ਨਵੀਂ ਇਮਾਰਤ ਸੰਗਤ ਅਰਪਣ ਕਰਨ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਸਮੇਤ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ ਤੇ ਅਧਿਕਾਰੀ ਆਦਿ ਮੌਜੂਦ ਸਨ।

ਇਸ ਸਮੇਂ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਖਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਗੁਰੂ ਸਾਹਿਬ ਦੇ ਇਸ ਪਾਵਨ ਅਸਥਾਨ 'ਤੇ ਨਵੇਂ ਦਰਬਾਰ ਦਾ ਸ਼ੁਭ ਆਰੰਭ ਕਰਨਾ ਮੁਬਾਰਕ ਕਾਰਜ ਹੈ। ਉਨ੍ਹਾਂ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਵੱਲੋਂ ਇਸ ਗੁਰੂ ਘਰ ਦੀ ਇਮਾਰਤ ਤਿਆਰ ਕਰਨ ਲਈ ਨਿਭਾਈਆਂ ਸੇਵਾਵਾਂ ਦੀ ਸ਼ਲਾਘਾ ਕੀਤੀ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਗਿਆਨੀ ਹਰਪ੍ਰੀਤ ਸਿੰਘ ਤੇ ਗਿਆਨੀ ਰਘਬੀਰ ਸਿੰਘ ਨੇ ਵੀ ਸੰਗਤ ਨਾਲ ਵਿਚਾਰ ਸਾਂਝੇ ਕੀਤੇ ਅਤੇ ਗੁਰੂ ਸਾਹਿਬ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਕੌਮੀ ਜਾਹੋ-ਜਲਾਲ ਨਾਲ ਮਨਾਉਣ ਲਈ ਵੱਧ ਤੋਂ ਵੱਧ ਸਹਿਯੋਗ ਲਈ ਪ੍ਰੇਰਿਤ ਕੀਤਾ। ਸਿੰਘ ਸਾਹਿਬਾਨ ਨੇ ਗੁਰੂ ਸਾਹਿਬ ਦੇ ਪਾਵਨ



ਉਪਦੇਸ਼ਾਂ ਨੂੰ ਜੀਵਨ ਦਾ ਹਿੱਸਾ ਬਨਾਉਣ ਅਤੇ ਬਾਣੀ ਤੇ ਬਾਣੀ ਨਾਲ ਜੁੜਨ ਦੀ ਵੀ ਪ੍ਰੇਰਣਾ ਕੀਤੀ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਢਾਡੀ ਜਥਿਆਂ ਨੇ ਗੁਰ-ਇਤਿਹਾਸ ਸਾਂਝਾ ਕੀਤਾ। ਇਸ ਮੌਕੇ ਸਿੰਘ ਸਾਹਿਬਾਨ ਤੇ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਤੋਂ ਪਹਿਲਾਂ ਇੰਦੌਰ ਤੋਂ ਸਿੰਘ ਸਾਹਿਬਾਨ, ਸ਼੍ਰੋਮਣੀ ਕਮੇਟੀ ਪ੍ਰਧਾਨ, ਪ੍ਰਮੁੱਖ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਸੰਗਤਾਂ ਕਾਫਲੇ ਦੇ ਰੂਪ ਵਿਚ ਉਜੈਨ ਪੁੱਜੀਆਂ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਅਵਤਾਰ ਸਿੰਘ ਸੁਰਸਿੰਘ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲੇ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਜਰਨੈਲ ਸਿੰਘ ਕਰਤਾਰਪੁਰ, ਸ. ਖੁਸ਼ਵਿੰਦਰ ਸਿੰਘ ਭਾਟੀਆ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਰਾਮ ਸਿੰਘ, ਸ. ਬਲਦੇਵ ਸਿੰਘ ਚੂੰਘਾ, ਸ. ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਸ. ਕੁਲਵੰਤ ਸਿੰਘ ਮੰਨਣ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਬਾਵਾ ਸਿੰਘ ਗੁਮਾਨਪੁਰਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਮਹਿੰਦਰ ਸਿੰਘ ਆਹਲੀ, ਸ. ਜਸਵਿੰਦਰ ਸਿੰਘ ਦੀਨਪੁਰ ਮੈਨੇਜਰ, ਬਾਬਾ ਸੋਹਣ ਸਿੰਘ, ਬਾਬਾ ਲੱਖਾ ਸਿੰਘ, ਬਾਬਾ ਘੋਲਾ ਸਿੰਘ, ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ, ਗਿਆਨੀ ਰਣਜੀਤ ਸਿੰਘ ਦਿੱਲੀ, ਸ. ਜਗਜੀਤ ਸਿੰਘ ਜੱਗੀ, ਸ. ਦਰਸ਼ਨ ਸਿੰਘ ਪੀ.ਏ., ਸ. ਨਵਇੰਦਰਪ੍ਰੀਤ ਸਿੰਘ, ਸ. ਗੁਰਮੀਤ ਸਿੰਘ ਸੈਣੀ, ਸ. ਗੁਰਦੀਪ ਸਿੰਘ ਭਾਟੀਆ, ਸ. ਪ੍ਰਿਤਪਾਲ ਸਿੰਘ ਭਾਟੀਆ, ਸ. ਅਮਰਜੀਤ ਸਿੰਘ ਬੰਗਾ, ਸ. ਸੁਰਿੰਦਰਪਾਲ ਸਿੰਘ, ਭਾਈ ਜਗਦੇਵ ਸਿੰਘ, ਭਾਈ ਸਰਬਜੀਤ ਸਿੰਘ ਢੋਟੀਆਂ, ਸ. ਇੰਦਰਪਾਲ ਸਿੰਘ, ਸ. ਸੁਰਿੰਦਰ ਸਿੰਘ ਅਰੋੜਾ ਆਦਿ ਮੌਜੂਦ ਸਨ।

## 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸ਼ਾਹਬਾਦ ਹਰਿਆਣਾ ਵਿਖੇ 8 ਰੋਜ਼ਾ ਗੁਰਮਤਿ ਕੈਂਪ ਲਗਾਇਆ

ਕੁਰੂਕਸ਼ੇਤਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਹੇਠ ਚਲਦੇ ਸਿੱਖ ਮਿਸ਼ਨ ਹਰਿਆਣਾ ਅਤੇ ਸਾਹਿਬ ਏ ਕਮਾਲ ਸੇਵਾ ਸੁਸਾਇਟੀ ਵੱਲੋਂ ਗੁਰਦੁਆਰਾ ਸ੍ਰੀ ਮਸਤਗੜ੍ਹ ਸਾਹਿਬ, ਸ਼ਾਹਬਾਦ, ਕੁਰੂਕਸ਼ੇਤਰ ਵਿਖੇ ਅੱਠ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਲਗਭਗ 220 ਬੱਚਿਆ ਨੇ ਭਾਗ ਲਿਆ। ਇਸ ਕੈਂਪ ਦੌਰਾਨ ਭਾਈ ਮੰਗਪ੍ਰੀਤ ਸਿੰਘ ਇੰਚਾਰਜ ਸਿੱਖ ਮਿਸ਼ਨ ਹਰਿਆਣਾ, ਭਾਈ ਇੰਦਰਪਾਲ ਸਿੰਘ ਗਤਕਾ ਕੋਚ ਸਿੱਖ ਮਿਸ਼ਨ ਹਰਿਆਣਾ, ਭਾਈ ਮਨਵੀਤ ਸਿੰਘ ਨਾਭਾ ਅਤੇ ਭਾਈ ਰਣਜੀਤ ਸਿੰਘ ਪ੍ਰਚਾਰਕ ਸਿੱਖ ਮਿਸ਼ਨ ਹਰਿਆਣਾ ਵੱਲੋਂ ਗੁਰ ਇਤਿਹਾਸ ਸਿੱਖ ਰਹਿਤ ਮਰਿਯਾਦਾ ਦੀ ਜਾਣਕਾਰੀ ਦਿੱਤੀ। ਕੈਂਪ ਦੌਰਾਨ ਬੱਚਿਆਂ ਨੂੰ ਸਲਾਈਡ ਸ਼ੋ ਰਾਹੀਂ ਵੀ ਗੁਰਮਤਿ ਸਿਧਾਂਤਾਂ ਨੂੰ ਸਮਝਾਇਆ ਗਿਆ। ਬੱਚਿਆਂ ਨੂੰ ਗੁਰਮੁੱਖੀ ਗਿਆਨ, ਦਸਤਾਰ, ਦੁਮਾਲਾ ਅਤੇ ਗਤਕਾ ਸਿਖਲਾਈ ਦਿੱਤੀ ਗਈ। ਇਸ ਅੱਠ ਰੋਜ਼ਾ ਗੁਰਮਤਿ ਕੈਂਪ ਦੌਰਾਨ ਨਿਤਨੇਮ ਦੇ ਪਾਠ ਬੋਧ ਸਮਾਗਮ ਵਿੱਚ ਬੱਚਿਆ ਦੇ ਨਾਲ ਨਾਲ ਵੱਡੀ ਗਿਣਤੀ ਵਿਚ ਸੰਗਤਾਂ ਨੇ ਵੀ ਹਾਜ਼ਰੀ ਭਰੀ। ਗੁਰਮਤਿ ਕੈਂਪ ਦੀ ਸਮਾਪਤੀ



ਸਮੇਂ ਜਥੇਦਾਰ ਹਰਭਜਨ ਸਿੰਘ ਮਸਾਨਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਰਦਾਰ ਪਰਮਜੀਤ ਸਿੰਘ ਇੰਚਾਰਜ ਸਬ ਆਫਿਸ ਹਰਿਆਣਾ ਕੁਰੂਕਸ਼ੇਤਰ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ। ਇਸ ਮੌਕੇ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਜੇਤੂ ਰਹੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਵਿਸ਼ੇਸ਼ ਤੇ ਸਨਮਾਨਿਤ ਕੀਤਾ ਗਿਆ।

## 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਲਈ ਭਾਈ ਲੌਂਗੋਵਾਲ ਨੇ ਗੁਜਰਾਤ ਦੇ ਮੁੱਖ ਮੰਤਰੀ ਸ੍ਰੀ ਵਿਜੇ ਰੁਪਾਨੀ ਨੂੰ ਦਿੱਤਾ ਸੱਦਾ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਹੋਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਜਰਾਤ ਦੇ ਮੁੱਖ ਮੰਤਰੀ ਸ੍ਰੀ ਵਿਜੇ ਰੁਪਾਨੀ ਨੂੰ ਸੱਦਾ ਦਿੱਤਾ ਗਿਆ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਮੁੱਖ ਮੰਤਰੀ ਗੁਜਰਾਤ ਨੂੰ ਨਿੱਜੀ ਤੌਰ 'ਤੇ ਮਿਲ ਕੇ ਸ਼ਤਾਬਦੀ ਸਮਾਗਮਾਂ 'ਚ ਸ਼ਾਮਲ ਹੋਣ ਲਈ ਕਿਹਾ। ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਵੱਖ ਵੱਖ ਸੂਬਿਆਂ ਦੇ ਮੁੱਖ ਮੰਤਰੀਆਂ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ 550ਵੇਂ ਪ੍ਰਕਾਸ਼ ਪੁਰਬ ਮੌਕੇ ਸਮਾਗਮਾਂ ਦਾ ਹਿੱਸਾ ਬਣਨ ਲਈ ਸੱਦਿਆ ਜਾ ਰਿਹਾ ਹੈ ਅਤੇ ਇਸੇ ਤਹਿਤ ਹੀ ਗੁਜਰਾਤ ਦੇ ਮੁੱਖ ਮੰਤਰੀ ਸ੍ਰੀ ਵਿਜੇ ਰੁਪਾਨੀ ਨੂੰ ਭਾਈ ਲੌਂਗੋਵਾਲ ਨੇ ਸੱਦਾ ਦਿੱਤਾ ਹੈ।

ਇਸੇ ਦੌਰਾਨ ਭਾਈ ਲੌਂਗੋਵਾਲ ਨੇ ਸ੍ਰੀ ਵਿਜੇ ਰੁਪਾਨੀ ਦਾ ਗੁਜਰਾਤ 'ਚ ਪੈਂਦੇ ਪਹਿਲੇ ਪਾਤਸ਼ਾਹ ਜੀ ਦੇ ਅਸਥਾਨ ਗੁਰਦੁਆਰਾ ਲਖਪਤ ਰਾਏ ਅਤੇ ਬੇਟ ਦਵਾਰਕਾ 'ਚ ਭਾਈ ਮੋਹਕਮ ਸਿੰਘ ਜੀ ਦੇ ਅਸਥਾਨ ਲਈ 10 ਕਰੋੜ ਰੁਪਏ ਦੀ ਰਾਸ਼ੀ ਜਾਰੀ ਕਰਨ 'ਤੇ ਧੰਨਵਾਦ ਕੀਤਾ। ਭਾਈ ਲੌਂਗੋਵਾਲ ਨੇ ਕਿਹਾ ਕਿ ਗੁਜਰਾਤ ਸਰਕਾਰ ਵੱਲੋਂ ਸਿੱਖ ਅਸਥਾਨਾਂ ਦੇ ਵਿਕਾਸ ਲਈ ਕੀਤੇ ਜਾ ਰਹੇ ਕਾਰਜ ਸ਼ਲਾਘਾਯੋਗ ਹਨ। ਉਨ੍ਹਾਂ ਮੁੱਖ ਮੰਤਰੀ ਪਾਸੋਂ ਸਿੱਖ ਮਿਸ਼ਨ ਗੁਜਰਾਤ ਲਈ ਜਗ੍ਹਾ ਦੀ ਮੰਗ ਵੀ ਕੀਤੀ। ਇਸ ਮਿਲਣੀ ਮੌਕੇ ਸ੍ਰੀ ਵਿਜੇ ਰੁਪਾਨੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆ ਰਹੇ 550 ਸਾਲਾ ਪ੍ਰਕਾਸ਼ ਪੁਰਬ ਲਈ ਸਿੱਖ ਜਗਤ ਨੂੰ ਵਧਾਈ ਦਿੱਤੀ ਅਤੇ ਪ੍ਰਕਾਸ਼ ਪੁਰਬ ਸਮਾਗਮਾਂ ਸਮੇਂ ਸ਼ਮੂਲੀਅਤ ਲਈ ਹਾਮੀ ਭਰੀ। ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਮੁੱਖ ਮੰਤਰੀ ਸ੍ਰੀ ਰੁਪਾਨੀ ਨੂੰ ਸਨਮਾਨਿਤ ਵੀ ਕੀਤਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਘੱਟ ਗਿਣਤੀ ਕਮਿਸ਼ਨ ਗੁਜਰਾਤ ਦੀ ਚੇਅਰਪਰਸਨ ਬੀਬੀ ਪਰਮਜੀਤ ਕੌਰ ਛਾਬੜਾ, ਸ. ਦਰਸ਼ਨ ਸਿੰਘ ਪੀ.ਏ., ਸ. ਹਰਭਜਨ ਸਿੰਘ ਆਦਿ ਮੌਜੂਦ ਸਨ।

## ਸਿੱਖ ਮਿਸ਼ਨ ਗੁਜਰਾਤ ਅਹਿਮਦਾਬਾਦ ਵੱਲੋਂ ਗੁਰਮਤਿ ਸਿਖਲਾਈ ਕੈਂਪ ਲਗਾਇਆ

ਅਹਿਮਦਾਬਾਦ- ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬੱਚਿਆਂ ਨੂੰ ਸਿੱਖ ਧਰਮ ਬਾਰੇ ਜਾਣਕਾਰੀ ਦੇਣ ਲਈ ਵੱਖ-ਵੱਖ ਸਥਾਨਾਂ ਸਮਰ ਗੁਰਮਤਿ ਕੈਂਪ ਲਗਾਏ ਜਾ ਰਹੇ ਹਨ। ਇਸੇ ਸਬੰਧ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਸਿੱਖ ਮਿਸ਼ਨ ਗੁਜਰਾਤ ਵੱਲੋਂ ਗੁਰਦੁਆਰਾ ਗੋਬਿੰਦਧਾਮ ਥਲਤੇਜ, ਅਹਿਮਦਾਬਾਦ ਵਿਖੇ 12 ਮਈ 2019 ਤੋਂ 2 ਜੂਨ 2019 ਤੱਕ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ ਭਾਈ ਲਖਬੀਰ ਸਿੰਘ ਪ੍ਰਚਾਰਕ ਨੇ ਬੱਚਿਆਂ ਨੂੰ ਗੁਰਬਾਣੀ ਸੰਥਿਆ, ਗੁਰ ਇਤਿਹਾਸ ਅਤੇ ਸਿੱਖ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ। ਕੈਂਪ ਦੀ ਸਮਾਪਤੀ ਸਮੇਂ ਸਿੱਖ ਮਿਸ਼ਨ ਗੁਜਰਾਤ ਦੇ ਇੰਚਾਰਜ ਭਾਈ ਪਰਮਜੀਤ ਸਿੰਘ ਤੇ ਪ੍ਰਚਾਰਕ



ਭਾਈ ਸ਼ਿਵਤਾਰ ਸਿੰਘ ਨੇ ਵੀ ਹਾਜ਼ਰੀ ਭਰੀ। ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਮੈਡਲ, ਸਨਮਾਨ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ।



ਯੂ.ਪੀ. ਦੇ ਜ਼ਿਲ੍ਹਾ ਬਹਿਰਾਇਚ ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਯੂ.ਪੀ. ਸਿੱਖ ਮਿਸ਼ਨ ਵੱਲੋਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 70 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਛਕ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ।

## ਗੁਰਦੁਆਰਾ ਬਾਉਲੀ ਸਾਹਿਬ, ਨਡਾਲਾ ਵਿਖੇ ਗੁਰਮਤਿ ਸਮਾਗਮ

ਨਡਾਲਾ- ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਬਾਉਲੀ ਸਾਹਿਬ, ਨਡਾਲਾ ਵਿਖੇ ਗੁਰਮਤਿ ਸਮਾਗਮ ਕੀਤਾ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਭਾਈ ਹਰਪਾਲ ਸਿੰਘ, ਹਜ਼ੂਰੀ ਰਾਗੀ ਗੁਰਦੁਆਰਾ ਬਾਉਲੀ ਸਾਹਿਬ ਨੇ ਗੁਰਬਾਣੀ ਕੀਰਤਨ ਰਾਹੀਂ ਹਾਜਰੀ ਭਰੀ। ਇਸ ਮੌਕੇ ਪ੍ਰਚਾਰਕ ਭਾਈ ਪ੍ਰੇਮਜੀਤ ਸਿੰਘ ਢੱਡੇ, ਭਾਈ ਅਮਰਿੰਦਰ ਸਿੰਘ ਪ੍ਰਚਾਰਕ, ਭਾਈ ਰਵਿੰਦਰ ਸਿੰਘ ਪ੍ਰਚਾਰਕ ਤੇ ਭਾਈ ਮਨਜੀਤ ਸਿੰਘ ਕਾਲਾ ਗੁਰਾਇਆ ਦੇ ਕਵੀਸ਼ਰੀ ਜਥੇ ਨੇ ਗੁਰਮਤਿ ਵੀਚਾਰਾਂ ਅਤੇ ਗੁਰ-ਇਤਿਹਾਸ ਸੁਣਾਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਬਾਉਲੀ ਸਾਹਿਬ, ਨਡਾਲਾ ਵਿਖੇ ਸ. ਜਸਪਾਲ ਸਿੰਘ ਨਡਾਲਾ ਦਸਤਾਰ ਕੋਚ ਵੱਲੋਂ ਬੱਚਿਆਂ ਲਈ ਦਸਤਾਰ ਟਰੇਨਿੰਗ ਕੈਂਪ ਵੀ ਲਗਾਇਆ ਗਿਆ ਅਤੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ। ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮੀਰੀ ਪੀਰੀ ਸੇਵਕ ਸਭਾ, ਨਡਾਲਾ ਵੱਲੋਂ ਮੈਨੇਜਰ, ਗੁਰਦੁਆਰਾ ਬਾਉਲੀ ਸਾਹਿਬ ਅਤੇ ਸੰਗਤ ਦੇ ਸਹਿਯੋਗ ਨਾਲ ਗੁਰਦੁਆਰਾ ਬਾਉਲੀ ਸਾਹਿਬ ਵਿਖੇ ਰਾਤ ਨੂੰ ਗੁਰਮਤਿ ਸਮਾਗਮ ਕੀਤਾ ਗਿਆ, ਜਿਸ ਵਿੱਚ ਰਾਗੀ ਭਾਈ ਜਸਪਾਲ ਸਿੰਘ ਨਡਾਲਾ, ਭਾਈ ਹਰਜੀਤ ਸਿੰਘ ਸ੍ਰੀ ਅੰਮ੍ਰਿਤਸਰ ਵਾਲੇ, ਬੀਬੀ ਜਸਬੀਰ ਕੌਰ ਜੱਸ ਢਾਡੀ ਜਥਾ ਤੇ ਬੀਬੀ ਦਲੇਰ ਕੌਰ ਪੰਡੋਰੀ ਖਾਸ ਢਾਡੀ ਜਥਾ ਨੇ ਗੁਰਬਾਣੀ ਅਤੇ ਗੁਰ-ਇਤਿਹਾਸ ਸੁਣਾਕੇ ਸੰਗਤਾਂ ਨੂੰ ਨਿਹਾਲ ਕੀਤਾ।



## ਸਿੱਖ ਮਿਸ਼ਨ ਹਰਿਆਣਾ ਵੱਲੋਂ ਨਿਤਨੇਮ ਸੰਥਿਆ ਸਮਾਗਮ ਆਯੋਜਤ



ਰਤੀਆ- ਸਿੱਖ ਮਿਸ਼ਨ ਹਰਿਆਣਾ ਕੁਰੂਕਸ਼ੇਤਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਰਿਆਣਾ ਦੇ ਵੱਖ-ਵੱਖ ਸ਼ਹਿਰਾਂ ਵਿਚ ਚਲਾਈ ਨਿਤਨੇਮ ਸੰਥਿਆ ਸਮਾਗਮ ਦੀ ਲੜੀ ਤਹਿਤ ਗੁਰਦੁਆਰਾ ਦਸਮੇਸ਼ ਦਰਬਾਰ ਰਤੀਆ ਅਤੇ ਗੁਰਦੁਆਰਾ ਪੁਰਾਣਾ ਬਜ਼ਾਰ ਰਤੀਆ ਵਿਖੇ ਸਵੇਰ ਤੇ ਸ਼ਾਮ ਦੇ ਸਮੇਂ ਨਿਤਨੇਮ ਦੇ ਪਾਠ ਬੋਧ ਸੰਥਿਆ ਸਮਾਗਮ ਕਰਵਾਏ ਗਏ। 16 ਤੋਂ 24 ਜੂਨ ਤਕ ਕਰਵਾਏ ਗਏ ਇਨ੍ਹਾਂ ਸਮਾਗਮਾਂ ਵਿਚ 250 ਗੁਰੂ ਪਿਆਰਿਆਂ ਨੇ ਹਾਜ਼ਰੀ ਭਰੀ। ਇਨ੍ਹਾਂ ਸਮਾਗਮਾਂ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਿੱਖ ਮਿਸ਼ਨ ਹਰਿਆਣਾ ਦੇ ਪ੍ਰਚਾਰਕ ਭਾਈ ਮਨਵੀਤ ਸਿੰਘ ਨਾਭਾ, ਭਾਈ ਰਣਜੀਤ ਸਿੰਘ ਚੀਕਾ ਅਤੇ ਭਾਈ ਇੰਦਰਪਾਲ ਸਿੰਘ ਫਤਿਆਬਾਦ ਨੇ ਸੰਗਤਾਂ ਨੂੰ ਨਿਤਨੇਮ ਦੀ ਸੰਥਿਆ ਕਰਵਾਈ।

## ਰੁਦਰਪੁਰ ਵਿਖੇ ਗੁਰਮਤਿ ਕੈਂਪ ਵਿਚ 600 ਬੱਚਿਆਂ ਨੇ ਲਿਆ ਭਾਗ

ਰੁਦਰਪੁਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਦੇਸ਼ ਭਰ ਵਿਚ ਗੁਰਮਤਿ ਸਿਖਲਾਈ ਕੈਂਪ ਲਗਾਏ ਜਾ ਰਹੇ ਹਨ। ਇਨ੍ਹਾਂ ਕੈਂਪਾਂ ਵਿਚ ਬੱਚਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਇਤਿਹਾਸ ਅਤੇ ਸਿੱਖ ਸਿਧਾਂਤਾਂ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਗੁਰਮਤਿ ਕੈਂਪਾਂ ਦੀ ਲੜੀ ਤਹਿਤ ਹੀ ਸ੍ਰੀ ਗੁਰੂ ਨਾਨਕ ਦੇਵ ਪਬਲਿਕ ਸਕੂਲ ਰੁਦਰਪੁਰ, ਉਤਰਾਖੰਡ ਵਿਖੇ ਸਮਰ ਕੈਂਪ ਲਗਾਇਆ ਗਿਆ।

13 ਜੂਨ ਨੂੰ ਸਮਾਪਤ ਹੋਏ ਇਸ ਕੈਂਪ ਵਿਚ ਸਿੱਖ ਮਿਸ਼ਨ ਕਾਸ਼ੀਪੁਰ ਉਤਰਾਖੰਡ ਦੇ ਪ੍ਰਚਾਰਕ ਸਿੰਘਾਂ ਨੇ ਗੁਰਬਾਣੀ, ਗੁਰ ਇਤਿਹਾਸ ਤੇ ਸਿੱਖ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ। ਇਸ 12 ਰੋਜ਼ਾ ਗੁਰਮਤਿ ਕੈਂਪ ਵਿਚ 600 ਦੇ ਕਰੀਬ ਬੱਚਿਆਂ ਨੇ ਭਾਗ ਲਿਆ। ਕੈਂਪ ਦੀ ਸਮਾਪਤੀ ਸਮੇਂ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸਦੇ ਨਾਲ ਹੀ ਗੁਰਦੁਆਰਾ ਸਿੰਘ ਸਭਾ ਆਵਾਸ ਵਿਕਾਸ, ਰੁਦਰਪੁਰ ਵਿਖੇ ਖ਼ਾਲਸਾ ਪਰਿਵਾਰ ਦੇ ਸਹਿਯੋਗ ਨਾਲ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਜਿਸ ਵਿਚ 27 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ।



## ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਵਿਖੇ ਗੁਰਮਤਿ ਸਿਖਲਾਈ ਕੈਂਪ ਲਗਾਇਆ



ਪਟਿਆਲਾ- ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਵਿਖੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਿਖਲਾਈ ਕੈਂਪ ਬੱਚਿਆਂ ਨੂੰ ਗੁਰ ਇਤਿਹਾਸ ਤੇ ਗੁਰਮਤਿ ਬਾਰੇ ਜਾਣਕਾਰੀ ਦਿੰਦਾ ਸੰਪੰਨ ਹੋ ਗਿਆ। ਇਸ ਦੌਰਾਨ ਵੱਖ-ਵੱਖ ਜੇਤੂ ਰਹਿਣ ਵਾਲੇ ਬੱਚਿਆਂ ਨੂੰ ਇਨਾਮ ਵੀ ਵੰਡੇ ਗਏ।

ਕੈਂਪ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਸ. ਸਤਵਿੰਦਰ ਸਿੰਘ ਟੌਹੜਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਹੇਠ ਚੱਲ ਰਹੇ ਇਸ ਕੈਂਪ ਲਈ ਬੱਚਿਆਂ ਵਿਚ ਭਾਰੀ ਉਤਸ਼ਾਹ ਰਿਹਾ ਹੈ। ਉਨ੍ਹਾਂ ਆਖਿਆ ਕਿ ਬੱਚਿਆਂ ਨੂੰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਉਣ ਦੇ ਨਾਲ ਨਾਲ ਇਸ ਕੈਂਪ ਵਿਚ ਵੱਖ-ਵੱਖ ਧਾਰਮਿਕ ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ ਵਿਚ ਗੁਰਬਾਣੀ ਕੰਠ ਮੁਕਾਬਲੇ, ਕਵੀਸ਼ਰੀ ਮੁਕਾਬਲੇ, ਦਸਤਾਰ ਮੁਕਾਬਲੇ ਅਤੇ ਗਤਕਾ ਮੁਕਾਬਲੇ ਵਿਸ਼ੇਸ਼ ਸਨ। ਇਸ ਕੈਂਪ ਵਿਚ 500 ਤੋਂ ਵਧੇਰੇ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ ਨੇ ਆਖਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬੱਚਿਆਂ ਨੂੰ ਗੁਰੂ ਦੀ ਸਿੱਖਿਆ ਨਾਲ ਜੋੜਨ ਲਈ ਅਤੇ ਬੁਰਾਈਆਂ ਤੋਂ ਬਚਾਉਣ ਲਈ ਇਹ ਉਪਰਾਲਾ ਕੀਤਾ ਹੈ ਅਤੇ ਬੱਚਿਆਂ ਵਿਚ ਵੀ ਵੱਡੇ ਪੱਧਰ 'ਤੇ ਉਤਸ਼ਾਹ ਦੇਖਣ ਨੂੰ ਮਿਲਿਆ ਹੈ।

ਕੈਂਪ ਵਿਚ ਅਰਦਾਸ ਮੁਕਾਬਲੇ ਵਿਚ ਕਾਕਾ ਗੁਰਇਕਬਾਲ ਸਿੰਘ, ਕਵਿਤਾ ਮੁਕਾਬਲੇ ਵਿਚ ਬੀਬਾ ਜਸਵਿੰਦਰ ਕੌਰ, ਕਵੀਸ਼ਰੀ ਮੁਕਾਬਲੇ ਵਿਚ ਕਾਕਾ ਭੁਪਿੰਦਰ ਸਿੰਘ ਤੇ ਕਾਕਾ ਕਰਨਵੀਰ ਸਿੰਘ, ਦਸਤਾਰ ਮੁਕਾਬਲੇ ਵਿਚ ਕਾਕਾ ਹਰਿੰਦਰਜੀਤ ਸਿੰਘ, ਦੁਮਾਲਾ ਮੁਕਾਬਲੇ ਵਿਚ ਬੀਬਾ ਨਵਦੀਪ ਕੌਰ, ਕੀਰਤਨ ਮੁਕਾਬਲੇ ਵਿਚ ਬੀਬਾ ਗੁਰਨੂਰ ਕੌਰ, ਗਤਕਾ ਮੁਕਾਬਲੇ ਵਿਚ ਬੀਬਾ ਕੁਲਵਿੰਦਰ ਕੌਰ, ਗੁਰਬਾਣੀ ਕੰਠ ਮੁਕਾਬਲੇ ਵਿਚ ਕਾਕਾ ਗੁਰਪ੍ਰੀਤ ਸਿੰਘ, ਲਿਖਤੀ ਪੇਪਰ ਮੁਕਾਬਲੇ ਵਿਚ ਬੀਬਾ ਗੁਰਮਿਲਾਪ ਕੌਰ, ਗੁਰਬਾਣੀ ਕੰਠ ਗਰੁੱਪ 2 ਵਿਚ ਬੀਬਾ ਸੰਦੀਪ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ ਅਤੇ ਇਨ੍ਹਾਂ ਬੱਚਿਆਂ ਨੂੰ ਮੈਡਲ, ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਦਵਿੰਦਰਪਾਲ ਸਿੰਘ ਸਭਰਵਾਲ, ਸੀਨੀ:ਡਿਪਟੀ ਮੇਅਰ ਸ. ਯੋਗਿੰਦਰ ਸਿੰਘ, ਬਾਬਾ ਹਰਚਰਨ ਸਿੰਘ ਨਾਨਕਸਰ ਕੁਟੀਆ, ਬਾਬਾ ਇੰਦਰ ਸਿੰਘ, ਸ. ਕਰਨੈਲ ਸਿੰਘ ਨਾਭਾ ਮੈਨੇਜਰ, ਸ. ਭਗਵੰਤ ਸਿੰਘ ਧੰਗੇੜਾ, ਗਿਆਨੀ ਪ੍ਰਣਾਮ ਸਿੰਘ ਹੈਡ ਗ੍ਰੰਥੀ, ਸ. ਨਰਿੰਦਰਜੀਤ ਸਿੰਘ ਮੈਨੇਜਰ ਨਾਭਾ, ਭਾਈ ਰਜਿੰਦਰਪਾਲ ਸਿੰਘ ਕਥਾਵਾਚਕ, ਪਿੰਸੀਪਲ ਸੁਰਿੰਦਰ ਕੌਰ, ਪ੍ਰਿੰ. ਜਸਪਾਲ ਸਿੰਘ, ਪ੍ਰਿੰਸੀਪਲ ਦਰਸ਼ਨ ਸਿੰਘ ਤੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਹਾਜ਼ਰ ਸਨ।

## ਪਿੰਡ ਝੰਡੂਕੇ ਜ਼ਿਲ੍ਹਾ ਮਾਨਸਾ ਵਿਖੇ ਗੁਰਬਾਣੀ ਪਾਠ ਬੋਧ ਸਮਾਗਮ ਕਰਵਾਇਆ

ਮਾਨਸਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ, ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਅਤੇ ਮਾਣਯੋਗ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਪ੍ਰਸਤੀ ਹੇਠ ਪਿੰਡ ਝੰਡੂਕੇ ਜਿਲ੍ਹਾ ਮਾਨਸਾ ਵਿਖੇ ਗੁਰਬਾਣੀ ਪਾਠ ਬੋਧ ਸਮਾਗਮ ਕਰਵਾਇਆ ਗਿਆ। ਪਿੰਡ ਝੰਡੂਕੇ ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋ ਆਰੰਭੇ ਗਏ ਪਾਠ ਬੋਧ ਸਮਾਗਮ ਦੀ ਸਮਾਪਤੀ ਸਮੇਂ ਵਿਸ਼ੇਸ ਗੁਰਮਤਿ ਸਮਾਗਮ ਕਰਵਾਇਆ ਗਿਆ। ਪਾਠ ਬੋਧ ਸਮਾਗਮ ਸਮੇਂ ਭਾਈ ਬਲਵਿੰਦਰ ਸਿੰਘ ਹੈਂਡ ਗ੍ਰੰਥੀ ਗੁ: ਜਾਮਨੀ ਸਾਹਿਬ ਵਜੀਦਪੁਰ ਤੇ ਪੰਜ ਪਿਆਰੇ ਭਾਈ ਗੁਰਪ੍ਰੀਤ ਸਿੰਘ ਮੋਗਾ, ਪ੍ਰਚਾਰਕ ਭਾਈ ਨਵਜੋਤ ਸਿੰਘ ਸੀਤਲ ਤੇ ਭਾਈ ਅਮਰਦੀਪ ਸਿੰਘ ਘਰਾਗਣਾ ਵੱਲੋ ਸੰਗਤਾਂ ਨੂੰ ਗੁਰਬਾਣੀ ਸੰਥਿਆ ਕਰਵਾਈ ਗਈ। ਪਾਠ ਬੋਧ ਦੇ ਸਮਾਪਤੀ ਸਮਾਗਮ ਵਿੱਚ ਵਿਸ਼ੇਸ ਤੌਰ ਤੇ ਪਹੁੰਚੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਸੰਗਤਾਂ ਨੂੰ ਸੰਬੋਧਤ ਕਰਦਿਆਂ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਤੇ ਲੋਕਲ ਗੁ: ਕਮੇਟੀ ਦਾ ਇਹ ਸਲਾਘਾਯੋਗ ਕਦਮ ਹੈ। ਉਨ੍ਹਾਂ ਕਿਹਾ ਕਿ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਗੇ ਤੋਂ ਵੀ ਜੋ ਉਪਰਾਲੇ ਕੀਤੇ ਜਾਣਗੇ, ਉਸ ਦੇ ਲਈ ਅਸੀਂ ਪੂਰਨ ਸਹਿਯੋਗ ਦੇਵਾਂਗੇ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮਾਂ ਤੋਂ ਇਲਾਕੇ ਦੀਆਂ ਸਾਰੀਆਂ ਗੁ: ਕਮੇਟੀਆਂ ਨੂੰ ਸੇਧ ਲੈਣ ਦੀ ਲੋੜ ਹੈ। ਇਸ ਸਮਾਗਮ ਸਮੇਂ ਜਥੇਦਾਰ ਮਨਜੀਤ ਸਿੰਘ ਬੱਪੀਆਣਾ ਮੈਂਬਰ ਧਰਮ ਪ੍ਰਚਾਰ ਕਮੇਟੀ, ਮੈਂਬਰ ਸ੍ਰੋਮਣੀ ਕਮੇਟੀ ਜਥੇਦਾਰ ਸੁਰਜੀਤ ਸਿੰਘ ਰਾਏਪੁਰ ਤੇ ਜਥੇਦਾਰ ਮਿੱਠੂ ਸਿੰਘ ਕਾਹਨੇਕੇ, ਭਾਈ ਗੁਰਜੰਟ ਸਿੰਘ ਹੈਡ ਗ੍ਰੰਥੀ ਤਖਤ ਸ੍ਰੀ ਦਮਦਮਾ ਸਾਹਿਬ, ਸ. ਭੋਲਾ ਸਿੰਘ ਇੰਚਾਰਜ ਸਬ ਆਫਿਸ ਧਰਮ ਪ੍ਰਚਾਰ ਕਮੇਟੀ ਤਲਵੰਡੀ ਸਾਬੋ ਵੀ ਵਿਸ਼ੇਸ ਤੌਰ ਤੇ ਪਹੁੰਚੇ। ਲੋਕਲ ਕਮੇਟੀ ਵੱਲੋ ਸਿੰਘ ਸਾਹਿਬ ਸਮੇਤ ਆਈਆਂ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਪਾਠ ਬੋਧ ਸਮਾਗਮ ਵਿੱਚ ਹਿੱਸਾ ਲੈਣ ਵਾਲੇ ਸਾਰੇ ਸਿਖਿਆਰਥੀਆਂ ਨੂੰ ਧਰਮ ਪ੍ਰਚਾਰ ਕਮੇਟੀ ਤੇ ਲੋਕਲ ਕਮੇਟੀ ਵੱਲੋਂ ਸਨਮਾਨ ਚਿੰਨ, ਪ੍ਰਸੰਸਾ ਪੱਤਰ ਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਤੋਂ ਬਾਅਦ ਤਖਤ ਸ੍ਰੀ ਦਮਦਮਾ ਸਾਹਿਬ ਤੋਂ ਪਹੁੰਚੇ ਪੰਜ ਪਿਆਰੇ ਸਹਿਬਾਨਾ ਵੱਲੋਂ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ ਗਿਆ। ਇਲਾਕੇ ਤੇ ਨਗਰ ਦੀਆਂ ਸੰਗਤਾਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਇਸ ਸਮੇਂ ਭਾਈ ਹਰਜੀਤ ਸਿੰਘ, ਭਾਈ ਅਮਨਦੀਪ ਸਿੰਘ, ਭਾਈ ਗੁਰਪ੍ਰੀਤ ਸਿੰਘ ਮੋਗਾ, ਭਾਈ ਗੁਰਪ੍ਰੀਤ ਸਿੰਘ, ਭਾਈ ਤਰਲੋਚਨ ਸਿੰਘ (ਪੰਜ ਪਿਆਰੇ), ਭਾਈ ਅੰਗਰੇਜ਼ ਸਿੰਘ ਪ੍ਰਧਾਨ ਲੋਕਲ ਗੁ: ਕਮੇਟੀ, ਭਾਈ ਦਰਸਨ ਸਿੰਘ ਮੀਤ ਪ੍ਰਧਾਨ, ਭਾਈ ਦੀਦਾਰ ਸਿੰਘ ਖਜਾਨਚੀ, ਭਾਈ ਰਾਮ ਸਿੰਘ ਮੈਂਬਰ, ਭਾਈ ਜਗਤਾਰ ਸਿੰਘ ਮੈਂਬਰ, ਭਾਈ ਪ੍ਰਗਟ ਸਿੰਘ ਗ੍ਰੰਥੀ, ਸਮੂੰਹ ਗੁ: ਪ੍ਰਬੰਧਕ ਕਮੇਟੀ ਪਿੰਡ ਝੰਡੂਕੇ ਬਲਵੀਰ ਸਿੰਘ ਰਾਏਪੁਰ, ਸਵਰਨ ਸਿੰਘ ਮੂਸਾ, ਅਮਨਦੀਪ ਸਿੰਘ ਫੱਤਾ ਅਤੇ ਇਲਾਕੇ ਤੇ ਨਗਰ ਦੀਆਂ ਸੰਗਤਾਂ ਨੇ ਹਾਜਰੀ ਭਰੀ।

## ਪਿੰਡ ਸੂਰੇਪੁਰ ਤੇ ਸ਼ੇਖ ਭੱਟੀ ਵਿਖੇ ਗੁਰਮਤਿ ਕੈਂਪ ਲਗਾਇਆ



ਅਜਨਾਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਪਿੰਡ ਸੂਰੇਪੁਰ ਤੇ ਸ਼ੇਖ ਭਟੀ ਜੱਟਾਂ ਵਿਖੇ ਬੱਚਿਆਂ ਲਈ ਸਮਰ ਗੁਰਮਤਿ ਸਿਖਲਾਈ ਕੈਂਪ ਆਯੋਜਿਤ ਕੀਤਾ ਗਿਆ। ਜਿਸ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਵੱਲੋਂ ਬੱਚਿਆਂ ਨੂੰ ਸਿੱਖੀ ਬਾਰੇ ਮੁੱਢਲੀ ਜਾਣਕਾਰੀ ਦਿੱਤੀ ਗਈ। ਬੱਚਿਆਂ ਨੂੰ ਸਿੱਖ ਰਹਿਤ ਮਰਯਾਦਾ ਅਨੁਸਾਰ ਜ਼ਿੰਦਗੀ ਜਿਉਣ ਲਈ ਪ੍ਰੇਰਿਤ ਵੀ ਕੀਤਾ।

ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਦੇ ਸਵਾਲ-ਜਵਾਬ ਤੇ ਕੁਵਿਜ਼ ਮੁਕਾਬਲੇ ਕਰਵਾਏ ਗਏ ਅਤੇ ਜੇਤੂ ਬੱਚਿਆਂ ਨੂੰ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਕਰਮਬੀਰ ਸਿੰਘ ਕਿਆਮਪੁਰ ਵੱਲੋਂ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

## ਬੇਗੋਵਾਲ ਵਿਖੇ 20 ਦਿਨਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਬੇਗੋਵਾਲ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਬੀਬੀ ਜਗੀਰ ਕੌਰ ਜੀ, ਸਾਬਕਾ ਪ੍ਰਧਾਨ ਅਤੇ ਮੈਂਬਰ ਸ਼੍ਰੋਮਣੀ ਕਮੇਟੀ ਹਲਕਾ ਭੁਲੱਥ ਦੀ ਅਗਵਾਈ ਹੇਠ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲੇ, ਬੇਗੋਵਾਲ ਵਿਖੇ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। 10 ਜੂਨ ਤੋਂ ਚੱਲ ਰਹੇ "ਗੁਰਮਤਿ ਸਿਖਲਾਈ ਕੈਂਪ" ਦੀ ਸੰਪੂਰਨਤਾ 30 ਜੂਨ ਨੂੰ ਹੋਈ। 20 ਦਿਨ ਚੱਲੇ ਗੁਰਮਤਿ ਸਿਖਲਾਈ ਕੈਂਪ ਦੌਰਾਨ 130 ਦੇ ਕਰੀਬ ਸਿਖਿਆਰਥੀਆਂ ਨੇ ਭਾਗ ਲਿਆ ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਪ੍ਰੇਮਜੀਤ ਸਿੰਘ ਤੇ ਭਾਈ ਅਮਰਿੰਦਰ ਸਿੰਘ ਨੇ ਗੁਰਬਾਣੀ, ਗੁਰ ਇਤਿਹਾਸ ਤੇ ਸਿੱਖ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ। ਗੁਰਮਤਿ ਕੈਂਪ ਦੀ ਸਮਾਪਤੀ ਸਮੇਂ ਕੀਤੇ ਗਏ ਗੁਰਮਤਿ ਸਮਾਗਮ ਵਿੱਚ ਬੀਬੀ ਜਗੀਰ ਕੌਰ ਜੀ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਸੰਗਤਾਂ ਨਾਲ ਗੁਰਮਤਿ ਵੀਚਾਰਾਂ ਦੀ ਸਾਂਝ ਕੀਤੀ। ਬੀਬੀ ਜਗੀਰ ਕੌਰ ਜੀ ਨੇ ਇਸ ਮੌਕੇ ਕੈਂਪ ਵਿੱਚ ਭਾਗ ਲੈਣ ਵਾਲੇ ਸਿਖਿਆਰਥੀਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸ਼ੀਲਡ, ਮੈਡਲ, ਧਾਰਮਿਕ ਲਿਟਰੇਚਰ ਅਤੇ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ।

## ਪਿੰਡ ਧਰਮਗੜ੍ਹ (ਡੇਰਾ ਬੱਸੀ) ਵਿਖੇ ਗੁਰਮਤਿ ਕੈਂਪ ਦੀ ਸਮਾਪਤੀ



ਪਟਿਆਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਗੁਰਮਤਿ ਸਮਾਗਮਾਂ ਦੇ ਨਾਲ ਬੱਚਿਆਂ ਨੂੰ ਇਤਿਹਾਸ ਤੋਂ ਜਾਣੂੰ ਕਰਵਾਉਣ ਲਈ ਦੇਸ਼ ਭਰ ਵਿਚ ਗੁਰਮਤਿ ਕੈਂਪ ਲਗਾਏ ਜਾ ਰਹੇ ਹਨ। ਇਸੇ ਲੜੀ ਤਹਿਤ ਪਟਿਆਲਾ ਪ੍ਰਚਾਰ ਵਹੀਰ ਦੇ ਸਮੂਹ ਪ੍ਰਚਾਰਕਾਂ ਵੱਲੋਂ ਪਿੰਡ ਧਰਮਗੜ੍ਹ ਹਲਕਾ ਡੇਰਾ ਬੱਸੀ ਜ਼ਿਲ੍ਹਾ ਮੋਹਾਲੀ ਵਿਖੇ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਜਿਸ ਵਿਚ ਭਾਈ ਬਲਦੇਵ ਸਿੰਘ ਜੀ ਓਗਰਾ ਦੇ ਉਦਮ ਸਦਕਾ ਵੱਡੀ ਗਿਣਤੀ ਵਿਚ ਬੱਚਿਆਂ ਨੇ ਸ਼ਮੂਲੀਅਤ ਕੀਤੀ। ਇਸ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਹਰਪ੍ਰੀਤ ਸਿੰਘ ਜੰਡਿਆਲਾ ਤੇ ਭਾਈ ਅਵਤਾਰ ਸਿੰਘ ਨੇ ਬੱਚਿਆਂ ਨੂੰ ਗੁਰਬਾਣੀ ਦੇ ਸ਼ੁੱਧ ਉਚਾਰਨ ਅਤੇ ਮਰਯਾਦਾ ਬਾਰੇ ਜਾਣਕਾਰੀ ਦਿੱਤੀ। ਕੈਂਪ ਦੀ ਸਮਾਪਤੀ ਸਮੇਂ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਪ੍ਰਮਾਣ ਪੱਤਰ ਅਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ।

## ਰਾਜਪੁਰਾ ਵਿਖੇ 100 ਬੱਚਿਆਂ ਦਾ ਸਮਰ ਗੁਰਮਤਿ ਕੈਂਪ ਲਗਾਇਆ

ਰਾਜਪੁਰਾ- ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਆਰੰਭੀ ਗਈ ਗੁਰਮਤਿ ਕੈਂਪਾਂ ਦੀ ਲੜੀ ਤਹਿਤ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ ਦੇ ਵਿਸ਼ੇਸ਼ ਉਪਰਾਲੇ, ਮਾਲਵਾ ਜੋਨ ਦੇ ਇੰਚਾਰਜ ਸ. ਭੋਲਾ ਸਿੰਘ ਅਤੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਮੈਨੇਜਰ ਸ. ਕਰਨੈਲ ਸਿੰਘ ਨਾਭਾ ਦੇ ਸਹਿਯੋਗ ਨਾਲ ਪਟਿਆਲਾ ਪ੍ਰਚਾਰ ਵਹੀਰ ਵੱਲੋਂ 10 ਤੋਂ 16 ਜੂਨ ਤਕ ਗੁਰਦੁਆਰਾ ਜੋਤੀ ਸਰੂਪ, ਫੋਕਲ ਪੁਆਇੰਟ, ਰਾਜਪੁਰਾ ਪਟਿਆਲਾ ਵਿਖੇ ਬੱਚਿਆਂ ਦਾ ਸਮਰ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ 100 ਤੋਂ ਵੱਧ ਬੱਚਿਆਂ ਨੇ ਭਾਗ ਲਿਆ ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਦੇਵ ਸਿੰਘ ਓਗਰਾ ਤੇ ਭਾਈ ਅਵਤਾਰ ਸਿੰਘ ਬਲੋ ਮਾਜਰਾ ਨੇ ਗੁਰਬਾਣੀ, ਸਿੱਖ ਇਤਿਹਾਸ ਅਤੇ ਰਹਿਤ ਮਰਯਾਦਾ ਬਾਰੇ ਜਾਣਕਾਰੀ ਦਿੱਤੀ। ਕੈਂਪ ਦੀ ਸਮਾਪਤੀ ਸਮੇਂ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ।



## ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਵਿੱਦਿਅਕ ਅਦਾਰੇ

# ਵਿੱਦਿਆ ਤੇ ਵਿਦਿਆਰਥੀਆਂ ਦੇ ਉਜਵਲ ਭਵਿੱਖ ਲਈ ਯਤਨਸ਼ੀਲ ਸੰਸਥਾ - ਖ਼ਾਲਸਾ ਕਾਲਜ ਪਟਿਆਲਾ





ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਵਿਦਿਅਕ ਸੰਸਥਾ ਜਨਰਲ ਸ਼ਿਵਦੇਵ ਸਿੰਘ ਦੀਵਾਨ ਗੁਰਬਚਨ ਸਿਘ ਖ਼ਾਲਸਾ ਕਾਲਜ, ਪਟਿਆਲਾ ਪੰਜਾਬ ਦੀਆਂ ਉਚੇਰੀ ਸਿੱਖਿਆ ਵਾਲੀਆਂ ਵਿਦਿਅਕ ਸੰਸਥਾਵਾਂ ਵਿਚ ਮੋਹਰੀ ਸਥਾਨ 'ਤੇ ਆਉਣ ਵਾਲੀਆਂ ਸੰਸਥਾਵਾਂ ਵਿਚ ਸ਼ੁਮਾਰ ਹੈ। ਇਥੇ ਵਿਦਿਆਰਥੀਆਂ ਨੂੰ ਅਜਿਹੀ ਸਿੱਖਿਆ ਪ੍ਰਦਾਨ ਕੀਤੀ ਜਾਂਦੀ ਹੈ ਜੋ ਉਨ੍ਹਾਂ ਦੀ ਸਰਬਪੱਖੀ ਸ਼ਖ਼ਸੀਅਤ ਉਸਾਰੀ ਲਈ ਬਹੁਮੁੱਲਾ ਯੋਗਦਾਨ ਦਿੰਦੀ ਹੈ। ਇਹ ਸੰਸਥਾ ਵਿਦਿਆਰਥੀਆਂ ਦੇ ਸਿਰਜਨਾਤਮਕ ਤੇ ਅਕਾਦਮਿਕ ਹੁਨਰ ਨੂੰ ਤਲਾਸ਼ਣ ਤੇ ਤਰਾਸ਼ਣ ਦੇ ਲਈ ਹਮੇਸਾਂ ਯਤਨਸ਼ੀਲ ਰਹਿੰਦੀ ਹੈ। ਸੰਸਥਾ ਗਿਆਨ ਦੇ ਨਵੇਂ ਪਰਿਪੇਖਾਂ ਨੂੰ ਉਭਾਰਨ ਵਾਲੇ ਅਜਿਹੇ ਕੋਰਸ ਕਰਵਾ ਰਹੀ ਹੈ ਜੋ ਵਿਦਿਆਰਥੀਆਂ ਅੰਦਰ ਅਕਾਦਮਿਕ ਹੀ ਨਹੀਂ ਸਗੋਂ ਨੈਤਿਕ, ਸਭਿਆਚਾਰਕ, ਸਦਾਚਾਰਕ ਕਦਰਾਂ ਕੀਮਤਾਂ ਵੀ ਭਰਦੀ ਹੈ। ਇਹ ਸੰਸਥਾ ਆਪਣੇ ਟੀਚੇ 'ਸੰਪੂਰਨਤਾ ਲਈ ਯਤਨ ਤੇ ਸਰਵੋਤਮਤਾ ਦੀ ਪ੍ਰਾਪਤੀ' ਪ੍ਰਤੀ ਲਗਾਤਾਰ ਯਤਨਸ਼ੀਲ ਹੈ। ਸੰਸਥਾ ਲਈ ਇਹ ਮਾਣ ਵਾਲੀ ਗੱਲ ਹੈ ਕਿ ਰਾਸ਼ਟਰੀ ਪੱਧਰ 'ਤੇ ਸੰਸਥਾਵਾਂ ਦੀ ਦਰਜਾਬੰਦੀ ਕਰਨ ਵਾਲੀ ਕੌਂਸਲ ਨੈਕ ਵੱਲੋਂ ਕਾਲਜ ਨੂੰ ਅਕਾਦਮਿਕ, ਖੇਡਾਂ ਤੇ ਸਭਿਆਚਾਰਕ ਸਰਗਰਮੀਆਂ ਦੀਆਂ ਬੇਮਿਸਾਲ ਪ੍ਰਾਪਤੀਆਂ ਸਦਕਾ 'ਏ ਗਰੇਡ' ਪ੍ਰਦਾਨ ਕੀਤਾ ਗਿਆ ਹੈ। ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਵੱਲੋਂ 2016 ਵਿਚ ਕਾਲਜ ਨੂੰ 'ਕਾਲਜ ਵਿਦ ਪੋਟੈਸ਼ੀਅਲ ਫ਼ਾਰ ਐਕਸੀਲੈਂਸ' ਅਤੇ 'ਆਟੋਨੌਮਸ ਸਟੇਟਸ' ਦਾ ਦਰਜਾ ਦਿੱਤਾ ਗਿਆ ਹੈ। ਆਟੋਨੌਮਸ ਦਰਜਾ ਵਿਦਿਆਰਥੀਆਂ ਦੀ ਅਕਾਦਮਿਕ ਯੋਗਤਾ ਬਿਹਤਰ ਬਣਾਉਣਾ ਯਕੀਨੀ ਕਰਦਾ ਹੈ ਕਿਉਂਕਿ ਇਸ ਵਿਚ ਸਮੇਂ ਦੀ ਜ਼ਰੂਰਤ ਅਨੁਸਾਰ ਅਤੇ ਨਵੀਂ ਤਕਨਾਲੋਜੀ ਦੀ ਵਰਤੋਂ ਕਰਕੇ ਅਜਿਹੇ ਕੋਰਸ ਡਿਜਾਇਨ ਕੀਤੇ ਜਾਂਦੇ ਹਨ ਜੋ ਵਿਦਿਆਰਥੀਆਂ ਦੀ ਸਿਰਜਨਾਤਮਕ ਤੇ ਸਿੱਖਣ ਦੀ ਯੋਗਤਾ ਨੂੰ ਪ੍ਰਭਾਵੀ ਬਣਾਉਂਦੇ ਹਨ। ਕਾਲਜ ਕੋਲ ਸਵੈ ਪ੍ਰਬੰਧਨ ਦੀ ਸਹੂਲਤ ਹੋਣ ਸਦਕਾ ਸਿੱਖਿਆ ਦੀ ਗੁਣਵੱਤਾ ਵਿਚ ਭਰਪੂਰ ਵਾਧਾ ਹੋ ਰਿਹਾ ਹੈ ਤੇ ਇਸਦੇ ਨਾਲ ਹੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਮਾਨਤਾ ਪ੍ਰਾਪਤ ਹੋਣ ਕਰਕੇ ਨੰਬਰ ਬਿਊਰਾ ਕਾਰਡ ਤੇ ਡਿਗਰੀਆਂ ਯੂਨੀਵਰਸਿਟੀ ਵੱਲੋਂ ਹੀ ਦਿੱਤੀਆਂ ਜਾ ਰਹੀਆਂ ਹਨ।

ਖ਼ਾਲਸਾ ਕਾਲਜ, ਪਟਿਆਲਾ ਦਾ ਆਰੰਭ ਪਦਮ ਸ੍ਰੀ ਡਾ. ਖੁਸ਼ਦੇਵਾ ਸਿੰਘ ਅਤੇ ਪ੍ਰਸਿੱਧ ਇਤਿਹਾਸਕਾਰ ਡਾ. ਗੰਡਾ ਸਿੰਘ ਦੇ ਅਣਥੱਕ ਯਤਨਾਂ ਸਦਕਾ 1960 ਈ. ਵਿਚ ਗੁਰਦੁਆਰਾ ਦੂਖਨਿਵਾਰਨ ਸਾਹਿਬ ਦੇ ਪੰਜ ਕਮਰਿਆਂ ਵਿਚ 35 ਵਿਦਿਆਰਥੀਆਂ ਨਾਲ ਹੋਇਆ। ਕਾਲਜ ਨੂੰ ਮੌਜੂਦਾ ਸਥਾਨ 'ਤੇ 1973 ਈ. ਵਿਚ ਗੁਰਦੁਆਰਾ ਸਾਹਿਬ ਤੋਂ ਤਬਦੀਲ ਕਰ ਦਿੱਤਾ ਗਿਆ ਤੇ ਇਸ ਦੀ ਨੀਂਹ ਤਤਕਾਲੀਨ ਮਾਨਯੋਗ ਮੁੱਖ ਮੰਤਰੀ ਪੰਜਾਬ ਵੱਲੋਂ ਰੱਖੀ ਗਈ। 1991 ਵਿਚ ਇਹ ਕਾਲਜ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਆ ਗਿਆ। ਉਸ ਸਮੇਂ ਕਾਲਜ ਕੋਲ 18 ਕਲਾਸ ਰੂਮ ਤੇ ਤਿੰਨ ਸਾਇੰਸ ਪ੍ਰਯੋਗਸ਼ਾਲਾਵਾਂ ਸਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੁਯੋਗ ਸਰਪ੍ਰਸਤੀ ਅਧੀਨ ਕਾਲਜ ਲਗਾਤਾਰ ਵਿਕਾਸ ਦੀਆਂ ਸਿਖ਼ਰਾਂ ਛੂਹ ਰਿਹਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਪ੍ਰਧਾਨ ਭਾਈ ਗੋਬਿੰਦ ਸਿੰਘ ਜੀ ਲੌਂਗੋਵਾਲ ਜੋ ਕਿ ਸਿੱਖਿਆ ਨੂੰ ਸਮਰਪਿਤ ਤੇ ਦੂਰ ਅੰਦੇਸ਼ ਸ਼ਖ਼ਸੀਅਤ ਹਨ ਦੀ ਰਹਿਨੁਮਾਈ ਹੇਠ ਕਾਲਜ ਨਿੱਤ ਨਵੀਆਂ ਪੁਲਾਘਾਂ ਪੁੱਟ ਰਿਹਾ ਹੈ। ਪ੍ਰਧਾਨ ਸਹਿਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀਆਂ ਵਿਦਿਅਕ ਸੰਸਥਾਵਾਂ ਵਿਚ ਸਿੱਖਿਆ ਦੇ ਵਿਕਾਸ ਅਤੇ ਪੰਜਾਬ ਦੀ ਅਮੀਰ ਸਭਿਆਚਾਰ ਵਿਰਾਸਤ ਦੀ ਸਾਂਭ ਸੰਭਾਲ ਲਈ ਸੁਯੋਗ ਅਗਵਾਈ ਵੀ ਪ੍ਰਦਾਨ ਕਰ ਰਹੇ ਹਨ। ਸ. ਸੁਰਜੀਤ ਸਿੰਘ ਰੱਖੜਾ ਬਤੌਰ ਆਨਰੇਰੀ ਸਕੱਤਰ ਬਹੁਤ ਹੀ ਸੁਹਿਰਦ ਢੰਗ ਨਾਲ ਕਾਲਜ ਦੇ ਮਾਰਗ ਦਰਸ਼ਕ ਵਜੋਂ ਆਪਣੀ ਸੇਵਾ ਨਿਭਾ ਰਹੇ ਹਨ। ਡਾ. ਰੂਪ ਸਿੰਘ ਮੁੱਖ ਸਕੱਤਰ ਅਤੇ ਸ. ਅਵਤਾਰ ਸਿੰਘ ਸਾਂਪਲਾ ਸਿੱਖਿਆ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਕਾਲਜ ਦੀ ਰਹਿਨੁਮਾਈ ਕਰਨ ਵਿਚ ਆਪਣਾ ਵੱਡਮੁੱਲਾ ਯੋਗਦਾਨ ਪਾਰਹੇ ਹਨ।ਡਾ. ਤੇਜਿੰਦਰ ਕੌਰ ਧਾਲੀਵਾਲ, ਡਾਇਰੈਕਟਰ ਐਜੂਕੇਸ਼ਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੀ ਕਾਲਜ ਨਾਲ ਪੂਰੀ ਤਰ੍ਹਾਂ ਜੁੜੇ ਹੋਏ ਹਨ।

ਕਾਲਜ ਦਾ ਕੈਂਪਸ ਬਡੂੰਗਰ ਰੋਡ, ਪਟਿਆਲਾ ਦੀ 20.5 ਏਕੜ ਦੀ ਸ਼ਹਿਰੀ ਜਮੀਨ ਤੇ 18.5 ਏਕੜ ਧਬਲਾਨ ਪਿੰਡ ਦੀ ਜਮੀਨ ਦੇ ਸ਼ਾਂਤਮਈ ਰਮਣੀਕ ਚੌਗਿਰਦੇ ਵਿਚ ਬਣਿਆ ਹੋਇਆ ਹੈ। ਸਮਾਪਤ ਹੋਏ ਸੈਸ਼ਨ ਦੌਰਾਨ ਕਾਲਜ ਵਿਚ 6378 ਵਿਦਿਆਰਥੀ ਵੱਖ ਵੱਖ ਅਨੁਸਾਸ਼ਨਾਂ ਵਿਚ ਵਿੱਦਿਆ ਹਾਸਲ ਕਰ ਚੁੱਕੇ ਹਨ। ਵਿਦਿਆਰਥੀਆਂ ਦੀ ਰਹਿਨੁਮਾਈ ਲਈ 200 ਤੋਂ ਵੱਧ ਸਟਾਫ਼ ਮੈਂਬਰਾਂ ਦੀ ਟੀਮ ਕਾਰਜਸ਼ੀਲ ਹੈ। ਕਾਲਜ ਕੈਂਪਸ ਆਪਣੀਆਂ ਅਤਿ ਆਧੁਨਿਕ ਸਹੂਲਤਾਂ ਜਿਵੇਂ ਕਿ ਆਨ ਲਾਈਨ ਲਾਇਬ੍ਰੇਰੀ, ਸਮਾਰਟ ਕਲਾਸ ਰੂਮ, ਆਧੁਨਿਕ ਵਿਗਿਆਨਕ ਪ੍ਰਯੋਗਸ਼ਾਲਾਵਾਂ, ਨਵੀਂ ਤਕਨਾਲੋਜੀ ਵਾਲਾ ਜਿਮਨੇਜੀਅਮ ਹਾਲ, ਖੇਡ ਮੈਦਾਨ ਅਤੇ ਵਾਈ-ਫਾਈ ਦੀ ਸੁਵਿਧਾ ਕਰਕੇ ਆਪਣੀ ਵਿਸ਼ੇਸ਼ ਪਹਿਚਾਣ ਰੱਖਦਾ ਹੈ। ਕਾਲਜ ਵਿਚ ਛੇ ਮੰਜਿਲਾ ਭਾਈ ਦਇਆ ਸਿੰਘ ਬਲਾਕ ਆਫ਼ ਕਾਮਰਸ ਐਂਡ ਮੈਨੇਜਮੈਂਟ ਵਿਸ਼ੇਸ਼ ਖਿੱਚ ਦਾ ਕੇਂਦਰ ਹੈ ਜੋ ਕਿ ਹਰ ਆਧੁਨਿਕ ਸਹੂਲਤ ਨਾਲ ਭਰਪੂਰ ਹੈ। ਸੰਸਥਾ ਕੋਲ ਲੜਕੀਆਂ ਦੀ ਸਹੂਲਤ ਲਈ ਮਾਤਾ ਗੁਜਰੀ ਗਰਲਜ਼ ਹੋਸਟਲ ਵੀ ਹੈ ਜਿਸ ਵਿਚ ਦੂਰ ਤੋਂ ਆਉਣ ਵਾਲੀਆਂ ਲਗਭਗ 350 ਲੜਕੀਆਂ ਦੇ ਰਹਿਣ ਦੀ ਸਹੂਲਤ ਹੈ। ਡਾ. ਗੰਡਾ ਸਿੰਘ ਕਰੀਅਰ ਗਾਈਡੈਂਸ ਕਾਉਂਸਲਿੰਗ ਐਂਡ ਪਲੇਸਮੈਂਟ ਸੈਂਟਰ ਵਿਦਿਆਰਥੀਆਂ ਨੂੰ ਰੁਜ਼ਗਾਰ ਪ੍ਰਾਪਤ ਕਰਨ ਦੇ ਮੌਕੇ ਪ੍ਰਦਾਨ ਕਰਨ ਦਾ ਕਾਰਜ ਕਰ ਰਿਹਾ ਹੈ ਜਿਸ ਦੀ ਰਹਿਨੁਮਾਈ ਵਿਚ ਅਨੇਕਾਂ ਵਿਦਿਆਰਥੀ ਨੌਕਰੀਆਂ ਪ੍ਰਾਪਤ ਕਰਨ ਵਿਚ ਸਫਲਤਾ ਹਾਸਲ ਕਰ ਚੁੱਕੇ ਹਨ। ਮੌਜੂਦਾ ਸਮੇਂ ਵਿਚ ਕਾਲਜ ਵਿਚ ਆਰਟਸ, ਸਾਇੰਸ, ਕੰਪਿਊਟਰ ਸਾਇੰਸ, ਖੇਤੀਬਾੜੀ, ਫੂਡ ਪ੍ਰੋਸੈਸਿੰਗ ਅਤੇ ਕਾਮਰਸ ਐਂਡ ਮੈਨੇਜਮੈਂਟ ਅਨੁਸਾਸ਼ਨਾਂ ਵਿਚ ਵੱਖ ਵੱਖ ਕੋਰਸ ਚਲ ਰਹੇ ਹਨ। ਸੰਸਥਾ ਮੌਲਿਕ ਖੋਜ ਦੀ ਲੋੜ ਪ੍ਰਤੀ ਸੰਵੇਦਨਸ਼ੀਲ ਹੈ ਅਤੇ ਇਸ ਮੰਤਵ ਲਈਕੈਂਪਸ ਫਾਰ ਰਿਸਰਚ ਐਂਡ ਐਡਵਾਂਸ ਸਟੱਡੀਜ਼ ਪਟਿਆਲਾ ਨੇੜੇ ਧਬਲਾਨ ਪਿੰਡ ਵਿਚ ਸਥਾਪਿਤ ਕੀਤਾ ਗਿਆ ਹੈ। ਇਸ ਸਮੇਂ ਸੰਸਥਾ ਵਿਚ 19 ਪੋਸਟ ਗ੍ਰੈਜੂਏਟ ਤੇ 32 ਅੰਡਰ ਗ੍ਰੈਜੂਏਟ ਕੋਰਸ ਸਫਲਤਾਪੂਰਵਕ ਚਲ ਰਹੇ ਹਨ। ਇਥੇ ਯੂ.ਜੀ.ਸੀ. ਸਕੀਮ ਅਧੀਨ ਨਿਵੇਕਲੇ ਪ੍ਰੋਗਰਾਮ ਵੀ ਚਲਾਏ ਜਾ ਰਹੇ ਹਨ। ਯੂ.ਜੀ.ਸੀ. ਵੱਲੋਂ ਕਾਲਜ ਨੂੰ ਕਮਿਊਨਟੀ ਕਾਲਜ ਚਲਾਉਣ ਲਈ ਵਿਸ਼ੇਸ਼ ਤੌਰ 'ਤੇ ਚੁਣਿਆ ਗਿਆ ਜਿਸ ਅਧੀਨ ਐਂਡਵਾਂਸ ਡਿਪਲੋਮਾ ਇਨ ਆਟੋ ਇਲੈਕਟ੍ਰੀਕਲ ਤੇ ਇਲੈਕਟ੍ਰੋਨਿਕਸ ਕੁਸ਼ਲਤਾ ਪੂਰਵਕ ਚੱਲ ਰਹੇ ਹਨ। ਖ਼ਾਲਸਾ ਕਾਲਜ ਪਟਿਆਲਾ ਭਾਰਤ ਦੀਆਂ ਉਨ੍ਹਾਂ 47 ਸੰਸਥਾਵਾਂ ਵਿਚੋਂ ਇਕ ਹੈ, ਜਿਨ੍ਹਾਂ ਨੂੰ ਯੂ.ਜੀ.ਸੀ. ਵੱਲੋਂ ਦੀਨ ਦਿਆਲ ਉਪਾਧਿਆਏ ਕੌਂਸਲ ਕੇਂਦਰ ਸਥਾਪਤ ਕਰਨ ਲਈ ਚੁਣਿਆ ਗਿਆ, ਜਿਸ ਵਿਚ ਬੀ. ਵਾਕ ਐਗਰੀ ਕਲਚਰ, ਬੀ.ਵਾਕ ਆਟੋ ਮੋਬਾਇਲ, ਬੀ.ਵਾਕ ਫੂਡ ਪ੍ਰੋਸੈਸਿੰਗ ਐਂਡ ਇੰਜ਼ਨੀਅਰਿੰਗ ਤੇ ਬੀ.ਵਾਕ ਸਾਫ਼ਟਵੇਅਰ ਡਿਵੈਲਪਮੈਂਟ ਪ੍ਰੋਗਰਾਮ ਸਫ਼ਲਤਾ ਪੂਰਵਕ ਚਲ ਰਹੇ ਹਨ। ਇਸ ਤੋਂ ਇਲਾਵਾ ਵਿਸ਼ਿਆਂ ਦੀ ਵਿਸ਼ੇਸ਼ ਮੁਹਾਰਤ ਵਾਲੇ ਪ੍ਰੋਗਰਾਮ ਜਿਵੇਂ ਕਿ ਆਨਰਜ਼ ਇਨ ਬੀ.ਐਸਸੀ ਫਿਜ਼ਿਕਸ ਐਂਡ ਕੈਮਿਸਟਰੀ, ਆਨਰਜ ਸਕੂਲ ਆਫ਼ ਮੈਥੇਮੈਟਿਕਸ ਅਤੇ ਬੀ.ਏ. ਸਕੂਲ ਆਫ਼ ਆਨਰਜ਼ ਇਨ ਇੰਗਲਿਸ਼ ਕੋਰਸ, ਬੀ.ਏ. ਆਨਰਜ਼ ਇਨ ਸੋਸ਼ਲ ਸਾਇੰਸਜ਼ ਵੀ ਚੱਲ ਰਹੇ ਹਨ।ਕਾਲਜ ਵੱਲੋਂ ਬੀ.ਏ. ਵਿਚ ਰਿਟੇਲ ਮੈਨੇਜਮੈਂਟ, ਕਲਚਰਲ ਸਟੱਡੀਜ਼, ਤਬਲਾ ਤੇ ਫ਼ੈਸ਼ਨ ਡਿਜ਼ਾਇਨਿੰਗ ਦੇ ਕੋਰਸ ਆਰੰਭ ਕੀਤੇ ਗਏ ਹਨ।

ਕਾਲਜ ਵੱਲੋਂ ਹਮੇਸ਼ਾਂ ਇਹ ਸੁਨਿਸ਼ਚਿਤ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਕਿ ਉਸ ਦੇ ਵਿਦਿਆਰਥੀਆਂ ਦੇ ਗਿਆਨ ਦਾ ਘੇਰਾ ਸਮੁੱਚੇ ਵਿਸ਼ਵ ਨੂੰ ਆਪਣੇ ਕਲਾਵੇ ਵਿੱਚ ਲੈਣ ਦੀ ਸਮਰੱਥਾ ਵਾਲਾ ਹੋਵੇ। ਜਿਸ ਦੇ ਤਹਿਤ ਕਾਲਜ ਵੱਲੋਂ ਵੱਖ ਵੱਖ ਦੇਸ਼ਾਂ ਦੀਆਂ ਯੂਨੀਵਰਸਿਟੀਆਂ ਸਾਇਨਰਜ਼ੀ ਯੂਨੀਵਰਸਿਟੀ ਮਾਸਕੋ ਰੂਸ, ਯੂਨੀਵਰਸਿਟੀ ਆਫ਼ ਵਿਸਕੋਨਸਿਨ, ਯੂ.ਐਸ.ਏ., ਯੂਨੀਵਰਸਿਟੀ ਆਫ਼ ਨੋਟਿੰਗਮ, ਮਲੇਸ਼ੀਆ ਅਤੇ ਯੂਨੀਵਰਸਿਟੀ ਹਾਈਲੈਂਡਸ ਐਂਡ ਆਇਲੈਂਡਸ, ਸਕੋਟਲੈਂਡ ਨਾਲ ਸਮਝੌਤੇ ਸਹੀਬੰਦ ਕੀਤੇ ਗਏ ਹਨ। ਜਿਸ ਤਹਿਤ ਕਾਲਜ ਦੇ ਵਿਦਿਆਰਥੀ ਚਾਲੂ ਸੈਸ਼ਨ ਦੌਰਾਨ ਇਨ੍ਹਾਂ ਯੂਨੀਵਰਸਿਟੀਆਂ ਦਾ ਦੌਰਾ ਕਰ ਸਕਦੇ ਹਨ ਅਤੇ ਆਪਸੀ ਆਦਾਨ ਪ੍ਰਦਾਨ ਦੁਆਰਾ ਉੱਚ ਡਿਗਰੀਆਂ ਲਈ ਵਿਦੇਸ਼ੀ ਸੰਸਥਾਵਾਂ ਤੋਂ ਸਿੱਖਿਆ ਵੀ ਹਾਸਲ ਕਰ ਸਕਦੇ ਹਨ। ਸੈਸ਼ਨ 2018-19 ਦੌਰਾਨ ਕਾਲਜ ਦੇ ਕਾਮਰਸ ਵਿਭਾਗ ਦੇ ਪੰਜ ਵਿਦਿਆਰਥੀ ਤੇ ਇੱਕ ਫੈਕਲਟੀ ਮੈਂਬਰ ਵੱਲੋਂ ਸਾਇਨਜ਼ੀ ਯੂਨੀਵਰਸਿਟੀ ਮਾਸਕੋ (ਰੂਸ) ਦਾ ਦੌਰਾ ਕੀਤਾ ਗਿਆ ਤੇ ਉੱਥੇ ਸ਼ਾਰਟ ਟਰਮ ਕੋਰਸ ਕਰਨ ਉਪਰੰਤ ਬਿਹਤਰੀਨ ਕਾਰਗੁਜ਼ਾਰੀ ਦੇ ਸਰਟੀਫਿਕੇਟ ਵੀ ਹਾਸਲ ਕੀਤੇ ਗਏ।ਆਉਣ ਵਾਲੇ ਸਮੇਂ ਦੌਰਾਨ ਵਿਦਿਆਰਥੀਆਂ ਦੇ ਅਜਿਹੇ ਆਦਾਨ ਪ੍ਰਦਾਨ ਵਿੱਚ ਹੋਰ ਵੀ ਵਾਧਾ ਕੀਤਾ ਜਾਵੇਗਾ।

ਸਾਡੀ ਪ੍ਰਾਥਮਿਕਤਾ ਕੇਵਲ ਅਕਾਦਮਿਕ ਪੱਧਰ ਤੱਕ ਸੀਮਤ ਨਾ ਹੋ ਕੇ ਵਿਦਿਆਰਥੀ ਜੀਵਨ ਦੇ ਹਰ ਪੱਖ ਨੂੰ ਖੇੜੇ ਨਾਲ ਭਰਪੂਰ ਸਿਰਜਣਾਤਮਿਕਤਾ ਦੀ ਸਿਖਰ ਤੱਕ ਲੈ ਜਾਣ ਦੀ ਹੈ। ਅਸੀਂ ਸੂਖ਼ਮ ਅਨੁਭਵ ਨੂੰ ਵਿਕਸਿਤ ਕਰਨ ਵਿੱਚ ਕਾਮਯਾਬ ਹੋ ਰਹੇ ਹਾਂ ਜਿਸ ਦੇ ਸਬੂਤ ਵਜੋਂ ਇਹ ਕਹਿਣਾ ਹੀ ਕਾਫੀ ਹੈ ਕਿ ਵਿਦਿਆਰਥੀਆਂ ਵੱਲੋਂ ਕੀਤੇ ਪ੍ਰਦਰਸ਼ਨ ਤੇ ਅਧਿਆਪਕਾਂ ਦੀ ਪ੍ਰਬੀਨਤਾ ਦੀ ਬਦੌਲਤ ਕਾਲਜ ਪਿਛਲੇ ਦੋ ਸੈਸ਼ਨਾਂ ਤੋਂ ਯੂਨੀਵਰਸਿਟੀ ਪੱਧਰ 'ਤੇ ਖੇਤਰੀ ਅਤੇ ਅੰਤਰ ਖੇਤਰੀ ਯੁਵਕ ਮੇਲਿਆਂ ਵਿੱਚ ਓਵਰਆਲ ਟਰਾਫੀ ਹਾਸਲ ਕਰਨ ਵਿੱਚ ਕਾਮਯਾਬ ਰਿਹਾ ਹੈ। ਅਸੀਂ ਇਹ ਵੀ ਸ਼ਿੱਦਤ ਨਾਲ ਮਹਿਸੂਸ ਕਰਦੇ ਹਾਂ ਕਿ ਸਾਡੀ ਪਹਿਚਾਣ ਦਾ ਆਧਾਰ ਕੇਵਲ ਪਹਿਰਾਵਾ ਜਾਂ ਸੱਭਿਆਚਾਰ ਹੀ ਨਹੀਂ ਸਗੋਂ ਸਾਡੀ ਭਾਸ਼ਾ ਇਸ ਵਿੱਚ ਕੇਂਦਰੀ ਰੋਲ ਅਦਾ ਕਰਦੀ ਹੈ ਜਿਸ ਦੇ ਵਿਕਾਸ ਲਈ ਕਾਲਜ ਵੱਲੋਂ ਲਗਾਤਾਰ ਗਲੋਬਲ ਪੱਧਰ 'ਤੇ ਪੰਜਾਬੀ ਕਾਨਫਰੰਸ ਦਾ ਆਯੋਜਨ ਕੀਤਾ ਜਾ ਰਿਹਾ ਹੈ ਤੇ ਇਸ ਦੇ ਨਾਲ ਹੀ ਹਰ ਵਰ੍ਹੇ 365 ਤੋਂ ਵੱਧ ਵਿਦਿਆਰਥੀਆਂ 'ਤੇ ਆਧਾਰਿਤ ਪ੍ਰੋਗਰਾਮ ਉਲੀਕੇ ਤੇ ਕਰਵਾਏ ਜਾਂਦੇ ਹਨ।

ਪੰਜਾਬ ਦੇ ਨੌਜਵਾਨ ਵਰਗ ਨੂੰ ਕੁਰਾਹੇ ਪਾਉਣ ਤੇ ਆਪਣੀਆਂ ਅਸਲ ਸੱਭਿਆਚਾਰਕ ਕਦਰਾਂ ਕੀਮਤਾਂ ਤੋਂ ਪਰੇ ਲੈ ਜਾਣ ਵਾਲੇ ਪੱਛਮੀ ਕਲਚਰ ਦੇ ਪ੍ਰਭਾਵ ਤੋਂ ਮੁਕਤ ਕਰਨ ਤੇ ਪੰਜਾਬ ਦੀ ਅਸਲ ਮਿਹਨਤਕਸ਼ ਜ਼ਿੰਦਗੀ ਵੱਲ ਮੋੜਨ ਲਈ ਕਾਲਜ ਵੱਲੋਂ ਸਮਾਨੰਤਰ ਯਤਨ ਕੀਤੇ ਜਾ ਰਹੇ ਹਨ। ਮਾਨਵੀ ਹਮਦਰਦੀ ਨਾਲ ਭਰਪੂਰ ਪੰਜਾਬੀ ਰਹਿਤਲ ਦੀ ਪੇਸ਼ਕਾਰੀ ਲਈ ਕਾਲਜ ਵੱਲੋਂ ਆਪਣੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਆਪਣਾ ਵੈੱਬ ਟੀ ਵੀ ਚੈਨਲ ਚਲਾਇਆ ਜਾ ਰਿਹਾ ਹੈ। ਜਿੱਥੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਕੇ ਪੰਜਾਬ ਵਿੱਚ ਬਦਲਵਾਂ, ਸਾਫ ਸੁਥਰਾ ਤੇ ਸਿਹਤਮੰਦ ਸੱਭਿਆਚਾਰ ਪੈਦਾ ਕਰਨ ਲਈ ਰਾਹ ਤਲਾਸ਼ੇ ਜਾ ਰਹੇ ਹਨ। ਕਾਲਜ ਦੇ ਸੰਗੀਤ ਵਿਭਾਗ, ਫੋਕ ਆਰਟ ਐਂਡ ਕਲਚਰ ਵਿਭਾਗ ਤੇ ਫਾਈਨ ਆਰਟਸ ਵਿਭਾਗ ਇਸ ਕਾਰਜ ਲਈ ਲਗਾਤਾਰ ਯਤਨਸ਼ੀਲ ਹਨ।

ਵਿਦਿਆਰਥੀਆਂ ਵਿੱਚ ਅਨੁਸ਼ਾਸਨ ਤੇ ਖੇਡਾਂ ਦੀ ਮਹੱਤਤਾ ਨੂੰ ਬਰਕਰਾਰ ਰੱਖਣ ਤੇ ਕਾਲਜ ਦਾ ਨਾਂਅ ਅੰਤਰਰਾਸ਼ਟਰੀ ਪੱਧਰ ਤੱਕ ਲੈ ਜਾਣ ਵਿੱਚ ਖੇਡ ਵਿਭਾਗ ਵੱਲੋਂ ਮਹੱਤਵਪੂਰਨ ਯੋਗਦਾਨ ਪਾਇਆ ਜਾ ਰਿਹਾ ਹੈ ।ਇੱਥੇ ਵਿਦਿਆਰਥੀਆਂ ਲਈ ਉੱਚ ਪੱਧਰ ਦੀ ਸਿਖਲਾਈ ਵਾਸਤੇ ਹਰ ਸੁਵਿਧਾ ਮੌਜੂਦ ਹੈ। ਜਿਸ ਦੀ ਬਦੌਲਤ ਸਾਡੇ ਵਿਦਿਆਰਥੀਆਂ ਵੱਲੋਂ ਅੰਤਰਰਾਸ਼ਟਰੀ ਪੱਧਰ 'ਤੇ ਭਾਰਤ ਦੀ ਨੁਮਾਇੰਦਗੀ ਕਰਦੇ ਹੋਏ ਖੇਡਾਂ ਵਿੱਚ ਵੱਡੀਆਂ ਮੱਲਾਂ ਮਾਰੀਆਂ ਜਾ ਰਹੀਆਂ ਹਨ। ਕਾਲਜ ਵਿੱਚ ਚਲਾਏ ਜਾ ਰਹੇ ਐਨ.ਸੀ.ਸੀ. ਅਤੇ ਐਨ.ਐਸ.ਐਸ. ਵਿੰਗ ਲਗਾਤਾਰ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ ਇੱਥੋਂ ਟ੍ਰੇਨਿੰਗ ਪ੍ਰਾਪਤ ਕਰਕੇ ਸਾਡੇ ਵਿਦਿਆਰਥੀ ਆਰ.ਡੀ. ਪਰੇਡ ਅਤੇ ਅਨੇਕਾਂ ਥਾਵਾਂ 'ਤੇ ਕਾਲਜ ਦਾ ਨਾਂ ਰੌਸ਼ਨ ਕਰ ਰਹੇ ਹਨ।

ਖ਼ਾਲਸਾ ਕਾਲਜ ਪਟਿਆਲਾ ਵਿੱਚ ਵਿਦਿਆਰਥੀ ਵਜੋਂ ਦਾਖ਼ਲਾ ਲੈਣ ਤੋਂ ਭਾਵ ਇੱਕ ਅਜਿਹੀ ਸੰਸਥਾ ਨਾਲ ਜੁੜਨਾ ਹੈ ਜਿੱਥੇ ਵਿਦਿਆਰਥੀ ਦੀ ਅਕਾਦਮਿਕ ਤਰੱਕੀ ਦੇ ਨਾਲ-ਨਾਲ ਉਸਦੀ ਸ਼ਖ਼ਸੀਅਤ ਦੀ ਸੰਪੂਰਨ ਉਸਾਰੀ ਵੀ ਹੁੰਦੀ ਹੈ। ਉਹ ਆਪਣੇ ਵਿਰਸੇ ਨਾਲ ਜੁੜ ਕੇ ਜਿੱਥੇ ਆਪਣੀਆਂ ਜੜ੍ਹਾਂ ਪੱਕੀਆਂ ਕਰ ਲੈਂਦਾ ਹੈ, ਉੱਥੇ ਨਾਲ ਹੀ ਸੰਸਾਰਕ ਪੱਧਰ 'ਤੇ ਵਿਦਵਤਾ ਦੀ ਦੁਨੀਆਂ ਵਿੱਚ ਆਪਣੀ ਭਰਵੀਂ ਹਾਜ਼ਰੀ ਦੇਣ ਦੀ ਸਮਰੱਥਾ ਵੀ ਹਾਸਲ ਕਰ ਲਵੇਗਾ।

ਖ਼ਾਲਸਾ ਕਾਲਜ ਪਟਿਆਲਾ ਦਾ ਸਮੂਹ ਸਟਾਫ ਉਜਵਲ ਭਵਿੱਖ ਦਾ ਸੁਪਨਾ ਸੰਜੋਈ ਬੈਠੇ ਨਵੇਂ ਵਿਦਿਆਰਥੀਆਂ ਨੂੰ ਕਾਲਜ ਵਿੱਚ ਦਾਖ਼ਲਾ ਲੈਣ ਲਈ ਖੁਸ਼ਾਮਦੀਦ ਆਖਦਾ ਹੈ।

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਖੰਡਵਾ (ਮੱਧ ਪ੍ਰਦੇਸ਼) ਵਿਖੇ ਵਿਸ਼ਾਲ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਕਰਵਾਇਆ



ਖੰਡਵਾ- ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਖੰਡਵਾ (ਮੱਧ ਪ੍ਰਦੇਸ਼) ਵਿਖੇ ਵਿਸ਼ਾਲ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਥਾਨਕ ਗੁਰਦੁਆਰਾ ਕਮੇਟੀ ਅਤੇ ਖੰਡਵਾ ਦੀਆ ਸੰਗਤਾਂ ਦੇ ਸਾਂਝੇ ਉੱਦਮ ਨਾਲ ਹੋਏ ਇਸ ਸਮਾਗਮ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਪਹਿਲੇ ਪਾਤਸ਼ਾਹ ਜੀ ਦਾ 550ਵਾਂ ਪ੍ਰਕਾਸ਼ ਪੁਰਬ ਕੌਮੀ ਇਕਜੁਟਤਾ ਨਾਲ ਮਨਾਉਣ ਦਾ ਸੱਦਾ ਦਿੱਤਾ। ਉਨ੍ਹਾਂ ਆਖਿਆ ਕਿ ਇਸ ਇਤਿਹਾਸਕ ਮੌਕੇ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਪ੍ਰਚਾਰਨ ਅਤੇ ਸਿੱਖੀ ਦੀ ਚੜ੍ਹਦੀ ਕਲਾ ਦੇ ਪ੍ਰਗਟਾਅ ਨੂੰ ਦੁਨੀਆਂ ਅੰਦਰ ਹੋਰ ਫੈਲਾਉਣ ਲਈ ਸਾਰਿਆਂ ਨੂੰ ਸਾਂਝੇ ਯਤਨ ਕਰਨੇ ਚਾਹੀਦੇ ਹਨ। ਸਿੰਘ ਸਾਹਿਬ ਜੀ ਨੇ ਖੰਡਵਾ ਦੀਆਂ ਸੰਗਤਾਂ ਨੂੰ ਨਵੰਬਰ ਮਹੀਨੇ ਮਨਾਏ ਜਾ ਰਹੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰਦਵਾਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਚ ਹੋ ਰਹੇ ਸਮਾਗਮਾਂ ਵਿਚ ਵੱਡੀ ਗਿਣਤੀ ਵਿਚ ਸ਼ਾਮਲ ਹੋਣ ਦੀ ਪ੍ਰੇਰਨਾ ਵੀ ਕੀਤੀ। ਇਸ ਮੌਕੇ ਜਥੇਦਾਰ ਜਗਸੀਰ ਸਿੰਘ ਮਾਂਗੇਆਣਾ ਮੈਂਬਰ ਸ਼੍ਰੋਮਣੀ ਕਮੇਟੀ ਵੀ ਵਿਸ਼ੇਸ਼ ਤੌਰ ਤੇ ਪਹੁੰਚੇ। ਜਿਕਰਯੋਗ ਹੈ ਕਿ ਖੰਡਵਾ ਵਿਚ ਭਾਈ ਹਰਵਿੰਦਰ ਸਿੰਘ ਪ੍ਰਚਾਰਕ ਵੱਲੋਂ 20 ਅਪ੍ਰੈਲ ਤੋਂ 25 ਜੂਨ ਤੱਕ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਵਿਚ 107 ਬੱਚਿਆਂ ਨੇ ਗੁਰਮਤਿ ਸਿਖਲਾਈ ਲਈ ਅਤੇ 60 ਸਿਖਿਆਰਥੀਆਂ ਨੇ ਗੁਰਬਾਣੀ ਦੀ ਸੰਥਿਆ ਪ੍ਰਾਪਤ ਕੀਤੀ। ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 52 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ।

ਇਸ ਸਮਾਗਮ ਦੌਰਾਨ ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਰਾਜਪੁਰਾ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਤੇ ਧਰਮ ਪ੍ਰਚਾਰ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਸਟੇਜ ਸੰਚਾਲਨ ਦੀ ਸੇਵਾ ਭਾਈ ਹਰਵਿੰਦਰ ਸਿੰਘ ਪ੍ਰਚਾਰਕ ਨੇ ਨਿਭਾਈ। ਸਥਾਨਕ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਿੰਘ ਸਾਹਿਬ ਅਤੇ ਧਰਮ ਪ੍ਰਚਾਰ ਦੀ ਸਾਰੀ ਟੀਮ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਹਾਪੁੜ ਮਿਸ਼ਨ ਦੇ ਪ੍ਰਚਾਰਕ ਭਾਈ ਚਤਰ ਸਿੰਘ ਭਾਈ ਸੰਤੋਖ ਸਿੰਘ ਭਾਈ ਨਾਨਕ ਸਿੰਘ ਭਾਈ ਭੁਪਿੰਦਰ ਸਿੰਘ ਸਥਾਨਕ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਸਮੂਹ ਅਹੁਦੇਦਾਰ, ਗਿਆਨੀ ਜਸਵੀਰ ਸਿੰਘ ਜੀ ਰਾਣਾ ਗ੍ਰੰਥੀ ਖੰਡਵਾ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਪਿੰਡ ਠਕਰਪੁਰਾ (ਤਹਿ: ਪੱਟੀ) ਵਿਖੇ ਗੁਰਮਤਿ ਕੈਂਪ ਦੀ ਸੰਪੂਰਨਤਾ ਹੋਈ

ਪੱਟੀ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ ਪੁਰਬ ਨੂੰ ਸਮਰਪਤਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਪੱਟੀ ਹਲਕੇ ਤੋਂ ਸ਼੍ਰੋਮਣੀ ਕਮੇਟੀ ਦੇ ਅੰਤ੍ਰਿਗ ਮੈਂਬਰ ਜਥੇਦਾਰ ਖੁਸ਼ਵਿੰਦਰ ਸਿੰਘ ਭਾਟੀਆ ਦੇ ਸਹਿਯੋਗ ਸਦਕਾ ਪਿੰਡ ਠਕਰਪੁਰਾ ਤਹਿ ਪੱਟੀ ਜਿਲ੍ਹਾ ਤਰਨ ਤਾਰਨ ਵਿਖੇ 20 ਜੂਨ ਤੋਂ 27 ਜੂਨ ਤੱਕ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਪਿੰਡ ਦੀ ਪੰਚਾਇਤ, ਪ੍ਰਬੰਧਕ ਕਮੇਟੀ ਅਤੇ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਦਿਲਬਾਗ ਸਿੰਘ ਦੇ ਸਹਿਯੋਗ ਨਾਲ ਲਗਾਏ ਗਏ ਇਸ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਨੇ ਬੱਚਿਆਂ ਨੂੰ ਗੁਰਇਤਿਹਾਸ ਸਿੱਖ ਇਤਿਹਾਸ, ਰਹਿਤ ਮਰਿਯਾਦਾ ਅਤੇ ਵਾਤਾਵਰਣ ਦੀ ਸੰਭਾਲ ਪ੍ਰਤੀ ਪ੍ਰੇਰਿਤ ਕੀਤਾ। ਇਸ ਕੈਂਪ ਵਿਚ 85 ਬੱਚਿਆਂ ਨੇ ਭਾਗ ਲਿਆ, ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸੀਲਡਾਂ, ਮੈਡਲ ਅਤੇ ਪ੍ਰਮਾਣ ਪੱਤਰ ਦੇ ਕੇ ਸਨਮਾਨਤਿ ਕੀਤਾ। ਇਸ ਕੈਂਪ ਵਿੱਚ ਭਾਈ ਦਿਲਬਾਗ ਸਿੰਘ ਸਭਰਾ ਪ੍ਰਚਾਰਕ ਅਤੇ ਭਾਈ ਮੱਸਾ ਸਿੰਘ ਕਵੀਸਰ ਨੇ ਹਾਜਰੀ ਭਰੀ। ਪੰਚਾਇਤ ਤੇ ਪ੍ਰਬੰਧਕਾਂ ਨੇ ਸ਼੍ਰੋਮਣੀ ਕਮੇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।



# ਹਲਕਾ ਅਜਨਾਲਾ ਦੇ ਪਿੰਡ ਖਾਨੋਵਾਲ ਵਿਖੇ ਲਗਾਇਆ ਸਮਰ ਕੈਂਪ ਸਮਾਪਤ



ਅਜਨਾਲਾ- ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ 550 ਸਾਲਾ ਪ੍ਰਕਾਸ ਪੁਰਬ ਨੂੰ ਸਮਰਪਿਤ ਅਤੇ ਬੱਚਿਆਂ ਨੂੰ ਸਿੱਖ ਵਿਰਸੇ ਨਾਲ ਜੋੜਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ ਅਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਸਕੱਤਰ ਧਰਮ ਪ੍ਰਚਾਰ ਕਮੇਟੀ ਦੀ ਰਹਿਨਮਾਈ ਹੇਠ ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਵੱਲੋਂ ਪਿੰਡ ਖਾਨੋਵਾਲ ਵਿਖੇ ਬੱਚਿਆਂ ਦਾ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ ਗਿਆ, ਜਿਸ ਵਿੱਚ ਪੰਜਾਹ ਦੇ ਲਗਭਗ ਵਿਦਿਆਰਥੀਆਂ ਨੇ ਭਾਗ ਲਿਆ। ਭਾਗ ਲੈਣ ਵਾਲੇ ਬੱਚਿਆਂ ਨੂੰ ਗੁਰਬਾਣੀ, ਗੁਰਇਤਿਹਾਸ, ਸਿੱਖ ਰਹਿਤ ਮਰਿਆਦਾ, ਗੁਰਮਤਿ ਸਿਧਾਂਤਾਂ ਅਤੇ ਵਾਤਾਵਰਣ ਦੀ ਸੰਭਾਲ ਬਾਰੇ ਜਾਣੂ ਕਰਵਾਇਆ ਗਿਆ। ਕੈਂਪ ਦੀ ਸਮਾਪਤੀ ਤੇ ਵਿਦਿਆਰਥੀਆਂ ਦੇ ਸਵਾਲ ਜਵਾਬ ਅਤੇ ਕੁਵਿਜ ਮੁਕਾਬਲੇ ਕਰਵਾਏ ਗਏ। ਪਹਿਲੇ, ਦੂਸਰੇ ਤੇ ਤੀਸਰੇ ਸਥਾਨ ਤੇ ਆਉਣ ਵਾਲੇ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿਗ ਮੈਂਬਰ ਮਾਸਟਰ ਅਮਰੀਕ ਸਿੰਘ ਵਿਛੋਆ, ਮੀਤ ਸਕੱਤਰ ਸ. ਕਰਮਬੀਰ ਸਿੰਘ ਕਿਆਮਪੁਰ ਤੇ ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਵੱਲੋਂ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਪ੍ਰਚਾਰਕ ਭਾਈ ਸੁਖਰਾਜ ਸਿੰਘ, ਬਾਬਾ ਵਿਰਸਾ ਸਿੰਘ, ਸਰਵਣ ਸਿੰਘ, ਹਰਦੇਵ ਸਿੰਘ, ਸਰਬਜੀਤ ਸਿੰਘ, ਰਾਜਿੰਦਰ ਸਿੰਘ ਤੇ ਗੁਰਕਰਮਨ ਸਿੰਘ ਆਦਿ ਹਾਜ਼ਰ ਸਨ।

# ਪਿੰਡ ਨੀਲੋਵਾਲ ਹਲਕਾ ਸੁਨਾਮ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਦੀ ਸੰਪੂਰਨਤਾ



ਸੁਨਾਮ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਕਮੇਟੀ ਦੀ ਅਗਵਾਹੀ ਹੇਠ ਹਲਕਾ ਸੁਨਾਮ ਦੇ ਪਿੰਡ ਨੀਲੋਵਾਲ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਵਿੱਚ 75 ਨੌਜਵਾਨਾ, ਬੱਚਿਆਂ ਅਤੇ ਮਾਈਆਂ ਨੇ ਭਾਗ ਲਿਆ। ਕੈਂਪ ਦੌਰਾਨ ਭਾਈ ਗੁਰਸੇਵ ਸਿੰਘ ਘਰਾਚੋਂ ਪ੍ਰਚਾਰਕ ਨੇ ਬੱਚਿਆਂ ਨੂੰ ਗੁਰਬਾਣੀ ਦੀ ਸੰਥਿਆ ਕਰਵਾਈ ਤੇ ਸਿੱਖ ਰਹਿਤ ਮਰਿਆਦਾ ਤੋਂ ਜਾਣੂ ਕਰਵਾਇਆ। ਭਾਈ ਅਮਰਜੀਤ ਸਿੰਘ ਗੁਰਦੁਆਰਾ ਧਮਤਾਨ ਸਾਹਿਬ ਨੇ ਬੱਚਿਆਂ ਨੂੰ ਦਸਤਾਰ ਸਿਖਲਾਈ ਦਿੱਤੀ। ਗੁਰਮਤਿ ਸਿਖਲਾਈ ਕੈਂਪ ਦੀ ਸੰਪੂਰਨਤਾ ਤੇ ਸੋਹਣੀਆਂ ਦਸਤਾਰਾਂ ਸਜਾਉਣ ਅਤੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ। ਸੁੰਦਰ ਦਸਤਾਰ ਮੁਕਾਬਲੇ ਵਿੱਚ ਪਹਿਲਾ ਸਥਾਨ ਕਿਸ਼ਨਦੀਪ ਸਿੰਘ ਦੂਜਾ ਸਥਾਨ ਖੇਮਕਰਨ ਸਿੰਘ ਤੇ ਤੀਜਾ ਸਥਾਨ ਸਮਨਪ੍ਰੀਤ ਸਿੰਘ ਨੇ ਹਾਸਲ ਕੀਤਾ। ਗੁਰਬਾਣੀ ਕੰਠ ਵਿੱਚੋਂ ਪਹਿਲਾ ਸਥਾਨ ਕਰਮਬੀਰ ਸਿੰਘ ਨੇ ਪ੍ਰਾਪਤ ਕੀਤਾ ਗੁਰਬਾਣੀ ਸੁਣਾਉਣ ਵਿੱਚ ਪਹਿਲਾ ਸਥਾਨ ਕਰਮਜੀਤ ਕੌਰ ਦੂਸਰਾ ਸਥਾਨ ਨਵਪ੍ਰੀਤ ਕੌਰ ਤੀਸਰਾ ਸਥਾਨ ਸਿਮਰਨ ਕੌਰ ਨੇ ਪ੍ਰਾਪਤ ਕੀਤਾ। ਮੁਕਾਬਲੇ ਵਿੱਚ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ, ਭਾਈ ਗੁਰਲਾਲ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ ਨੇ ਦਸਤਾਰਾਂ ਤੇ ਵਿਸ਼ੇਸ਼ ਇਨਾਮ ਦੇ ਕੇ ਸਨਮਾਨਿਤ ਕੀਤਾ। ਭਾਈ ਤਰਸੇਮ ਸਿੰਘ ਦੁਗਾਲ ਦੇ ਢਾਡੀ ਜਥੇ ਨੇ ਗੁਰਮਤਿ ਸਿਖਲਾਈ ਕੈਂਪ ਦੀ ਸੰਪੂਰਨਤਾ ਤੇ ਸੰਗਤਾਂ ਨੂੰ ਇਤਿਹਾਸ ਸਰਵਣ ਕਰਵਾਇਆ। ਭਾਈ ਗੁਰਸੇਵ ਸਿੰਘ ਘਰਾਚੋਂ ਨੇ ਸਟੇਜ ਦੀ ਸੇਵਾ ਨਿਭਾਈ। ਇਸ ਮੌਕੇ ਗੁਰਦਵਾਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਹੋਰ ਅਹਿਮ ਸ਼ਖਸੀਅਤਾਂ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਗੁਰਦੁਆਰਾ ਬਾਬਾ ਜੀਵਨ ਸਿੰਘ ਸਾਧਾਂ ਵਾਲੀ ਬਸਤੀ ਮੋਗਾ ਵਿਖੇ ਗੁਰਮਤਿ ਕੈਂਪ ਦੇ ਸਮਾਪਤੀ ਸਮਾਗਮ ਹੋਏ



ਮੋਗਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਬਾਬਾ ਜੀਵਨ ਸਿੰਘ ਸਾਧਾਂ ਵਾਲੀ ਬਸਤੀ ਮੋਗਾ ਵਿਖੇ ਗੁਰਪੁਰਬ ਕਮੇਟੀ ਦੇ ਸਹਿਯੋਗ ਨਾਲ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਜਿਸ ਵਿਚ ਧਾਰਮਿਕ ਟੀਚਰ ਸ. ਹਰਕਿਸ਼ਨ ਸਿੰਘ ਪਟਨੇ ਵਾਲੇ ਨੇ ਬੱਚਿਆਂ ਨੂੰ ਸਰਲ ਭਾਸ਼ਾ ਵਿਚ ਸਿੱਖ ਇਤਿਹਾਸ, ਰਹਿਤ ਮਰਯਾਦਾ ਤੇ ਸਿੱਖ ਸਿਧਾਂਤਾਂ ਦੀ ਜਾਣਕਾਰੀ ਦਿੱਤੀ। ਕੈਂਪ ਦੇ ਸਮਾਪਤੀ ਸਮਾਗਮ ਵਿਚ ਵਿਸ਼ੇਸ ਤੌਰ ਤੇ ਪਹੁੰਚੇ ਸਾਬਕਾ ਮੰਤਰੀ ਤੇ ਮੈਂਬਰ ਸ਼੍ਰੋਮਣੀ ਕਮੇਟੀ ਜਥੇਦਾਰ ਤੋਤਾ ਸਿੰਘ ਨੇ ਗੁਰਮਤਿ ਕੈਂਪ ਦੌਰਾਨ ਹਾਜ਼ਰ ਬੱਚਿਆਂ ਤੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖ ਕੌਮ ਦੀ ਪ੍ਰਫੁੱਲਤਾ ਲਈ ਸਿੱਖ ਬੱਚਿਆਂ ਨੂੰ ਗੁਰਮਤਿ ਨਾਲ ਜੋੜਨਾ ਲਾਜ਼ਮੀ ਹੈ। ਉਨ੍ਹਾਂ ਧਰਮ ਪ੍ਰਚਾਰ ਦੇ ਖੇਤਰ ਵਿਚ ਸਰਗਰਮ ਹਰੇਕ ਸੰਸਥਾ ਨੂੰ ਆਪਸੀ ਵਿਤਕਰੇਬਾਜ਼ੀ ਨੂੰ ਦੂਰ ਕਰ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੀ ਪ੍ਰਕਾਸ਼ ਪੁਰਬ ਸ਼ਤਾਬਦੀ ਮੌਕੇ ਪ੍ਰਚਾਰ ਦੇ ਖੇਤਰ ਨੂੰ ਬੱਚਿਆਂ 'ਤੇ ਕੇਂਦਰਿਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਛੇ ਸਾਲਾ ਕਾਕਾ ਮਨਪ੍ਰੀਤ ਸਿੰਘ ਨੇ ਗੁਰਮੁਖੀ ਪੈਂਤੀ ਦੇ ਅੱਖਰਾਂ ਨਾਲ ਸਬੰਧਿਤ ਗੁਰਮਤਿ ਰਹਿਤ ਤੋਂ ਜਾਣੂ ਕਰਾਉਂਦੀ ਕਵਿਤਾ ਸਾਂਝੀ ਕੀਤੀ, ਜਿਸ ਨੂੰ ਹਾਜ਼ਰ ਸੰਗਤਾਂ ਨੇ ਖੂਬ ਸਰਾਹਿਆ। ਇਸ ਮੌਕੇ ਜਥੇਦਾਰ ਤੋਤਾ ਸਿੰਘ ਨੇ ਬੱਚਿਆਂ ਦਾ ਉਤਸ਼ਾਹ ਵਧਾਉਂਦਿਆਂ ਨਗਦ ਇਨਾਮ ਵੀ ਪ੍ਰਦਾਨ ਕੀਤੇ। ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ।

# ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਬਹਿਲੋਲਪੁਰ ਅਤੇ ਮਾਨ ਵਿੱਚ ਗੁਰਮਤਿ ਸਿਖਲਾਈ ਕੈਂਪ ਲਗਾਇਆ



ਡੇਰਾ ਬਾਬਾ ਨਾਨਕ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਈ ਗੋਬਿੰਦ ਸਿੰਘ ਲੌਂਗੋਵਾਲ, ਪ੍ਰਧਾਨ ਸ਼੍ਰੋਮਣੀ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਹਲਕਾ ਡੇਰਾ ਬਾਬਾ ਨਾਨਕ ਵਿੱਚ ਭਾਈ ਸੁਖਵਿੰਦਰ ਸਿੰਘ ਅਗਵਾਨ, ਮੁੱਖ ਸੇਵਾਦਾਰ, ਗੁ: ਯਾਦਗਾਰ-ਏ-ਸ਼ਹੀਦਾਂ, ਪਿੰਡ ਅਗਵਾਨ ਦੇ ਉਪਰਾਲੇ ਨਾਲ ਪਿੰਡ ਬਹਿਲੋਲਪੁਰ ਅਤੇ ਮਾਨ ਵਿੱਚ 22 ਜੂਨ ਤੋਂ 28 ਜੂਨ ਤੱਕ ਲਗਾਏ ਗਏ ਗੁਰਮਤਿ ਸਿਖਲਾਈ ਕੈਂਪਾਂ ਦੀ ਸਮਾਪਤੀ ਕੀਤੀ ਗਈ। ਇਹਨਾਂ ਗੁਰਮਤਿ ਕੈਂਪਾਂ ਸਮੇਂ ਪਿੰਡ ਮਾਨ ਵਿੱਚ 70 ਬੱਚੇ ਸ਼ਾਮਿਲ ਹੋਏ ਜਿੰਨ੍ਹਾਂ ਨੂੰ ਭਾਈ ਹਿੰਮਤਬੀਰ ਸਿੰਘ ਵੀਲ੍ਹਾ ਪ੍ਰਚਾਰਕ ਅਤੇ ਭਾਈ ਜੋਗਾ ਸਿੰਘ ਭਾਗੋਵਾਲੀਆ ਦੇ ਕਵੀਸ਼ਰੀ ਜਥੇ ਵੱਲੋਂ ਕਲਾਸਾਂ ਲਗਾ ਕੇ ਗੁਰਮਤਿ ਦੀ ਸਿਖਲਾਈ ਦਿੱਤੀ ਗਈ। ਪਿੰਡ ਬਹਿਲੋਲਪੁਰ ਵਿੱਚ 30 ਬੱਚੇ ਗੁਰਮਤਿ ਕੈਂਪ ਵਿੱਚ ਸ਼ਾਮਿਲ ਹੋਏ ਜਿੰਨ੍ਹਾਂ ਨੂੰ ਭਾਈ ਖ਼ਜਾਨ ਸਿੰਘ ਦੇ ਕਵੀਸ਼ਰੀ ਜਥੇ ਵੱਲੋਂ ਸਿਖਲਾਈ ਦਿੱਤੀ ਗਈ। 28 ਜੂਨ ਨੂੰ ਦੋਹਾਂ ਕੈਂਪਾਂ ਦੀ ਸਮਾਪਤੀ ਸਮੇਂ ਭਾਈ ਸੁਖਵਿੰਦਰ ਸਿੰਘ ਅਗਵਾਨ ਵੱਲੋਂ ਪਹੁੰਚ ਕੇ ਕੈਂਪਾਂ ਵਿੱਚ ਅਵੱਲ ਆਏ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਸੀਲਡਾਂ ਅਤੇ ਭਾਗ ਲੈਣ ਵਾਲੇ ਬੱਚਿਆਂ ਨੂੰ ਮੈਡਲ, ਪ੍ਰਮਾਣ ਪੱਤਰ ਅਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ।



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜੁਗਿਆਲ (ਪਠਾਨਕੋਟ) ਵਿਖੇ ਬੱਚਿਆਂ ਦੇ ਲਗਾਏ ਗੁਰਮਤਿ ਕੈਂਪ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਬੰਧਕ ਤੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ।

# ਗੁਰਦੁਆਰਾ ਬਾਰਠ ਸਾਹਿਬ ਸਰਨਾ ਵਿਖੇ ਗੁਰਮਤਿ ਸਮਾਗਮ ਸਮੇਂ 60 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ



ਬਾਰਠ ਸਾਹਿਬ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਾਣਯੋਗ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਕੱਤਰ ਸ੍ ਬਲਵਿੰਦਰ ਸਿੰਘ ਜੌੜਾਸਿੰਘਾ ਦੀ ਦੇਖਰੇਖ ਹੇਠ ਗੁਰਦੁਆਰਾ ਸ੍ਰੀ ਬਾਰਠ ਸਾਹਿਬ, ਸਰਨਾ, ਪਠਾਨਕੋਟ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਧਰਮ ਪ੍ਰਚਾਰ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਰਤਨ ਸਿੰਘ ਜ਼ਫਰਵਾਲ, ਭਾਈ ਜਸਵਿੰਦਰ ਸਿੰਘ ਸ਼ਹੂਰ ਇੰਚਾਰਜ ਮਾਝਾ ਜ਼ੋਨ ਨੇ ਕਥਾ ਦੀ ਹਾਜ਼ਰੀ ਭਰੀ। ਇਸੇ ਤਰ੍ਹਾਂ ਸਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਭਾਈ ਹਰਵਿੰਦਰ ਸਿੰਘ ਨੇ ਕੀਰਤਨ ਦੀ ਹਾਜ਼ਰੀ ਭਰੀ, ਗਿਆਨੀ ਜੋਗਾ ਸਿੰਘ ਸਿੰਘ ਭਾਗੋਵਾਲੀਆ ਕਵੀਸ਼ਰ, ਭਾਈ ਜਰਨੈਲ ਸਿੰਘ ਖੁੰਡਾ ਢਾਡੀ, ਭਾਈ ਅਮਰੀਕ ਸਿੰਘ ਚਿੱਟੀ ਪ੍ਰਚਾਰਕ, ਭਾਈ ਜਗਦੇਵ ਸਿੰਘ ਪ੍ਰਚਾਰਕ, ਭਾਈ ਕਮਲਜੀਤ ਸਿੰਘ ਪ੍ਰਚਾਰਕ ਤੇ ਭਾਈ ਲੱਖਾ ਸਿੰਘ ਢਾਡੀ ਜਥੇ ਨੇ ਵੀ ਸੰਗਤਾਂ ਨੂੰ ਇਤਿਹਾਸ ਤੋਂ ਜਾਣੂ ਕਰਵਾਇਆ। ਮੈਨੇਜਰ ਸ ਜਗਦੀਸ਼ ਸਿੰਘ ਨੇ ਸਮੁੱਚੇ ਪ੍ਰਬੰਧ ਬਹੁਤ ਵਧੀਆ ਕੀਤੇ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 60 ਪ੍ਰਾਣੀ ਅੰਮ੍ਰਿਤ ਪਾਨ ਕਰਕੇ ਗੁਰੂ ਵਾਲੇ ਬਣੇ। ਸਮਾਗਮ ਸਮੇਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ।

# ਧੂੜਕੋਟ ਤੇ ਸ਼ਾਹਕੋਟ ਵਿਖੇ ਗੁਰਮਤਿ ਕੈਂਪ ਲਗਾਇਆ ਗਿਆ



ਸੁਲਤਾਨਪੁਰ ਲੋਧੀ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ ਦੇ ਦਿਸ਼ਾ ਨਿਰਦੇਸ਼ ਅਤੇ ਸ ਬਲਵਿੰਦਰ ਸਿੰਘ ਜੌੜਾਸਿੰਘਾ ਸਕੱਤਰ ਧਰਮ ਪ੍ਰਚਾਰ ਕਮੇਟੀ ਦੀ ਦੇਖ ਰੇਖ ਹੇਠ ਵੱਖ ਵੱਖ ਪਿੰਡਾਂ ਵਿੱਚ ਬੱਚਿਆਂ ਦੇ ਗੁਰਮਤਿ ਸਿਖਲਾਈ ਸਮਰ ਕੈਂਪ ਲਾਏ ਜਾ ਰਹੇ ਹਨ ਇਸੇ ਲੜ੍ਹੀ ਤਹਿਤ ਹਲਕਾ ਸ਼ਾਹਕੋਟ ਜ਼ਿਲ੍ਹਾ ਜਲੰਧਰ ਵਿਖੇ ਜਥੇਦਾਰ ਸ਼ਿੰਗਾਰਾ ਸਿੰਘ ਲੋਹੀਆਂ ਅੰਤ੍ਰਿੰਗ ਮੈਂਬਰ ਸ਼੍ਰੋਮਣੀ ਕਮੇਟੀ, ਮੈਂਬਰ ਜਥੇਦਾਰ ਬਲਦੇਵ ਸਿੰਘ ਕਲਿਆਣ ਦੀ ਅਗਵਾਈ ਹੇਠ ਭਾਈ ਹਰਜੀਤ ਸਿੰਘ ਸੁਲਤਾਨਪੁਰ ਲੋਧੀ ਪ੍ਰਚਾਰਕ ਇੰਚਾਰਜ ਮਾਝਾ ਜ਼ੋਨ ਅਤੇ ਬੀਬੀ ਸੁਖਵਿੰਦਰ ਕੌਰ ਧਾਰਮਿਕ ਅਧਿਆਪਕ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਮੁਹੱਲਾ ਧੂੜਕੋਟ ਸ਼ਾਹਕੋਟ ਜ਼ਿਲ੍ਹਾ ਜਲੰਧਰ ਵਿਖੇ ਅਤੇ ਗੁਰਦੁਆਰਾ ਸਿੰਘ ਸਭਾ ਸ਼ਾਹਕੋਟ ਜਿਲ੍ਹਾ ਜਲੰਧਰ ਵਿਖੇ ਭਾਈ ਹਰਜੀਤ ਸਿੰਘਸੁਲਤਾਨਪੁਰ ਲੋਧੀ ਅਤੇ ਸਹਿਯੋਗੀ ਸ ਪ੍ਰਿਤਪਾਲ ਸਿੰਘ ਅਤੇ ਹੋਰ ਸੰਗਤਾਂ ਦੇ ਵਿਸ਼ੇਸ਼ ਸਹਿਯੋਗ ਨਾਲ ਬੱਚਿਆਂ ਦੇ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਏ ਗਏ। ਇਸ ਵਿੱਚ ਬੱਚਿਆਂ ਨੂੰ ਗੁਰਬਾਣੀ, ਸਿੱਖ ਇਤਿਹਾਸ ਅਤੇ ਵਾਤਾਵਰਣ ਸੰਭਾਲ ਅਤੇ ਨਸ਼ਿਆਂ ਤੇ ਸਮਾਜਿਕ ਬੁਰਾਈਆਂ ਸਬੰਧੀ ਜਾਣਕਾਰੀ ਦਿੱਤੀ ਗਈ। ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਦੇ ਕਵਿਤਾ ਅਤੇ ਪੇਂਟਿੰਗ ਮੁਕਾਬਲੇ ਕਰਵਾਏ। ਕੈਂਪ ਦੌਰਾਨ ਬੱਚਿਆਂ ਨੇ ਗੁਰਬਾਣੀ ਕੰਠ ਕਰਕੇ ਸੁਣਾਈ। ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵਲੋਂ ਜਥੇਦਾਰ ਸ਼ਿੰਗਾਰਾ ਸਿੰਘ ਲੋਹੀਆਂ ਅੰਤ੍ਰਿੰਗ ਮੈਂਬਰ, ਜਥੇਦਾਰ ਬਲਦੇਵ ਸਿੰਘ ਕਲਿਆਣ ਮੈਂਬਰ ਸ਼੍ਰੋਮਣੀ ਕਮੇਟੀ, ਭਾਈ ਹਰਜੀਤ ਸਿੰਘ ਸੁਲਤਾਨਪੁਰ ਲੋਧੀ, ਸ. ਬਚਿੱਤਰ ਸਿੰਘ ਕੁਹਾੜ ਤੇ ਭਾਈ ਚਰਨ ਸਿੰਘ ਸ਼ਾਹਕੋਟ ਨੇ ਧਾਰਮਿਕ ਲਿਟਰੇਚਰ, ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ।

# ਪਿੰਡ ਘੋੜੇਨਾਬ ਹਲਕਾ ਮੂਨਕ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਦੀ ਸੰਪੂਰਨਤਾ

ਮੂਨਕ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਕਮੇਟੀ ਦੀ ਅਗਵਾਈ ਹੇਠ ਹਲਕਾ ਮੂਨਕ ਦੇ ਪਿੰਡ ਘੋੜੇਨਾਬ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ, ਜਿਸ ਵਿੱਚ 55 ਨੌਜਵਾਨ, ਬੱਚਿਆਂ ਅਤੇ ਬੀਬੀਆਂ ਨੇ ਭਾਗ ਲਿਆ। ਇਸ ਕੈਂਪ ਵਿੱਚ ਭਾਈ ਗੁਰਸੇਵ ਸਿੰਘ ਘਰਾਚੋਂ ਪ੍ਰਚਾਰਕ ਨੇ ਬੱਚਿਆਂ ਨੂੰ ਗੁਰਬਾਣੀ ਦੀ ਸੰਥਿਆ ਕਰਵਾਈ ਤੇ ਸਿੱਖ ਰਹਿਤ ਮਰਿਆਦਾ ਤੋਂ ਜਾਣੂ ਕਰਵਾਇਆ ਭਾਈ ਅਮਰਜੀਤ ਸਿੰਘ ਗੁਰਦੁਆਰਾ ਧਮਤਾਨ ਸਾਹਿਬ ਨੇ ਦਸਤਾਰ ਸਜਾਉਣ ਦੀ ਸਿਖਲਾਈ ਦਿੱਤੀ।

ਗੁਰਮਤਿ ਸਿਖਲਾਈ ਕੈਂਪ ਦੀ ਸੰਪੂਰਨਤਾ ਤੇ ਸੋਹਣੀਆਂ ਦਸਤਾਰਾਂ ਸਜਾਉਣ ਅਤੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ। ਸੁੰਦਰ ਦਸਤਾਰ ਮੁਕਾਬਲੇ ਵਿੱਚ ਪਹਿਲਾ ਸਥਾਨ ਜਸਪ੍ਰੀਤ ਸਿੰਘ ਦੂਜਾ ਸਥਾਨ ਸਤਵਿੰਦਰ ਸਿੰਘ ਸਿੰਘ ਤੇ ਤੀਜਾ ਸਥਾਨ ਜੁਗਰਾਜ ਸਿੰਘ ਨੇ ਹਾਸਲ ਕੀਤਾ। ਗੁਰਬਾਣੀ ਕੰਠ ਮੁਕਾਬਲੇ ਵਿੱਚ ਪਹਿਲਾ ਸਥਾਨ ਹਰਮਨਦੀਪ ਕੌਰ ਨੇ ਪ੍ਰਾਪਤ ਕੀਤਾ। ਗੁਰਬਾਣੀ ਸੁਣਾਉਣ ਵਿੱਚ ਪਹਿਲਾ ਸਥਾਨ ਸਮਾਈਲ ਪ੍ਰੀਤ ਕੌਰ ਦੂਸਰਾ ਸਥਾਨ ਖੁਸ਼ਪ੍ਰੀਤ ਕੌਰ ਤੇ ਤੀਸਰਾ ਸਥਾਨ ਰਮਨਪ੍ਰੀਤ ਕੌਰ ਨੇ ਪ੍ਰਾਪਤ ਕੀਤਾ। ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਨੇ ਦਸਤਾਰਾਂ ਤੇ ਵਿਸ਼ੇਸ਼ ਇਨਾਮ ਦਿੱਤੇ।

ਭਾਈ ਤਰਸੇਮ ਸਿੰਘ ਦੁਗਾਲ ਢਾਡੀ ਨੇ ਗੁਰਮਤਿ ਸਿਖਲਾਈ ਕੈਂਪ ਦੀ ਸੰਪੂਰਨਤਾ ਤੇ ਦੀਵਾਨ ਸਜਾਇਆ ਤੇ ਸੰਗਤਾਂ ਨੂੰ ਇਤਿਹਾਸ ਸਰਵਣ ਕਰਵਾਇਆ ਭਾਈ ਗੁਰਸੇਵ ਸਿੰਘ ਘਰਾਚੋਂ ਨੇ ਸਟੇਜ ਦੀ ਸੇਵਾ ਨਿਭਾਈ।



# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਨਾਲ ਪੰਜਾਬ ਸਰਕਾਰ ਦੇ ਮੰਤਰੀਆਂ ਨੇ ਕੀਤੀ ਬੈਠਕ

## ਸ੍ਰੀ ਗੁਰੂ ਨਾਨਕ ਦੇਵ ਜੀ ਦਾ 550ਵਾਂ ਪ੍ਰਕਾਸ਼ ਪੁਰਬ ਸਾਂਝੇ ਤੌਰ 'ਤੇ ਮਨਾਇਆ ਜਾਵੇਗਾ -ਗਿਆਨੀ ਹਰਪ੍ਰੀਤ ਸਿੰਘ



ਅੰਮ੍ਰਿਤਸਰ-ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਹੋਣ ਵਾਲੇ ਸਮਾਗਮਾਂ ਨੂੰ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨਾਲ ਪੰਜਾਬ ਸਰਕਾਰ ਦੇ ਤਿੰਨ ਮੰਤਰੀਆਂ ਨੇ ਮੁਲਾਕਾਤ ਕੀਤੀ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਹੋਈ ਇਸ ਮਿਲਣੀ ਸਮੇਂ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਸੀਨੀਅਰ ਆਗੂ ਤੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਤੋਤਾ ਸਿੰਘ, ਕੈਬਨਿਟ ਮੰਤਰੀ ਸ. ਸੁਖਜਿੰਦਰ ਸਿੰਘ ਰੰਧਾਵਾ, ਸ੍ਰੀ ਓਮ ਪ੍ਰਕਾਸ਼ ਸੋਨੀ ਤੇ ਸ. ਚਰਨਜੀਤ ਸਿੰਘ ਚੰਨੀ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਅਮਰਜੀਤ ਸਿੰਘ ਬੰਡਾਲਾ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਸ. ਸੁਖਦੇਵ ਸਿੰਘ ਭੂਰਾਕੋਹਨਾ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਤੋਂ ਇਲਾਵਾ ਸ. ਭਗਵੰਤਪਾਲ ਸਿੰਘ ਸੱਚਰ ਤੇ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਵੀ ਮੌਜੂਦ ਸਨ।

ਬੈਠਕ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਸਮੁੱਚੇ ਵਿਸ਼ਵ ਦੇ ਸਰਬਸਾਂਝੇ ਰਹਿਬਰ ਹਨ ਅਤੇ ਉਨ੍ਹਾਂ ਦਾ 550ਵਾਂ ਪ੍ਰਕਾਸ਼ ਪੁਰਬ ਸਿੱਖ ਜਗਤ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤ ਵੱਲੋਂ ਰਲ-ਮਿਲ ਕੇ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਚੰਗੀ ਗੱਲ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕੀਤੇ ਗਏ ਆਦੇਸ਼ ਦੀ ਪਾਲਣਾ ਕਰਦਿਆਂ ਇਹ ਇਤਿਹਾਸਕ ਦਿਹਾੜਾ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਮਨਾਉਣ ਲਈ ਸ਼੍ਰੋਮਣੀ ਕਮੇਟੀ ਅਤੇ ਪੰਜਾਬ ਸਰਕਾਰ ਨੇ ਯਤਨ ਆਰੰਭੇ ਹਨ। ਉਨ੍ਹਾਂ ਕਿਹਾ ਕਿ ਧਾਰਮਿਕ ਸਮਾਗਮਾਂ ਦੀ ਜ਼ੁੰਮੇਵਾਰੀ ਸ਼੍ਰੋਮਣੀ ਕਮੇਟੀ ਵੱਲੋਂ ਨਿਭਾਈ ਜਾਵੇਗੀ ਅਤੇ ਸਾਰੀਆਂ ਧਿਰਾਂ ਇਕਜੁਟਤਾ ਨਾਲ ਇਨ੍ਹਾਂ ਸਮਾਗਮਾਂ ਨੂੰ ਯਾਦਗਾਰੀ ਬਨਾਉਣ ਲਈ ਯੋਗਦਾਨ ਪਾਉਣਗੀਆਂ। ਉਨ੍ਹਾਂ ਆਖਿਆ ਕਿ ਇਸ ਮੌਕੇ 'ਤੇ ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਨਤਮਸਤਕ ਹੋਣਗੀਆਂ, ਜਿਨ੍ਹਾਂ ਦੀ ਰਿਹਾਇਸ਼, ਲੰਗਰ, ਪਾਰਕਿੰਗ ਆਦਿ ਦੇ ਪ੍ਰਬੰਧਾਂ ਲਈ ਸਾਂਝੇ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਅੱਜ ਦੀ ਇਕੱਤਰਤਾ ਮੁੱਢਲੇ ਤੌਰ 'ਤੇ ਕੀਤੀ ਗਈ ਹੈ ਅਤੇ ਇਸ ਸਬੰਧ ਵਿਚ ਇਕੱਤਰਤਾਵਾਂ ਜਾਰੀ ਰਹਿਣਗੀਆਂ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਖਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਮੇਂ ਸਾਰੇ ਸਮਾਗਮ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਕੌਮੀ ਇਕਜੁਟਤਾ ਨਾਲ ਹੀ ਹੋਣਗੇ। ਇਸ ਮੌਕੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਪੰਜਾਬ ਦੇ ਕੈਬਨਿਟ ਮੰਤਰੀਆਂ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਤ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਐਡੀ: ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਨਰਿੰਦਰ ਸਿੰਘ, ਸ. ਜਸਪਾਲ ਸਿੰਘ ਢੱਡੇ, ਸ. ਦਰਸ਼ਨ ਸਿੰਘ ਪੀ.ਏ., ਸ. ਨਵਇੰਦਰਪ੍ਰੀਤ ਸਿੰਘ ਲੌਂਗੋਵਾਲ ਆਦਿ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਸਬੰਧੀ ਸਜਾਇਆ ਜਾਵੇਗਾ ਅੰਤਰਰਾਸ਼ਟਰੀ ਨਗਰ ਕੀਰਤਨ -ਭਾਈ ਲੌਂਗੋਵਾਲ

ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਕ ਅੰਤਰ-ਰਾਸ਼ਟਰੀ ਨਗਰ ਕੀਰਤਨ ਸਜਾਉਣ ਦਾ ਫੈਸਲਾ ਕੀਤਾ ਗਿਆ ਹੈ। ਇਹ ਨਗਰ ਕੀਰਤਨ 'ਕਲਿ ਤਾਰਣ ਗੁਰੁ ਨਾਨਕ ਆਇਆ' ਦੇ ਸਲੋਗਨ ਹੇਠ ਹੋਵੇਗਾ ਅਤੇ ਇਸਦੀ ਆਰੰਭਤਾ ਸ੍ਰੀ ਗੁਰੂ ਨਾਨਕ ਸਾਹਿਬ ਦੇ ਪ੍ਰਕਾਸ਼ ਅਸਥਾਨ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਤੋਂ ਹੋਵੇਗੀ। ਇਸ ਬਾਰੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਪਹਿਲੇ ਪਾਤਸ਼ਾਹ ਜੀ ਦੀ ਵਿਸ਼ਵ ਵਿਆਪੀ ਵਿਚਾਰਧਾਰਾ ਸਬੰਧੀ ਪ੍ਰੇਰਣਾ ਦੇ ਮੰਤਵ ਨਾਲ ਇਹ ਨਗਰ ਕੀਰਤਨ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਅਸਥਾਨ ਤੋਂ ਸ਼ੁਰੂ ਹੋ ਕੇ ਕਰੀਬ 100 ਦਿਨਾਂ ਬਾਅਦ ਗੁਰੂ ਸਾਹਿਬ ਜੀ ਨਾਲ ਸਬੰਧਤ ਭਾਰਤ ਵਿਚਲੇ ਅਸਥਾਨ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸੰਪੰਨ ਹੋਵੇਗਾ।

ਉਨ੍ਹਾਂ ਜਾਣਕਾਰੀ ਦਿੱਤੀ ਕਿ 25 ਜੁਲਾਈ 2019 ਨੂੰ ਆਰੰਭ ਹੋ ਕੇ ਨਗਰ ਕੀਰਤਨ ਭਾਰਤ ਦੇ 17 ਰਾਜਾਂ ਦੇ 65 ਵੱਡੇ ਸ਼ਹਿਰਾਂ ਤੱਕ ਪਹੁੰਚ ਕਰੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਨਗਰ ਕੀਰਤਨ ਦੀ ਸ਼ੁਰੂਆਤ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ 550 ਸੰਗਤਾਂ ਦਾ ਇਕ ਵਿਸ਼ੇਸ਼ ਜਥਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਭੇਜਿਆ ਜਾਵੇਗਾ ਅਤੇ ਨਗਰ ਕੀਰਤਨ ਦੇ ਭਾਰਤ-ਪਾਕਿਸਤਾਨ ਸਰਹੱਦ ਵਾਹਗਾ-ਅਟਾਰੀ ਪੁੱਜਣ 'ਤੇ ਸ਼ਾਨਦਾਰ ਸਵਾਗਤ ਹੋਵੇਗਾ। ਇਥੇ ਧਾਰਮਿਕ, ਸਮਾਜਿਕ, ਰਾਜਨੀਤਕ ਸ਼ਖ਼ਸੀਅਤਾਂ ਦੀ ਸ਼ਮੂਲੀਅਤ ਦੇ ਨਾਲ-ਨਾਲ ਭਰਵੀਂ ਸੰਗਤ ਮੌਜੂਦ ਰਹੇਗੀ।

# ਸ਼੍ਰੋਮਣੀ ਕਮੇਟੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ ਮਨਾਇਆ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਕੌਮ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ ਸ਼ਰਧਾ ਨਾਲ ਮਨਾਇਆ ਗਿਆ। ਇਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡਪਾਠ ਸਾਹਿਬ ਜੀ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਦੀਪ ਸਿੰਘ ਦੇ ਜਥੇ ਨੇ ਗੁਰਬਾਣੀ ਕੀਤਾ। ਅਰਦਾਸ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਹੈੱਡ ਗ੍ਰੰਥੀ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਗਿਆਨੀ ਗੁਰਮੁੱਖ ਸਿੰਘ ਨੇ ਲਿਆ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਰਜਣਾ ਦਿਵਸ ਦੀ ਸੰਗਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਇਸ ਪਾਵਨ ਤਖ਼ਤ ਦੀ ਸਿਰਜਣਾ ਕਰਕੇ ਸਿੱਖ ਕੌਮ ਦੀ ਨਿਆਰੀ ਹੋਂਦ ਹਸਤੀ ਨੂੰ ਦੁਨੀਆਂ ਸਾਹਮਣੇ ਪੇਸ਼ ਕੀਤਾ। ਉਨ੍ਹਾਂ ਕਿਹਾ ਕਿ ਇਹ ਤਖ਼ਤ ਮੀਰੀ-ਪੀਰੀ ਦੇ ਵਿਲੱਖਣ ਸਿਧਾਂਤ ਦਾ ਪ੍ਰਤੀਕ ਹੈ ਅਤੇ ਸਿੱਖ ਜਗਤ ਅੰਦਰ ਇਸ ਦਾ ਵੱਡਾ ਸਤਿਕਾਰ ਹੈ। ਉਨ੍ਹਾਂ ਇਸ ਦਿਹਾੜੇ 'ਤੇ ਸੰਗਤਾਂ ਨੂੰ ਬਾਣੀ ਅਤੇ ਬਾਣੇ ਦੀ ਧਾਰਨੀ ਬਣਨ ਦੀ ਅਪੀਲ ਵੀ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਮਨਜੀਤ ਸਿੰਘ ਬਾਠ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਸਮੇਤ ਹੋਰ ਅਧਿਕਾਰੀ ਅਤੇ ਸੰਗਤਾਂ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਨੇ ਪੀ.ਜੀ.ਆਈ. ਹਸਪਤਾਲ ਵਿਖੇ ਸ਼ੁਰੂ ਕੀਤੀ ਲੰਗਰ ਸੇਵਾ

## ਮਰੀਜ਼ਾਂ ਲਈ ਗੁਰਦੁਆਰਾ ਸ੍ਰੀ ਨਾਢਾ ਸਾਹਿਬ ਤੋਂ ਲਗਾਤਾਰ ਪਹੁੰਚਾਇਆ ਜਾਵੇਗਾ ਗੁਰੂ ਕਾ ਲੰਗਰ-ਭਾਈ ਲੌਂਗੋਵਾਲ



ਚੰਡੀਗੜ੍ਹ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਚੰਡੀਗੜ੍ਹ ਵਿਖੇ ਸਥਿਤ ਪੀ.ਜੀ.ਆਈ. ਹਸਪਤਾਲ ਦੇ ਮਰੀਜ਼ਾਂ ਅਤੇ ਉਨ੍ਹਾਂ ਨਾਲ ਆਏ ਮੈਂਬਰਾਂ ਲਈ ਲੰਗਰ ਦੀ ਵਿਵਸਥਾ ਕਰਨ ਦਾ ਫੈਸਲਾ ਕੀਤਾ ਗਿਆ ਹੈ। ਹਸਪਤਾਲ ਵਿਖੇ ਇਹ ਲੰਗਰ ਦੀ ਸੇਵਾ ਗੁਰਦੁਆਰਾ ਸ੍ਰੀ ਨਾਢਾ ਸਾਹਿਬ ਪੰਚਕੂਲਾ ਤੋਂ ਕੀਤੀ ਜਾਵੇਗੀ।ਇਸ ਦੀ ਸ਼ੁਰੂਆਤ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਚਲਾਈ ਗਈ ਲੰਗਰ ਦੀ ਪ੍ਰਥਾ ਪੂਰੇ ਵਿਸ਼ਵ ਦੇ ਧਰਮਾਂ ਵਿੱਚੋਂ ਪ੍ਰਥਮ ਹੈ ਅਤੇ ਗੁਰੂ ਕਾ ਲੰਗਰ ਬਿਨਾਂ ਭੇਦ-ਭਾਵ ਦੇ ਹਰ ਵਰਗ ਲਈ ਸਰਬਸਾਂਝਾ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਪੀ.ਜੀ.ਆਈ. ਹਸਪਤਾਲ ਵਿਖੇ ਮਰੀਜ਼ਾਂ ਤੇ ਉਨ੍ਹਾਂ ਦੇ ਵਾਰਸਾਂ ਨੂੰ ਗੁਰਦੁਆਰਾ ਸ੍ਰੀ ਨਾਢਾ ਸਾਹਿਬ ਤੋਂ ਲੰਗਰ ਮੁਹੱਈਆ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਚੰਡੀਗੜ੍ਹ ਵਿਖੇ ਭਾਰਤ ਦੇ ਹੋਰਨਾਂ ਰਾਜਾਂ ਤੋਂ ਇਲਾਜ ਲਈ ਮਰੀਜ ਪੀ.ਜੀ.ਆਈ. ਚੰਡੀਗੜ੍ਹ ਵਿਖੇ ਪੁੱਜਦੇ ਹਨ। ਭਾਈ ਲੌਂਗੋਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਲੋਕ-ਭਲਾਈ ਦੀਆਂ ਸੇਵਾਵਾਂ ਲਈ ਨਿਰੰਤਰ ਕਾਰਜ ਕੀਤੇ ਜਾਂਦੇ ਹਨ ਅਤੇ ਇਸੇ ਤਹਿਤ ਹੀ ਸਮੇਂ-ਸਮੇਂ 'ਤੇ ਕੁਦਰਤੀ ਆਫ਼ਤਾਂ ਆਦਿ ਮੌਕੇ ਲੰਗਰ ਅਤੇ ਹੋਰ ਰਾਹਤ ਕਾਰਜ ਕੀਤੇ ਜਾਂਦੇ ਰਹੇ ਹਨ।ਉਨ੍ਹਾਂ ਕਿਹਾ ਕਿ ਪੀ.ਜੀ.ਆਈ. ਵਿਖੇ ਲੰਗਰ ਵਿਵਸਥਾ ਲਈ ਪ੍ਰਬੰਧ ਮੁਕੰਮਲ ਕਰ ਲਏ ਹਨ ਅਤੇ ਇਹ ਸੇਵਾ ਨਿਰੰਤਰ ਜਾਰੀ ਰਹੇਗੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ੍ਰ. ਰਘੂਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ, ਸ੍ਰ. ਬਲਦੇਵ ਸਿੰਘ ਕਾਇਮਪੁਰੀ, ਮੈਂਬਰ ਸ਼੍ਰੋਮਣੀ ਕਮੇਟੀ, ਬੀਬੀ ਹਰਜਿੰਦਰ ਕੌਰ, ਮੈਂਬਰ ਸ਼੍ਰੋਮਣੀ ਕਮੇਟੀ, ਸ੍ਰ. ਅਵਤਾਰ ਸਿੰਘ ਸਕੱਤਰ, ਸ਼੍ਰੋਮਣੀ ਕਮੇਟੀ, ਸ੍ਰ. ਜਗੀਰ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਨਾਢਾ ਸਾਹਿਬ ਮੌਜੂਦ ਸਨ।

# ਗੁਰਦੁਆਰਾ ਸ੍ਰੀ ਰਵਾਲਸਰ ਸਾਹਿਬ ਵਿਖੇ ਗੁਰਮਤਿ ਸਿਖਲਾਈ ਕੈਂਪ ਲਗਾਇਆ



ਪਟਿਆਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਲਗਾਇਆ ਗਿਆ 5 ਰੋਜ਼ਾ ਗੁਰਮਤਿ ਸਿਖਲਾਈ ਕੈਂਪ ਗੁਰਮਤਿ ਸਿਧਾਂਤਾਂ ਅਤੇ ਸਿੱਖ ਪ੍ਰੰਪਰਾਵਾਂ ਨੂੰ ਘਰ-ਘਰ ਪਹੁੰਚਾਉਣ ਦਾ ਅਹਿਦ ਲੈਂਦਿਆਂ ਸਮਾਪਤ ਹੋ ਗਿਆ। ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਕੈਂਪ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਸਬੰਧਤ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਰਵਾਲਸਰ ਸਾਹਿਬ ਵਿਖੇ ਜਥੇਦਰ ਗੁਰਚਰਨ ਸਿੰਘ ਟੌਹੜਾ ਚੈਰੀਟੇਬਲ ਟਰੱਸਟ ਦੇ ਸਹਿਯੋਗ ਨਾਲ ਲਗਾਇਆ ਗਿਆ। ਵਿਸ਼ੇਸ਼ ਅਗਵਾਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਲਕਾ ਭਾਦਸੋਂ ਤੋਂ ਮੈਂਬਰ ਜਥੇਦਾਰ ਸਤਵਿੰਦਰ ਸਿੰਘ ਟੌਹੜਾ ਨੇ ਕੀਤੀ। ਇਸ ਸਮੇਂ ਬੈਸਟ ਕੈਂਪਰ ਕੁੜੀਆਂ ਵਿਚੋਂ ਬੀਬਾ ਮਨਪ੍ਰੀਤ ਕੌਰ ਅਤੇ ਮੁੰਡਿਆਂ ਵਿਚੋਂ ਕਾਕਾ ਇੰਦਰਦੀਪ ਸਿੰਘ ਚੁਣੇ ਗਏ। ਕੈਂਪ ਵਿਚ 31 ਸਕੂਲਾਂ ਦੇ 81 ਬੱਚਿਆਂ ਨੇ ਭਾਗ ਲਿਆ। ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਵਿਖੇ ਲਗਾਏ ਕੈਂਪ ਵਿਚ ਭਾਗ ਲੈਣ ਵਾਲੇ 550 ਬੱਚਿਆਂ ਵਿਚੋਂ ਵੀ ਚੁਣੇ ਗਏ ਸਨ। ਇਨਾਮ ਵੰਡ ਸਮਾਰੋਹ ਵਿਚ ਸੰਬੋਧਨ ਕਰਦਿਆਂ ਜਥੇਦਾਰ ਸਤਵਿੰਦਰ ਸਿੰਘ ਟੌਹੜਾ ਨੇ ਕਿਹਾ ਕਿ 5 ਦਿਨਾਂ ਵਿਚ ਅਸੀਂ 81 ਬੱਚਿਆਂ ਨੂੰ ਅੰਮ੍ਰਿਤ ਵੇਲੇ ਨਿਤਨੇਮ ਕਰਨ, ਸਿੱਖ ਧਰਮ ਦੇ ਮੁੱਢਲੇ ਸਿਧਾਂਤਾਂ, ਗੁਰਬਾਣੀ ਸੰਥਿਆ, ਗੁਰ ਇਤਿਹਾਸ, ਸਿੱਖ ਇਤਿਹਾਸ, ਨੈਤਿਕ ਕਦਰਾਂ ਕੀਮਤਾਂ, ਵਾਤਾਵਰਣ ਦੀ ਸੰਭਾਲ, ਦੂਜਿਆਂ ਦੀ ਮਦਦ ਕਰਨ ਦੀ ਪ੍ਰੇਰਨਾ ਤੋਂ ਇਲਾਵਾ ਵੱਖ-ਵੱਖ ਸਰਗਰਮੀਆਂ ਕਵਿਤਾ, ਕਵੀਸ਼ਰੀ, ਕੀਰਤਨ ਅਤੇ ਗਤਕਾ ਆਦਿ ਬਾਰੇ ਜਾਣਕਾਰੀ ਦਿੱਤੀ ਗਈ। ਬੱਚਿਆਂ ਨੇ ਵੀ ਬਹੁਤ ਉਤਸ਼ਾਹ ਤੇ ਜੋਸ਼ ਨਾਲ ਕੈਂਪ ਵਿਚ ਭਾਗ ਲਿਆ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਲੰਮੇ ਸਮੇਂ ਤੋਂ ਬੱਚਿਆਂ ਦੀ ਸ਼ਖ਼ਸੀਅਤ ਉਸਾਰੀ ਲਈ ਧਾਰਮਿਕ ਕੈਂਪਾਂ ਦਾ ਆਯੋਜਨ ਕੀਤਾ ਜਾਂਦਾ ਹੈ।

ਕੈਂਪ ਦੇ ਆਖਰੀ ਦਿਨ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ ਜਿਨ੍ਹਾਂ ਵਿਚ ਗੁਰਬਾਣੀ ਕੰਠ, ਕੀਰਤਨ, ਕਵੀਸ਼ਰੀ, ਕਵਿਤਾ, ਅਰਦਾਸ, ਸਿਰਲੇਖ ਭਾਸ਼ਣ ਅਤੇ ਗਤਕਾ ਆਦਿ ਮੁਕਾਬਲੇ ਸ਼ਾਮਲ ਹਨ।

ਬੱਚਿਆਂ ਨੂੰ ਸਿੱਖਿਆ ਦੇਣ ਲਈ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਜੇ ਗਏ ਪ੍ਰਚਾਰਕ ਭਾਈ ਪਰਵਿੰਦਰ ਸਿੰਘ ਬਰਾੜਾ, ਭਾਈ ਸੁਖਵਿੰਦਰ ਸਿੰਘ ਰਾਟੌਲ, ਭਾਈ ਪਰਮਜੀਤ ਸਿੰਘ ਗੁਰਦਾਸਪੁਰ, ਭਾਈ ਹਰਦੀਪ ਸਿੰਘ ਟਿੱਬਾ, ਭਾਈ ਗੁਰਦੀਪ ਸਿੰਘ ਚੌਂਤਾ, ਭਾਈ ਪਰਮਜੀਤ ਸਿੰਘ ਐਚ.ਪੀ. ਨੇ ਬੱਚਿਆਂ ਨੂੰ ਬਹੁਤ ਹੀ ਵਧੀਆ ਢੰਗ ਨਾਲ ਸਿਖਾਇਆ। ਇਸ ਕੈਂਪ ਦੀ ਪ੍ਰਬੰਧਕੀ ਦੇਖ-ਰੇਖ ਲਈ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਮੈਨੇਜਰ ਸ. ਕਰਨ ਸਿੰਘ, ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਨਰਿੰਦਰਜੀਤ ਸਿੰਘ, ਸ. ਰੁਪਿੰਦਰ ਸਿੰਘ ਤੇ ਗੁ.ਇੰ. ਸ. ਮੋਹਨ ਸਿੰਘ ਆਦਿ ਨੇ ਕੈਂਪ ਨੂੰ ਸਫਲ ਬਣਾਉਣ ਲਈ ਪੂਰੀ ਤਨਦੇਹੀ ਨਾਲ ਆਪਣਾ ਬਣਦਾ ਯੋਗਦਾਨ ਪਾਇਆ।

# ਪਿੰਡ ਮੀਰਾਂ ਚੱਕ ਵਿਖੇ 10 ਰੋਜਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਜੰਡਿਆਲਾ ਗੁਰੂ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਮੈਂਬਰ ਸ. ਅਮਰਜੀਤ ਸਿੰਘ ਭਲਾਈਪੁਰ ਤੇ ਸ. ਬਿਕਰਮਜੀਤ ਸਿੰਘ ਕੋਟਲਾ ਦੇ ਸਹਿਯੋਗ ਨਾਲ ਪਿੰਡ ਮੀਰਾਂ ਚੱਕ ਹਲਕਾ (ਜੰਡਿਆਲਾ ਗੁਰੂ) ਵਿਖੇ 10 ਰੋਜ਼ਾ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਕੁੱਲ ਚਾਲੀ ਬੱਚਿਆਂ ਨੇ ਭਾਗ ਲਿਆ ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਮਨਦੀਪ ਸਿੰਘ ਤੇ ਭਾਈ ਦਿਲਬਾਗ ਸਿੰਘ ਭੰਗਾਲੀ ਨੇ ਗੁਰ ਇਤਿਹਾਸ ਤੇ ਰਹਿਤ ਮਰਯਾਦਾ ਬਾਰੇ ਜਾਣਕਾਰੀ ਦਿੱਤੀ ਗਈ। ਕੈਂਪ ਦੇ ਆਖਰੀ ਦਿਨ ਬੱਚਿਆ ਦਾ ਲਿਖਤੀ ਟੈਸਟ ਲਿਆ ਗਿਆ ਤੇ ਸੁੰਦਰ ਦਸਤਾਰ ਮੁਕਾਬਲਾ ਕਰਵਾਇਆ ਗਿਆ। ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਉਪਰਾਲੇ ਲਈ ਗੁਰਦੁਆਰਾ ਕਮੇਟੀ ਤੇ ਪਿੰਡ ਮੀਰਾਂ ਚੱਕ ਦੀ ਸਮੂਹ ਸੰਗਤ ਵੱਲੋਂ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕੀਤਾ ਗਿਆ।

# ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸਬੰਧੀ ਲਾਹੌਰ ਵਿਖੇ ਸਮਾਗਮ

## ਭਾਈ ਲੌਂਗੋਵਾਲ ਵੱਲੋਂ ਭੇਜਿਆ ਪੱਤਰ ਡਾ. ਰੂਪ ਸਿੰਘ ਨੇ ਸ. ਤਾਰਾ ਸਿੰਘ ਨੂੰ ਸੌਂਪਿਆ



ਅੰਮ੍ਰਿਤਸਰ- ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਲਾਹੌਰ ਵਿਖੇ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਸਮਾਗਮ ਕੀਤੇ ਗਏ, ਜਿਸ ਵਿਚ ਲਹਿੰਦੇ ਪੰਜਾਬ ਦੇ ਗਰਵਨਰ ਚੌਧਰੀ ਮੁਹੰਮਦ ਸਰਵਰ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਮੈਂਬਰ ਸ. ਗੁਰਮੀਤ ਸਿੰਘ ਬੂਹ, ਡਾ. ਆਮਿਰ ਅਹਿਮਦ ਚੇਅਰਮੈਨ ਈ.ਟੀ.ਪੀ.ਬੀ., ਸ. ਤਾਰਾ ਸਿੰਘ ਪ੍ਰਧਾਨ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਤਾਰਿਕ ਵਜ਼ੀਰ ਖਾਂ ਸਕੱਤਰ ਈ.ਟੀ.ਪੀ.ਬੀ., ਇਮਰਾਨ ਗੌਂਦਲ ਡਿਪਟੀ ਸਕੱਤਰ ਈ.ਟੀ.ਪੀ.ਬੀ., ਸ. ਮਹਿੰਦਰਪਾਲ ਸਿੰਘ ਪਾਰਲੀਮੈਂਟਰੀ ਸਕੱਤਰ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਡਾ. ਰੂਪ ਸਿੰਘ ਨੇ ਆਖਿਆ ਕਿ ਪਾਕਿਸਤਾਨ ਵਿਖੇ ਸਥਿਤ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਸਮੁੱਚੇ ਵਿਸ਼ਵ ਦੀਆਂ ਸੰਗਤਾਂ ਲਈ ਬੇਹੱਦ ਸਤਿਕਾਰ ਵਾਲਾ ਹੈ। ਇਥੇ ਸਿੱਖੀ ਦਾ ਨਿਕਾਸ, ਵਿਕਾਸ ਤੇ ਵਿਗਾਸ ਹੋਇਆ। ਉਨ੍ਹਾਂ ਕਿਹਾ ਕਿ ਇਸ ਧਰਤੀ 'ਤੇ ਹੀ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਸੁਤੰਤਰ ਸਿੱਖ ਰਾਜ ਕਾਇਮ ਕੀਤਾ ਅਤੇ 1799 ਈ: ਵਿਚ ਲਾਹੌਰ ਦੇ ਸ਼ਾਹੀ ਕਿਲ੍ਹੇ 'ਤੇ ਖ਼ਾਲਸਾਈ ਨਿਸ਼ਾਨ ਝੂਲਾਇਆ। ਉਨ੍ਹਾਂ ਆਖਿਆ ਕਿ ਮਹਾਰਾਜਾ ਰਣਜੀਤ ਸਿੰਘ ਦਾ ਰਾਜ ਪੰਜਾਬ, ਪੰਜਾਬੀਅਤ ਤੇ ਸਿੱਖੀ ਦੇ ਵਿਕਾਸ ਲਈ ਇਕ ਅਹਿਮ ਪੜਾਅ ਸੀ ਅਤੇ ਉਨ੍ਹਾਂ ਦੇ ਰਾਜ ਅੰਦਰ ਹਰ ਧਰਮ, ਵਰਗ ਅਤੇ ਫਿਰਕੇ ਦਾ ਵਿਸ਼ੇਸ਼ ਤੌਰ 'ਤੇ ਖ਼ਿਆਲ ਰੱਖਿਆ ਜਾਂਦਾ ਸੀ। ਉਨ੍ਹਾਂ ਮਹਾਰਾਜਾ ਰਣਜੀਤ ਸਿੰਘ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਸਿੱਖ ਕੌਮ ਨੂੰ ਜਥੇਬੰਦਕ ਸ਼ਕਤੀ ਨਾਲ ਜੁੜਨ ਦੀ ਪ੍ਰੇਰਣਾ ਕੀਤੀ। ਇਸ ਦੌਰਾਨ ਮੁੱਖ ਸਕੱਤਰ ਨੇ ਸ਼੍ਰੋਮਣੀ ਕਮੇਟੀ ਦੀ ਸਥਾਪਤੀ, ਸਥਿਤੀ ਅਤੇ ਕਾਰਜਸ਼ੈਲੀ ਦੇ ਨਾਲ-ਨਾਲ ਪ੍ਰਾਪਤੀਆਂ ਦਾ ਵੀ ਖ਼ੁਲਾਸਾ ਕੀਤਾ।

ਇਸ ਮੌਕੇ ਗਵਰਨ ਪੰਜਾਬ ਚੌਧਰੀ ਮੁਹੰਮਦ ਸਰਵਰ ਨੇ ਸਿੱਖਾਂ ਦੀ ਬਹਾਦਰੀ ਦੀ ਪ੍ਰਸ਼ੰਸਾ ਕੀਤੀ ਅਤੇ ਸਿੱਖ ਕੌਮ ਵੱਲੋਂ ਵਿਸ਼ਵ ਅੰਦਰ ਕੀਤੀਆਂ ਪ੍ਰਾਪਤੀਆਂ ਨੂੰ ਵਡਿਆਇਆ। ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਦਾ ਰਾਜ ਧਰਮ ਨਿਰਪੱਖ ਰਾਜ ਸੀ, ਜਿਸ ਵਿਚ ਪ੍ਰਜਾ ਦੇ ਹਰ ਤਰ੍ਹਾਂ ਦੇ ਹੱਕ ਅਤੇ ਹਿੱਤ ਸੁਰੱਖਿਅਤ ਸਨ। ਇਸ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਪਾਕਿਸਤਾਨ ਗਏ ਜਥੇ ਦੇ ਆਗੂ ਸ. ਗੁਰਮੀਤ ਸਿੰਘ ਬੂਹ ਨੇ ਮਹਾਰਾਜਾ ਰਣਜੀਤ ਸਿੰਘ ਨੂੰ ਸਤਿਕਾਰ ਭੇਟ ਕਰਦਿਆਂ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਓਕਾਫ ਬੋਰਡ ਦੇ ਅਧਿਕਾਰੀਆਂ ਦਾ ਧੰਨਵਾਦ ਕੀਤਾ। ਇਸ ਸਮੇਂ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਤਾਰਾ ਸਿੰਘ ਨੇ ਵੀ ਸੰਬੋਧਨ ਕੀਤਾ ਅਤੇ ਪਾਕਿਸਤਾਨ ਪੁੱਜੀਆਂ ਸੰਗਤਾਂ ਨੂੰ ਜੀ-ਆਇਆਂ ਆਖਿਆ। ਸਮਾਗਮ ਦੌਰਾਨ ਗਵਰਨ ਪੰਜਾਬ ਚੌਧਰੀ ਮੁਹੰਮਦ ਸਰਵਰ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸ. ਗੁਰਮੀਤ ਸਿੰਘ ਬੂਹ ਅਤੇ ਡਾ. ਰੂਪ ਸਿੰਘ ਨੇ ਸਨਮਾਨਿਤ ਕੀਤਾ, ਜਦਕਿ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਡਾ. ਰੂਪ ਸਿੰਘ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਸਬੰਧੀ ਆਪਣੀ ਵੱਡ-ਅਕਾਰੀ ਪੁਸਤਕ ਵੀ ਚੌਧਰੀ ਮੁਹੰਮਦ ਸਰਵਰ ਨੂੰ ਭੇਟ ਕੀਤੀ। ਇਸ ਮੌਕੇ ਸਾਬਕਾ ਪ੍ਰਧਾਨ ਸ. ਬਿਸ਼ਨ ਸਿੰਘ, ਸ. ਭਗਤ ਸਿੰਘ ਤੇ ਹੋਰ ਮੌਜੂਦ ਸਨ।

ਇਸੇ ਦੌਰਾਨ ਪਾਕਿਸਤਾਨ ਗਏ ਸਿੱਖ ਸ਼ਰਧਾਲੂਆਂ ਦੇ ਜਥੇ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਸਬੰਧੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਭੇਜਿਆ ਪੱਤਰ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਤਾਰਾ ਸਿੰਘ ਨੂੰ ਸੌਂਪਿਆ। ਇਸ ਮੌਕੇ ਲਹਿੰਦੇ ਪੰਜਾਬ ਦੇ ਗਵਨਰ ਚੌਧਰੀ ਮੁਹੰਮਦ ਸਰਵਰ ਅਤੇ ਸਿੱਖ ਜਥੇ ਦੇ ਆਗੂ ਸ. ਗੁਰਮੀਤ ਸਿੰਘ ਬੂਹ ਵੀ ਮੌਜੂਦ ਸਨ। ਭਾਈ ਲੌਂਗੋਵਾਲ ਵੱਲੋਂ ਭੇਜੇ ਗਏ ਪੱਤਰ ਵਿਚ ਪਹਿਲੇ ਪਾਤਸ਼ਾਹ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਲਈ ਆਪਸੀ ਸਹਿਯੋਗ ਦੀ ਗੱਲ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਪਣੇ ਪੱਤਰ ਰਾਹੀਂ ਸ੍ਰੀ ਨਨਕਾਣਾ ਸਾਹਿਬ ਵਿਖੇ ਕਰਵਾਏ ਜਾਣ ਵਾਲੇ ਸਮਾਗਮਾਂ ਸਮੇਂ ਹਰ ਤਰ੍ਹਾਂ ਦੇ ਸਹਿਯੋਗ ਦੇਣ ਦਾ ਸੁਨੇਹਾ ਭੇਜਿਆ ਹੈ।

ਇਸ ਬਾਰੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਤਾਰਾ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਵੱਲੋਂ ਪੱਤਰ ਰਾਹੀਂ ਪ੍ਰਗਟਾਈ ਭਾਵਨਾ ਦਾ ਭਰਵਾਂ ਸਵਾਗਤ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸ. ਤਾਰਾ ਸਿੰਘ ਨੇ 550ਵੇਂ ਪ੍ਰਕਾਸ਼ ਪੁਰਬ ਸਬੰਧੀ ਸ਼੍ਰੋਮਣੀ ਕਮੇਟੀ ਕੋਲੋਂ ਹਰ ਤਰ੍ਹਾਂ ਦਾ ਸਹਿਯੋਗ ਲੈਣ ਦੀ ਵਚਨਬਧਤਾ ਪ੍ਰਗਟਾਈ ਹੈ। ਡਾ. ਰੂਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਲਹਿੰਦੇ ਪੰਜਾਬ ਦੇ ਗਵਰਨਰ ਚੌਧਰੀ ਮੁਹੰਮਦ ਸਰਵਰ ਨਾਲ ਵੀ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਸਬੰਧੀ ਗੱਲ ਕੀਤੀ ਹੈ। ਉਨ੍ਹਾਂ ਦੱਸਿਆ ਕਿ ਗਵਰਨਰ ਪੰਜਾਬ ਨੇ ਸ਼੍ਰੋਮਣੀ ਕਮੇਟੀ ਨੂੰ ਭਰੋਸਾ ਦਿੱਤਾ ਹੈ ਕਿ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਕਿਸੇ ਵੀ ਤਰ੍ਹਾਂ ਦੇ ਸਮਾਗਮ ਲਈ ਉਹ ਪੂਰਨ ਸਹਿਯੋਗ ਦੇਣਗੇ।

ਡਾ. ਰੂਪ ਸਿੰਘ ਅਨੁਸਾਰ ਚੌਧਰੀ ਮੁਹੰਮਦ ਸਰਵਰ ਨੇ ਲਹਿੰਦੇ ਪੰਜਾਬ ਦੀਆਂ ਯੂਨੀਵਰਸਿਟੀਆਂ ਅੰਦਰ ਸ਼੍ਰੋਮਣੀ ਕਮੇਟੀ ਵੱਲੋਂ ਸੈਮੀਨਾਰ ਕਰਵਾਉਣ ਦੀ ਮੰਗ ਨੂੰ ਵੀ ਪ੍ਰਵਾਨ ਕੀਤਾ। ਇਸ ਤੋਂ ਇਲਾਵਾ ਗਵਰਨਰ ਪੰਜਾਬ ਨੇ ਪਾਕਿਸਤਾਨ ਜਾਣ ਵਾਲੇ ਜਥਿਆਂ ਦੇ ਰੂਟ ਵਿਚ ਗੁਰਦੁਆਰਾ ਬਾਬੇ ਦੀ ਬੇਰ ਸਿਆਲਕੋਟ ਨੂੰ ਵੀ ਸ਼ਾਮਲ ਕਰਨ ਦਾ ਸੁਝਾਅ ਵੀ ਪ੍ਰਵਾਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਸ ਇਤਿਹਾਸਕ ਗੁਰਦੁਆਰਾ ਬਾਬੇ ਦੀ ਬੇਰ ਸਿਆਲਕੋਟ ਵਿਖੇ ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ ਦਾ ਪਹਿਲਾ ਮੋਰਚਾ ਲੱਗਾ ਸੀ, ਜਿਸ ਕਾਰਨ ਇਸ ਅਸਥਾਨ ਦੀ ਵੱਡੀ ਇਤਿਹਾਸਕ ਮਹੱਤਤਾ ਹੈ।

ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਨੇ ਗਵਰਨਰ ਚੌਧਰੀ ਮੁਹੰਮਦ ਸਰਵਰ ਅਤੇ ਪਾਕਿਸਤਾਨ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸ. ਤਾਰਾ ਸਿੰਘ ਦੇ ਨਾਲ-ਨਾਲ ਓਕਾਫ ਬੋਰਡ ਦੇ ਅਧਿਕਾਰੀਆਂ ਨਾਲ 25 ਜੁਲਾਈ ਨੂੰ ਸ੍ਰੀ ਨਨਕਾਣਾ ਸਾਹਿਬ ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨ ਸਬੰਧੀ ਵੀ ਗੱਲ ਕੀਤੀ, ਜਿਸ 'ਤੇ ਉਨ੍ਹਾਂ ਨੇ ਹਰ ਤਰ੍ਹਾਂ ਦੇ ਸਹਿਯੋਗ ਅਤੇ ਪ੍ਰਬੰਧਾਂ ਦਾ ਭਰੋਸਾ ਦਿੱਤਾ ਹੈ।

# ਹਲਕਾ ਕਾਲਾ ਅਫਗਾਨਾ ਦੇ 25 ਪਿੰਡਾਂ ਦੇ ਕਰੀਬ 1800 ਸਿਖਿਆਰਥੀਆਂ ਦਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਬਟਾਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੱਜਣ ਸਿੰਘ ਬੱਜੂਮਾਨ ਦੀ ਅਗਵਾਈ ਹੇਠ ਹਲਕਾ ਕਾਲਾ ਅਫਗਾਨਾ ਦੇ 25 ਪਿੰਡਾਂ 'ਚ ਲਗਾਏ ਗੁਰਮਤਿ ਸਿਖਲਾਈ ਕੈਂਪਾਂ ਦੀ ਸਮਾਪਤੀ ਦਾ ਪ੍ਰਮੁੱਖ ਸਮਾਗਮ ਗੁਰਦੁਆਰਾ ਸ੍ਰੀ ਓਠੀਆਂ ਸਾਹਿਬ ਵਿਖੇ ਹੋਇਆ, ਜਿਸ ਵਿਚ ਸ਼੍ਰੋਮਣੀ ਕਮੇਟੀ ਮੈਂਬਰ ਜਥੇ: ਸੱਜਣ ਸਿੰਘ ਬੱਜੂਮਾਨ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਜੌੜਾ ਸਿੰਘਾ, ਸ਼ਹੀਦ ਸਿੱਖ ਮਿਸ਼ਨਰੀ ਕਾਲਜ ਦੇ ਪ੍ਰਿੰਸੀਪਲ ਬੀਬੀ ਮਨਜੀਤ ਕੌਰ ਤੇ ਗਿਆਨੀ ਜਸਵਿੰਦਰ ਸਿੰਘ ਸ਼ਹੂਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਜਿਕਰਯੋਗ ਹੈ ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਹੇਠ ਚੱਲਦੇ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਸ੍ਰੀ ਅੰਮ੍ਰਿਤਸਰ ਦੇ ਸਟਾਫ ਤੇ ਵਿਦਿਆਰਥੀਆਂ ਵੱਲੋਂ ਮੈਂਬਰ ਸ. ਸੱਜਣ ਸਿੰਘ ਬੱਜੂਮਾਨ ਦੇ ਸਹਿਯੋਗ ਨਾਲ ਹਲਕਾ ਕਾਲਾ ਅਫਗਾਨਾ ਦੇ 25 ਪਿੰਡਾਂ ਅੰਦਰ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਵੱਖ-ਵੱਖ ਪਿੰਡਾਂ ਵਿਚ ਲੱਗੇ ਗੁਰਮਤਿ ਕੈਂਪਾਂ ਵਿਚ ਬੱਚਿਆ ਨੂੰ ਨਿਤਨੇਮ ਦੀ ਸੰਥਿਆ ਕਰਵਾਉਣ ਦੇ ਨਾਲ ਸਿੱਖ ਇਤਿਹਾਸ ਤੇ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ ਗਈ। ਇਨ੍ਹਾਂ ਕੈਂਪਾਂ ਵਿੱਚ ਭਾਗ ਲੈਣ ਵਾਲੇ ਕਰੀਬ 1800 ਵਿਦਿਆਰਥੀਆਂ ਨੇ ਪਰਿਵਾਰਾਂ ਸਮੇਤ ਸਮਾਪਤੀ ਸਮੇਂ ਕਰਵਾਏ ਗਏ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਵਿਸ਼ੇਸ ਤੌਰ ਤੇ ਅੰਮ੍ਰਿਤ ਸੰਚਾਰ ਸਮਾਗਮ ਵੀ ਕਰਵਾਇਆ ਗਿਆ ਜਿਸ ਵਿਚ 182 ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੇ। ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਸ਼੍ਰੋਮਣੀ ਕਮੇਟੀ ਮੈਂਬਰ ਜਥੇ: ਸੱਜਣ ਸਿੰਘ ਬੱਜੂਮਾਨ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਜੌੜਾ ਸਿੰਘਾ, ਸ਼ਹੀਦ ਸਿੱਖ ਮਿਸ਼ਨਰੀ ਕਾਲਜ ਦੇ ਪ੍ਰਿੰਸੀਪਲ ਬੀਬੀ ਮਨਜੀਤ ਕੌਰ ਤੇ ਗਿਆਨੀ ਜਸਵਿੰਦਰ ਸਿੰਘ ਸ਼ਹੂਰ ਨੇ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ। ਇਸ ਦੇ ਨਾਲ ਹੀ ਬੱਚਿਆਂ ਨੂੰ ਸਿੱਖਲਾਈ ਦੇਣ ਵਾਲੇ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਦੇ ਵਿਦਿਆਰਥੀਆਂ ਤੇ ਪ੍ਰਚਾਰਕ ਸਿੰਘਾਂ ਦਾ ਵੀ ਸਨਮਾਨ ਕੀਤਾ ਗਿਆ।

ਇਸ ਮੌਕੇ ਗੁਰਦੁਆਰਾ ਸ੍ਰੀ ਓਠੀਆਂ ਸਾਹਿਬ ਦੇ ਮੈਨੇਜਰ ਮਨਜੀਤ ਸਿੰਘ ਜੌੜਾਸਿੰਘਾ, ਕਥਾਵਾਚਕ ਭਾਈ ਹਰਜੀਤ ਸਿੰਘ ਪਿੱਪਲੀ ਸਾਹਿਬ, ਮਾਝਾ ਜ਼ੋਨ ਦੇ ਇੰਚਾਰਜ ਭਾਈ ਜਸਵਿੰਦਰ ਸਿੰਘ ਸ਼ਹੂਰ, ਭਾਈ ਰਣਜੀਤ ਸਿੰਘ ਵੜੈਚ ਪ੍ਰਚਾਰਕ, ਪ੍ਰੋ: ਕੁਲਰਾਜ ਸਿੰਘ, ਪ੍ਰਚਾਰਕ ਭਾਈ ਕੁਲਬੀਰ ਸਿੰਘ, ਭਾਈ ਮਨਜੀਤ ਸਿੰਘ ਕਾਦੀਆਂ, ਭਾਈ ਸਿਮਰਨਜੀਤ ਸਿੰਘ, ਪ੍ਰੋ: ਰਵੇਲ ਸਿੰਘ, ਪ੍ਰੋ: ਸੁਖਵਿੰਦਰ ਸਿੰਘ, ਬੀਬੀ ਰਵਿੰਦਰ ਕੌਰ, ਪ੍ਰੋ: ਅਮਰਜੀਤ ਕੌਰ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਗੁਰਦੁਆਰਾ ਸ੍ਰੀ ਕੰਧ ਸਾਹਿਬ ਵਿਖੇ 149 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ



ਬਟਾਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਮੁਹਿੰਮ ਤਹਿਤ ਦੇਸ਼ ਭਰ ਵਿਚ ਵੱਖ-ਵੱਖ ਥਾਈਂ ਅੰਮ੍ਰਿਤ ਸੰਚਾਰ ਸਮਾਗਮਾਂ ਦਾ ਆਯੋਜਨ ਕੀਤਾ ਜਾਂਦਾ ਹੈ। ਇਸੇ ਤਹਿਤ ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ ਜਿਸ ਵਿਚ 149 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਛਕ ਕੇ ਖ਼ਾਲਸਾ ਪੰਥ ਅੰਦਰ ਪ੍ਰਵੇਸ਼ ਕੀਤਾ। ਇਨ੍ਹਾਂ ਅੰਮ੍ਰਿਤ ਅਭਿਲਾਖੀਆਂ ਨੂੰ ਸ਼੍ਰੋਮਣੀ ਕਮੇਟੀ ਦੇ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਕਕਾਰ ਦਿੱਤੇ ਗਏ। ਇਸ ਸਮੇਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇ. ਗੁਰਿੰਦਰਪਾਲ ਸਿੰਘ ਗੋਰਾ ਤੇ ਜਥੇ. ਗੁਰਨਾਮ ਸਿੰਘ ਜੱਸਲ, ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ ਦੇ ਮੈਨੇਜਰ ਸ. ਗੁਰਤਿੰਦਰਪਾਲ ਸਿੰਘ ਭਾਟੀਆ, ਗੁਰਦੁਆਰਾ ਸਾਹਿਬ ਸਤਿਕਰਤਾਰੀਆ ਦੇ ਮੈਨੇਜਰ ਸ. ਸੁਖਬੀਰ ਸਿੰਘ, ਸ੍ਰੀ ਅਕਾਲ ਤਖਤ ਸਾਹਿਬ ਤੋਂ ਆਏ ਪੰਜ ਪਿਆਰੇ ਸਾਹਿਬਾਨ, ਪ੍ਰਚਾਰਕ, ਕਵੀਸ਼ਰ ਤੇ ਗ੍ਰੰਥੀ ਸਾਹਿਬਾਨ ਨੂੰ ਗੁਰੂ ਘਰ ਵੱਲੋਂ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਸਮੇਂ ਜਥੇ. ਗੁਰਿੰਦਰਪਾਲ ਸਿੰਘ ਗੋਰਾ ਨੇ ਅੰਮ੍ਰਿਤ ਛਕਣ ਵਾਲਿਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਅੰਮ੍ਰਿਤ ਛਕਣ ਵਾਲੀਆਂ ਸੰਗਤਾਂ ਵੱਡੇ ਭਾਗਾਂ ਵਾਲੀਆਂ ਹਨ ਜੋ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਗੁਰੂ ਗੋਬਿੰਦ ਸਿੰਘ ਜੀ ਦੇ ਧੀਆਂ-ਪੁੱਤਰ ਬਣੇ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਈ ਗੁਰਮੁਖ ਸਿੰਘ, ਭਾਈ ਸਿਮਰਨਜੀਤ ਸਿੰਘ ਕੋਟ ਟੋਡਰ ਮੱਲ, ਭਾਈ ਮਨਜੀਤ ਸਿੰਘ ਕਾਦੀਆਂ ਤੇ ਭਾਈ ਬਲਬੀਰ ਸਿੰਘ ਸੇਖਵਾਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਮਹਿਤਾਬ ਸਿੰਘ ਖਾਲਸਾ, ਭਾਈ ਤਰਸੇਮ ਸਿੰਘ ਸੇਖਵਾਂ ਤੇ ਭਾਈ ਲਾਲ ਸਿੰਘ ਕਵੀਸ਼ਰ, ਭਾਈ ਕੁਲਵੰਤ ਸਿੰਘ ਗ੍ਰੰਥੀ, ਭਾਈ ਗੁਰਖੇਲ ਸਿੰਘ ਗ੍ਰੰਥੀ, ਭਾਈ ਬਲਿਹਾਰ ਸਿੰਘ, ਭਾਈ ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।

# ਪਿੰਡ ਭੂੰਦੜ ਵਿਖੇ 11 ਦਿਨਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਭੂੰਦੜ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਾਨਯੋਗ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਜੀ ਦੇ ਨਿਰਦੇਸ਼ਾਂ ਅਨੁਸਾਰ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਮਾਲਵਾ ਜੋਨ ਦੇ ਇੰਚਾਰਜ ਸ. ਭੋਲਾ ਸਿੰਘ ਦੇ ਸਹਿਯੋਗ ਨਾਲ ਪਿੰਡ ਭੂੰਦੜ ਵਿਖੇ 11 ਦਿਨਾ ਗੁਰਮਤਿ ਸਿੱਖਲਾਈ ਕੈਂਪ ਲਗਾਇਆ ਗਿਆ ਜਿਸ ਵਿੱਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਨੇ ਬੱਚਿਆਂ ਨੂੰ ਗੁਰਬਾਣੀ ਸੰਥਿਆ, ਸਿੱਖ ਇਤਿਹਾਸ ਤੇ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ। ਇਸ ਕੈਂਪ ਵਿੱਚ 121 ਬੱਚਿਆਂ ਨੇ ਭਾਗ ਲਿਆ। ਸਮਾਪਤੀ ਸਮਾਗਮ ਸਮੇਂ ਜਥੇਦਾਰ ਮੇਜਰ ਸਿੰਘ ਢਿੱਲੋਂ ਮੈਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਮੈਨੇਜਰ ਸ. ਸੁਮੇਰ ਸਿੰਘ ਬਾਦੀਆਂ ਨੇ ਵਿਸੇਸ਼ ਤੌਰ ਸਮੂਲੀਅਤ ਕੀਤੀ। ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ। ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਭਾਈ ਨਿਰਭੈ ਸਿੰਘ ਨੇ ਗੁਰਮਤਿ ਦੀਆ ਵਿਚਾਰਾ ਰਾਹੀਂ ਸੰਬੋਧਨ ਕੀਤਾ ਗਿਆ। ਇਸ ਮੌਕੇ ਭਾਈ ਹਰਦੀਪ ਸਿੰਘ ਬੱਲੋ, ਭਾਈ ਗੁਰਲਾਲ ਸਿੰਘ ਬੱਲੋ, ਭਾਈ ਪੰਥਪ੍ਰੀਤ ਸਿੰਘ ਬੱਲੋ, ਭਾਈ ਗੁਰਪ੍ਰੀਤ ਸਿੰਘ ਸਰਪੰਚ, ਭਾਈ ਨੈਬ ਸਿੰਘ ਭੂੰਦੜ ਸਮੇਤ ਸੰਗਤਾਂ ਹਾਜ਼ਰ ਸਨ।



ਹਲਕਾ ਧਾਰੀਵਾਲ ਤੋਂ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਜਸਬੀਰ ਕੌਰ ਜਫਰਵਾਲ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਵਿਖੇ 20 ਤੋਂ 30 ਜੂਨ ਤੱਕ ਗੁਰਮਤਿ ਕੈਂਪ ਲਗਾਇਆ ਗਿਆ।

# ਮੋਹਾਲੀ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ ਸਮਰ ਕੈਂਪ ਲਗਾਏ



ਮੋਹਾਲੀ- ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਲਗਾਏ ਜਾ ਰਹੇ ਗੁਰਮਤਿ ਕੈਂਪਾਂ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਪਰਮਜੀਤ ਕੌਰ ਲਾਂਡਰਾਂ, ਸਮੂਹ ਗੁਰਦੁਆਰਾ ਤਾਲਮੇਲ ਕਮੇਟੀ ਦੇ ਪ੍ਰਧਾਨ ਸ. ਜੋਗਿੰਦਰ ਸਿੰਘ ਸੋਧੀ, ਸ. ਮਨਜੀਤ ਸਿੰਘ ਮਾਨ ਮੀਤ ਪ੍ਰਧਾਨ, ਸ. ਪਰਮਜੀਤ ਸਿੰਘ ਜਨਰਲ ਸਕੱਤਰ ਤੇ ਸ. ਮਨਜੀਤ ਸਿੰਘ ਭੱਲਾ ਇੰਚਾਰਜ ਧਰਮ ਪ੍ਰਚਾਰ ਦੇ ਸਹਿਯੋਗ ਨਾਲ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਰਾਜਪਾਲ ਸਿੰਘ ਮੁਹਾਲੀ ਵੱਲੋਂ ਮੋਹਾਲੀ ਦੇ ਗੁਰਦੁਆਰਾ ਸਿੰਘ ਸਭਾ ਸੈਕਟਰ 68 ਮੋਹਾਲੀ, ਗੁਰਦੁਆਰਾ ਸਾਹਿਬ ਫੇਸ 6, ਗੁਰਦੁਆਰਾ ਸਾਹਿਬ ਫੇਸ 11 ਤੇ ਗੁਰਦੁਆਰਾ ਸਾਹਿਬ ਸੈਕਟਰ 71 ਵਿਖੇ ਛੁੱਟੀਆਂ ਦੌਰਾਨ ਬੱਚਿਆਂ ਦਾ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਏ ਗਏ। ਕੈਂਪਾਂ ਦੀ ਸਮਾਪਤੀ ਤੇ ਬੱਚਿਆਂ ਦੇ ਧਾਰਮਿਕ ਮੁਕਾਬਲੇ ਵੀ ਕਰਵਾਏ ਗਏ। ਪਹਿਲੇ, ਦੂਜੇ ਤੇ ਤੀਜੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ।

# ਸ਼੍ਰੋਮਣੀ ਕਮੇਟੀ ਨੂੰ ਅੰਤਰਰਾਸ਼ਟਰੀ ਨਗਰ ਕੀਰਤਨ ਸਬੰਧੀ ਪਾਕਿਸਤਾਨ ਸਿੱਖ ਗੁਰਦੁਆਰਾ ਕਮੇਟੀ ਦੇਵੇਗੀ ਭਰਵਾਂ ਸਹਿਯੋਗ

## ਭਾਈ ਲੌਂਗੋਵਾਲ ਨੂੰ ਸ. ਤਾਰਾ ਸਿੰਘ ਨੇ ਭੇਜਿਆ ਜਵਾਬੀ ਪੱਤਰ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਤੋਂ 25 ਜੁਲਾਈ 2019 ਨੂੰ ਸਜਾਏ ਜਾਣ ਵਾਲੇ ਅੰਤਰਰਾਸ਼ਟਰੀ ਨਗਰ ਕੀਰਤਨ ਦਾ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਰਵਾਂ ਸਵਾਗਤ ਕੀਤਾ ਹੈ। ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਤਾਰਾ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਾਂ 'ਤੇ ਭੇਜੇ ਇਕ ਜਵਾਬੀ ਪੱਤਰ ਰਾਹੀਂ ਸ਼੍ਰੋਮਣੀ ਕਮੇਟੀ ਦੇ ਇਸ ਉਪਰਾਲੇ ਨੂੰ ਸ਼ਲਾਘਾਯੋਗ ਦੱਸਦਿਆਂ ਭਰਵਾਂ ਸਹਿਯੋਗ ਦੇਣ ਦੀ ਗੱਲ ਆਖੀ ਹੈ।

ਸ. ਤਾਰਾ ਸਿੰਘ ਨੇ ਆਪਣੇ ਪੱਤਰ ਰਾਹੀਂ ਆਖਿਆ ਹੈ ਕਿ ਨਗਰ ਕੀਰਤਨ ਨਾਲ ਦੋਹਾਂ ਦੇਸ਼ਾਂ ਦੀਆਂ ਸਾਂਝਾਂ ਹੋਰ ਮਜ਼ਬੂਤ ਹੋਣਗੀਆਂ। ਦੱਸਣਯੋਗ ਹੈ ਕਿ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸਬੰਧੀ ਪਾਕਿਸਤਾਨ ਗਏ ਸਿੱਖ ਸ਼ਰਧਾਲੂਆਂ ਦੇ ਜਥੇ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਮੀਤ ਸਿੰਘ ਬੂਹ ਤੇ ਮੁੱਖ ਸਕੱਤਰ ਡਾ. ਰੂਪ ਸਿੰਘ ਰਾਹੀਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਨਗਰ ਕੀਰਤਨ ਸਬੰਧੀ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਤਾਰਾ ਸਿੰਘ ਨੂੰ ਪੱਤਰ ਭੇਜਿਆ ਗਿਆ ਸੀ। ਇਸ ਮਗਰੋਂ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਤਾਰਾ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਭੇਜੇ ਪੱਤਰ ਰਾਹੀਂ ਹਰ ਤਰ੍ਹਾਂ ਦੇ ਸਹਿਯੋਗ ਦੀ ਵਚਨਬਧਤਾ ਪ੍ਰਗਟਾਈ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ. ਤਾਰਾ ਸਿੰਘ ਵੱਲੋਂ ਭੇਜੇ ਪੱਤਰ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਨਗਰ ਕੀਰਤਨ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ 550 ਸ਼ਰਧਾਲੂਆਂ ਦਾ ਇਕ ਵਿਸ਼ੇਸ਼ ਜਥਾ ਪਾਕਿਸਤਾਨ ਭੇਜਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਪਾਕਿਸਤਾਨ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸ. ਤਾਰਾ ਸਿੰਘ ਦਾ ਜਵਾਬੀ ਪੱਤਰ ਉਨ੍ਹਾਂ ਨੂੰ ਮਿਲਿਆ ਹੈ, ਜਿਸ ਵਿਚ ਸਹਿਯੋਗ ਦੀ ਭਾਵਨਾ ਪ੍ਰਗਟਾਈ ਗਈ ਹੈ। ਉਨ੍ਹਾਂ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਿੱਘੇ ਹੁੰਗਾਰੇ 'ਤੇ ਤਸੱਲੀ ਪ੍ਰਗਟਾਈ। ਭਾਈ ਲੌਂਗੋਵਾਲ ਨੇ ਆਖਿਆ ਕਿ ਦੋਹਾਂ ਦੇਸ਼ਾਂ ਦੀਆਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਸਜਾਇਆ ਜਾਣ ਵਾਲਾ ਇਹ ਨਗਰ ਕੀਰਤਨ ਇਤਿਹਾਸਕ ਹੋਵੇਗਾ। ਇਸ ਵਿਚ ਸਿੰਘ ਸਾਹਿਬਾਨ, ਤਖ਼ਤ ਸਾਹਿਬਾਨ ਦੇ ਜਥੇਦਾਰ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਤਖ਼ਤ ਸ੍ਰੀ ਪਟਨਾ ਸਾਹਿਬ ਕਮੇਟੀ, ਸਿੱਖ ਸੰਪਰਦਾਵਾਂ, ਸਿੰਘ ਸਭਾਵਾਂ, ਜੰਮੂ ਕਸ਼ਮੀਰ ਤੇ ਹੋਰ ਰਾਜਾਂ ਦੇ ਸਿੱਖ ਪ੍ਰਤੀਨਿਧ ਸ਼ਾਮਲ ਹੋਣਗੇ। ਉਨ੍ਹਾਂ ਦੱਸਿਆ ਕਿ ਪਾਕਿਸਤਾਨ ਦੇ ਸਿੱਖ ਆਗੂ ਨੇ ਇਸ ਅੰਤਰਰਾਸ਼ਟਰੀ ਨਗਰ ਕੀਰਤਨ ਲਈ ਸ਼ਰਧਾਲੂਆਂ ਨੂੰ ਵੀਜ਼ਾ ਦਿਵਾਉਣ ਤੋਂ ਲੈ ਕੇ ਹਰ ਤਰ੍ਹਾਂ ਦੇ ਪ੍ਰਬੰਧਕੀ ਸਹਿਯੋਗ ਦੇਣ ਦੀ ਵਚਨਬਧਤਾ ਵੀ ਪ੍ਰਗਟਾਈ ਹੈ।

ਪਾਕਿਸਤਾਨ ਗਏ ਸਿੱਖ ਸ਼ਰਧਾਲੂਆਂ ਦੇ ਜਥੇ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਮੀਤ ਸਿੰਘ ਬੂਹ ਅਤੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਈ.ਟੀ.ਪੀ.ਬੀ. ਦੇ ਦਫ਼ਤਰ ਵਿਖੇ ਬੋਰਡ ਦੇ ਸਕੱਤਰ ਤਾਰਿਕ ਵਜੀਰ ਖਾਂ ਅਤੇ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਤਾਰਾ ਸਿੰਘ ਨਾਲ ਮੁਲਾਕਾਤ ਕੀਤੀ। ਇਸ ਮੌਕੇ ਸਾਬਕਾ ਐਮ.ਪੀ. ਸ. ਰਮੇਸ਼ ਸਿੰਘ ਅਰੋੜਾ ਵੀ ਮੌਜੂਦ ਸਨ। ਇਸ ਦੌਰਾਨ ਪਾਕਿਸਤਾਨ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸ. ਤਾਰਾ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਾਂ ਪੱਤਰ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨੂੰ ਸੌਂਪਿਆ।

ਡਾ. ਰੂਪ ਸਿੰਘ ਨੇ ਦੱਸਿਆ ਕਿ ਇਸ ਇਕੱਤਰਤਾ ਦੌਰਾਨ ਨਗਰ ਕੀਰਤਨ ਦੇ ਪ੍ਰਬੰਧਾਂ ਸਬੰਧੀ ਗੰਭੀਰਤਾ ਨਾਲ ਵਿਚਾਰ-ਚਰਚਾ ਕੀਤੀ ਗਈ ਹੈ। ਉਨ੍ਹਾਂ ਪਾਕਿਸਤਾਨ ਸਰਕਾਰ ਅਤੇ ਸਥਾਨਕ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਹਿਯੋਗ ਪ੍ਰਗਟਾਉਣ ਲਈ ਧੰਨਵਾਦ ਕੀਤਾ।

# ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨੇ ਮਾਲਵਾ ਜੋਨ ਵਿਚ ਪੈਂਦੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਨਾਲ ਕੀਤੀ ਇਕੱਤਰਤਾ



ਤਲਵੰਡੀ ਸਾਬੋ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਵਾਲੇ ਮਾਲਵਾ ਜੋਨ ਵਿਚ ਪੈਂਦੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਨਾਲ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) ਵਿਖੇ ਵਿਸ਼ੇਸ਼ ਇਕੱਤਰਤਾ ਕਰਕੇ ਜਿਥੇ ਪ੍ਰਬੰਧਕੀ ਨਿਰਦੇਸ਼ ਦਿੱਤੇ, ਉਥੇ ਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਬੰਧੀ ਵੱਧ ਤੋਂ ਵੱਧ ਸੰਗਤਾਂ ਨੂੰ ਜਾਗਰੂਕ ਕਰਨ ਦੀ ਪ੍ਰੇਰਣਾ ਕੀਤੀ।

ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ ਤੇ ਵਧੀਕ ਸਕੱਤਰ ਡਾ. ਪਰਮਜੀਤ ਸਿੰਘ ਸਰੋਆ ਨੇ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਨੂੰ ਗੁਰੂ ਘਰਾਂ ਅੰਦਰ ਸਾਫ ਸਫਾਈ ਅਤੇ ਸੰਗਤੀ ਸਹੂਲਤਾਂ ਵੱਲ ਉਚੇਚਾ ਧਿਆਨ ਦੇਣ ਲਈ ਕਿਹਾ। ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨੇ ਪ੍ਰੇਰਣਾ ਕੀਤੀ ਕਿ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਦਾ ਸੰਗਤ ਨਾਲ ਸਿੱਧਾ ਰਾਬਤਾ ਹੁੰਦਾ ਹੈ ਅਤੇ ਉਹ ਸੰਗਤ ਨੂੰ 550ਵੇਂ ਪ੍ਰਕਾਸ਼ ਪੁਰਬ ਸਬੰਧੀ ਹੋਣ ਵਾਲੇ ਵੱਖ-ਵੱਖ ਸਮਾਗਮਾਂ ਵਿਚ ਭਰਪੂਰ ਸ਼ਮੂਲੀਅਤ ਕਰਨ ਲਈ ਪ੍ਰੇਰਤ ਕਰਨ। ਇਸ ਤੋਂ ਇਲਾਵਾ ਹਰ ਗੁਰਦੁਆਰਾ ਸਾਹਿਬ ਅੰਦਰ ਮਹੀਨੇ ਵਿਚ ਇਕ ਗੁਰਮਤਿ ਸਮਾਗਮ ਕਰਵਾਇਆ ਜਾਵੇ ਅਤੇ ਸਵੇਰੇ ਸ਼ਾਮ ਕੀਤੀ ਜਾਣ ਵਾਲੀ ਕਥਾ ਦੌਰਾਨ ਵੀ 550ਵੇਂ ਪ੍ਰਕਾਸ਼ ਪੁਰਬ ਸਬੰਧੀ ਸੰਗਤ ਨੂੰ ਜਾਗਰੂਕ ਕੀਤਾ ਜਾਵੇ। ਇਸ ਮੌਕੇ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਨੂੰ ਸਾਰੇ ਸਟਾਫ ਸਮੇਤ ਗੁਰੂ ਘਰਾਂ ਅੰਦਰ ਤਨਦੇਹੀ ਨਾਲ ਸੇਵਾ ਨਿਭਾਉਣ ਦੇ ਨਿਰਦੇਸ਼ ਵੀ ਦਿੱਤੇ ਗਏ ਅਤੇ ਵਾਤਾਵਰਨ ਦੀ ਸਾਂਭ-ਸੰਭਾਲ ਲਈ ਵੀ ਉਚੇਚੇ ਯਤਨ ਕਰਨ ਲਈ ਆਖਿਆ। ਇਸ ਮੌਕੇ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਵੱਲੋਂ ਵੀ ਪ੍ਰਬੰਧਾਂ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ।

# ਹਲਕਾ ਤਲਵੰਡੀ ਸਾਬੋ ਦੇ ਪਿੰਡਾਂ ਅੰਦਰ ਲਗਾਏ ਗੁਰਮਤਿ ਕੈਂਪਾਂ ਦਾ ਸਨਮਾਨ ਸਮਾਰੋਹ ਹੋਇਆ

## ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਬੱਚਿਆਂ ਨੂੰ ਲੈਪਟਾਪ, ਸਾਈਕਲ ਤੇ ਮੈਡਲ ਦੇ ਕੇ ਕੀਤਾ ਸਨਮਾਨਿਤ



ਤਲਵੰਡੀ ਸਾਬੋ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ ਪੁਰਬ ਨੂੰ ਸਮਰਪਿਤ ਹਲਕਾ ਤਲਵੰਡੀ ਸਾਬੋ (ਬਠਿੰਡਾ) ਦੇ ਪਿੰਡਾਂ ਅੰਦਰ ਲਗਾਏ ਗਏ ਗੁਰਮਤਿ ਕੈਂਪਾਂ ਦਾ ਸਨਮਾਨ ਸਮਾਗਮ ਗੁਰਦੁਆਰਾ ਗੋਸਾਈਆਣਾ ਪਾਤਸ਼ਾਹੀ ਦੱਸਵੀਂ ਪਥਰਾਲਾ ਵਿਖੇ ਹੋਇਆ। ਇਹ ਕੈਂਪ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਮੋਹਨ ਸਿੰਘ ਬੰਗੀ ਵੱਲੋਂ ਲਗਾਏ ਗਏ ਸਨ, ਜਿਨ੍ਹਾਂ ਵਿਚ ਬੱਚਿਆਂ ਨੂੰ ਗੁਰਬਾਣੀ, ਸਿੱਖ ਇਤਿਹਾਸ ਅਤੇ ਗੁਰਮਤਿ ਦੀ ਰਹਿਣੀ ਸਬੰਧੀ ਪ੍ਰੇਰਣਾ ਕੀਤੀ ਗਈ। ਅੱਜ ਹੋਏ ਸਨਮਾਨ ਸਮਾਗਮ ਸਮੇਂ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਕੈਂਪਾਂ ਦੌਰਾਨ ਵਧੀਆ ਕਾਰਗੁਜਾਰੀ ਦਿਖਾਉਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸਿੱਖ ਬੱਚਿਆਂ ਨੇ ਨੌਜਵਾਨਾਂ ਨੂੰ ਗੁਰਮਤਿ ਨਾਲ ਜੋੜਨਾ ਬੇਹੱਦ ਜਰੂਰੀ ਹੈ ਕਿਉਂਕਿ ਇਹ ਕੌਮ ਦਾ ਭਵਿੱਖ ਹਨ ਅਤੇ ਇਨ੍ਹਾਂ ਨੇ ਹੀ ਅਗਲੇਰੇ ਸਮਿਆਂ ਅੰਦਰ ਕੌਮ ਦੀ ਅਗਵਾਈ ਕਰਨੀ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਮੋਹਨ ਸਿੰਘ ਬੰਗੀ ਵੱਲੋਂ ਹਲਕੇ ਅੰਦਰ ਲਗਾਏ ਗੁਰਮਤਿ ਕੈਂਪਾਂ ਨੂੰ ਸ਼ਲਾਘਾਯੋਗ ਕਰਾਰ ਦਿੱਤਾ ਅਤੇ ਆਸ ਪ੍ਰਗਟਾਈ ਕਿ ਇਨ੍ਹਾਂ ਕੈਂਪਾਂ ਦੌਰਾਨ ਬੱਚਿਆਂ ਨੂੰ ਗੁਰਸਿੱਖੀ ਸਬੰਧੀ ਦ੍ਰਿੜ੍ਹ ਕਰਵਾਈ ਗਈ ਸਿੱਖਿਆ ਨਾਲ ਉਹ ਸਿੱਖ ਜੀਵਨ ਜਾਚ ਨਾਲ ਜੁੜਨਗੇ। ਇਦ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਮੋਹਨ ਸਿੰਘ ਬੰਗੀ ਨੇ ਕੈਂਪਾਂ ਦੌਰਾਨ ਸਹਿਯੋਗ ਦੇਣ ਲਈ ਹਲਕੇ ਦੇ ਗੁਰੂ ਘਰਾਂ ਦੇ ਪ੍ਰਬੰਧਕਾਂ, ਗ੍ਰੰਥੀਆਂ ਤੇ ਸੰਗਤਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਕੈਂਪ ਨਿਰੰਤਰ ਜਾਰੀ ਰੱਖੇ ਜਾਣਗੇ ਅਤੇ ਸਮੇਂ ਸਮੇਂ 'ਤੇ ਸਕੂਲਾਂ ਅੰਦਰ ਵੀ ਬੱਚਿਆਂ ਤੱਕ ਪ੍ਰਚਾਰਕਾਂ ਦੁਆਰਾ ਰਾਬਤਾ ਬਣਾਇਆ ਜਾਵੇਗਾ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਕੈਂਪਾਂ ਲਈ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ।

ਇਥੇ ਦੱਸਣਯੋਗ ਹੈ ਕਿ ਹਲਕਾ ਤਲਵੰਡੀ ਸਾਬੋ ਦੇ ਪਿੰਡਾਂ ਅੰਦਰ ਲਗਾਏ ਗਏ ਗੁਰਮਤਿ ਕੈਂਪਾਂ ਸਮੇਂ ਗੁਰਮਤਿ ਸਬੰਧੀ ਲਈ ਗਈ ਲਿਖਤੀ ਪ੍ਰੀਖਿਆ ਵਿੱਚੋਂ ਅੱਵਲ ਆਉਣ ਵਾਲੇ ਬੱਚਿਆਂ ਦਾ ਮੁੱਖ ਸਮਾਗਮਤ ਤੋਂ ਪਹਿਲਾਂ ਫਾਈਨਲ ਪੇਪਰ ਲਿਆ ਗਿਆ, ਜਿਸ ਵਿੱਚੋਂ ਪੁਜੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਵੱਡੇ ਇਨਾਮ ਦਿੱਤੇ ਗਏ। ਇਹ ਪੇਪਰ ਦੋ ਦਰਜਿਆਂ ਵਿਚ ਵੰਡ ਕੇ ਲਏ ਗਏ। ਪਹਿਲੇ ਦਰਜੇ ਵਿੱਚੋਂ ਨਵਦੀਪ ਸਿੰਘ ਸਪੁੱਤਰ ਸ੍ਰ: ਹਰਜਿੰਦਰ ਸਿੰਘ ਵਾਸੀ ਰਾਮਾਂ ਮੰਡੀ ਨੇ ਪਹਿਲਾ ਸਥਾਨ ਅਤੇ ਹਰਨੂਰ ਕੌਰ ਸਪੁੱਤਰੀ ਸ੍ਰ: ਭੁਪਿੰਦਰ ਸਿੰਘ ਵਾਸੀ ਕੈਲੇ ਵਾਂਦਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ ਜਿਨ੍ਹਾਂ ਨੂੰ ਇਨਾਮ ਵਜੋਂ ਲੈਪਟਾਪ ਦਿੱਤੇ ਗਏ। ਇਸੇ ਦਰਜੇ ਵਿੱਚੋਂ ਹੀ ਅਨਮੋਲ ਕੌਰ ਸਪੁੱਤਰੀ ਸ੍ਰ: ਗੁਰਮੀਤ ਸਿੰਘ ਵਾਸੀ ਸੇਖੂ ਨੇ ਤੀਜਾ ਸਥਾਨ ਪ੍ਰਾਪਤ ਕਰ ਸਾਇਕਲ ਜਿੱਤਿਆ। ਦੂਜੇ ਦਰਜੇ ਵਿੱਚੋਂ ਸੁਖਪ੍ਰੀਤ ਕੌਰ ਸਪੁੱਤਰੀ ਸ੍ਰ: ਜਗਤਾਰ ਸਿੰਘ ਵਾਸੀ ਮਛਾਣਾ ਨੇ ਪਹਿਲਾ ਅਤੇ ਧਰਮਪ੍ਰੀਤ ਸਿੰਘ ਸਪੁੱਤਰ ਸ੍ਰ: ਜਗਤਾਰ ਸਿੰਘ ਵਾਸੀ ਫੁੱਲੋ ਮਿੱਠੀ ਨੇ ਦੂਜਾ ਸਥਾਨ ਪ੍ਰਾਪਤ ਕਰ ਲੈਪਟਾਪ ਪ੍ਰਾਪਤ ਕੀਤਾ। ਇਸੇ ਤਰ੍ਹਾਂ ਤੀਜਾ ਸਥਾਨ ਪ੍ਰਾਪਤ ਕਰਨ ਵਾਲੀ ਸਤਵੀਰ ਕੌਰ ਸਪੁੱਤਰੀ ਸ੍ਰ: ਗੁਰਮੀਤ ਸਿੰਘ ਵਾਸੀ ਫੱਲੜ ਨੂੰ ਸਾਇਕਲ ਦਾ ਇਨਾਮ ਦਿੱਤਾ ਗਿਆ। ਇਸ ਤੋਂ ਇਲਵਾ ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਵੀ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਕੈਂਪਾਂ ਦੌਰਾਨ ਸਹਿਯੋਗ ਦੇਣ ਲਈ ਪਿੰਡਾਂ ਦੀਆਂ ਗੁਰਦੁਆਰਾ ਕਮੇਟੀਆਂ ਨੂੰ ਸਿਰੋਪਾਓ ਅਤੇ ਗ੍ਰੰਥੀ ਸਿੰਘਾਂ ਨੂੰ ਦਸਤਾਰਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜਥੇਦਾਰ ਜਗਸੀਰ ਸਿੰਘ ਜੀ ਮਾਂਗੇਆਣਾ ਮੈਂਬਰ ਸ੍ਰੋਮਣੀ ਕਮੇਟੀ, ਸ੍ਰ: ਕਰਨ ਸਿੰਘ ਮੈਨੇਜਰ ਤਖਤ ਸ੍ਰੀ ਦਮਦਮਾ ਸਾਹਿਬ, ਭਾਈ ਗੁਰਜੰਟ ਸਿੰਘ ਹੈਡ ਗ੍ਰੰਥੀ ਤਖਤ ਸਾਹਿਬ, ਸ੍ਰ: ਭੋਲਾ ਸਿੰਘ ਇੰਚਾਰਜ ਆਦਿ ਹਾਜਰ ਸਨ।

# ਮੋਹਾਲੀ ਦੇ ਗੁਰਦੁਆਰਾ ਸਾਚਾ ਧੰਨ ਸਾਹਿਬ ਤੇ ਹੋਰ ਗੁਰਦੁਆਰਾ ਸਾਹਿਬਾਨ ਵਿਖੇ ਗੁਰਮਤਿ ਕੈਂਪ ਲਗਾਏ



ਮੋਹਾਲੀ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਗਰਮੀਆਂ ਦੀਆ ਛੁੱਟੀਆਂ ਦੌਰਾਨ ਦੇਸ਼ ਭਰ ਵਿੱਚ ਬੱਚਿਆਂ ਦੇ ਗੁਰਮਤਿ ਸਿਖਲਾਈ ਕੈਂਪ ਲਗਾਏ ਜਾ ਰਹੇ ਹਨ। ਇਸੇ ਲੜੀ ਤਹਿਤ ਮੋਹਾਲੀ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਬੀਬੀ ਪਰਮਜੀਤ ਕੌਰ ਲਾਂਡਰਾ ਦੇ ਉਪਰਾਲੇ ਅਤੇ ਸਮੂਹ ਗੁਰਦੁਆਰਾ ਤਾਲਮੇਲ ਕਮੇਟੀਆਂ ਦੇ ਸਹਿਯੋਗ ਨਾਲ ਮੁਹਾਲੀ ਦੇ ਵੱਖ-ਵੱਖ ਸਥਾਨਾ ਤੇ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਏ ਗਏ।

ਗੁਰਦੁਆਰਾ ਸਾਚਾ ਧੰਨ ਸਾਹਿਬ, ਗੁਰਦੁਆਰਾ ਸਾਹਿਬਜਾਦਾ ਅਜੀਤ ਸਿੰਘ ਫੇਸ 2 ਤੇ ਗੁਰਦੁਆਰਾ ਕਲਗੀਧਰ ਸਾਹਿਬ ਫੇਸ 4 ਵਿਚ ਲਗਾਏ ਗਏ ਗੁਰਮਤਿ ਕੈਂਪ ਵਿਚ ਸੈਂਕੜੇ ਬੱਚਿਆਂ ਨੇ ਭਾਗ ਲਿਆ। ਗੁਰਮਤਿ ਕੈਂਪ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਰਾਜਪਾਲ ਸਿੰਘ ਮੋਹਾਲੀ ਨੇ ਬੱਚਿਆਂ ਨੂੰ ਗੁਰਮਤਿ ਸਿਧਾਂਤਾਂ ਦੀ ਜਾਣਕਾਰੀ ਦਿੱਤੀ। ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਦੇ ਧਾਰਮਿਕ ਮੁਕਾਬਲੇ ਵੀ ਕਰਵਾਏ ਗਏ ਜਿਸ ਵਿਚ ਪਹਿਲੇ, ਦੂਜੇ ਤੇ ਤੀਜੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ।

ਇਨ੍ਹਾਂ ਕੈਂਪਾਂ ਦੌਰਾਨ ਸਮੂਹ ਗੁਰਦੁਆਰਾ ਤਾਲਮੇਲ ਕਮੇਟੀ ਦੇ ਪ੍ਰਧਾਨ ਸ. ਜੋਗਿੰਦਰ ਸਿੰਘ ਸੋਧੀ, ਸ. ਮਨਜੀਤ ਸਿੰਘ ਮਾਨ ਮੀਤ ਪ੍ਰਧਾਨ, ਸ. ਪਰਮਜੀਤ ਸਿੰਘ ਜਨਰਲ ਸਕੱਤਰ, ਸ. ਮਨਜੀਤ ਸਿੰਘ ਤੇ ਸ. ਮਨਜੀਤ ਸਿੰਘ ਭੱਲਾ ਇੰਚਾਰਜ ਨੇ ਵਿਸ਼ੇਸ਼ ਸਹਿਯੋਗ ਕੀਤਾ।


ੴ ਸਤਿਗੁਰ ਪ੍ਰਸਾਦਿ॥

ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਧ ਜਗ ਚਾਨਣ ਹੋਆ॥

ਜਗਤ ਗੁਰੂ, ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ

ਸੋਨੇ ਅਤੇ ਚਾਂਦੀ ਦੇ ਯਾਦਗਾਰੀ ਸਿੱਕੇ



ਦਸ, ਪੰਜ ਤੇ ਢਾਈ ਗ੍ਰਾਮ | ਪੰਜਾਹ ਤੇ ਪੰਝੀ ਗ੍ਰਾਮ

ਦਫ਼ਤਰ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਤੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਪ੍ਰਾਪਤ ਕਰ ਸਕਦੇ ਹੋ।

ਵਧੇਰੇ ਜਾਣਕਾਰੀ ਲਈ ਸੰਪਰਕ ਨੰਬਰ 0183-2553956 ਐਕਸ ਨੰ: 314




ਗੁਰਦਵਾਰਾ ਸਾਹਿਬ ਪਾਤਸ਼ਾਹੀ ਦਸਵੀਂ ਪਿੰਡ ਹੇਰਾਂ ਨਾਲ ਅਟੈਚ ਗੁਰਦਵਾਰਾ ਵਿਛੋੜਾ ਸਾਹਿਬ ਪਿੰਡ ਰਣਸੀਂਹ ਕਲਾਂ ਮੋਗਾ ਵਿਖੇ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੋਂ ਆਏ ਪੰਜ ਪਿਆਰੇ ਸਾਹਿਬਾਨ ਵਲੋਂ ਤਿਆਰ ਕੀਤੇ ਅੰਮ੍ਰਿਤ ਦੇ ਬਾਟੇ ਤੋਂ 68 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਇਸ ਸਮਾਗਮ ਲਈ ਮੈਨੇਜਰ ਸ. ਨਿਰਭੈ ਸਿੰਘ ਹੇਰਾਂ, ਪ੍ਰਚਾਰਕ ਭਾਈ ਬਲਵਿੰਦਰ ਸਿੰਘ ਤੇ ਭਾਈ ਜਗਸੀਰ ਸਿੰਘ ਰੌਂਤਾ ਨੇ ਅਹਿਮ ਜਿੰਮੇਵਾਰੀ ਨਿਭਾਈ।